Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More Info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 97 Chief Editor : Chowdhary Prabhjit Singh, Editor : Chhatarpal Singh 98146-32807, Wednesday 30 September 2026 Price : 2 Rs. Page : 6

## ਗਿਆਨੀ ਕੁਲਦੀਪ ਸਿੰਘ ਗੜਗੱਜ, ਗਿਆਨੀ ਟੇਕ ਸਿੰਘ ਤੇ ਐਡਵੋਕੇਟ ਧਾਮੀ ਵੱਲੋਂ ਪਟਿਆਲਾ ਜੇਲ੍ਹ ਵਿੱਚ ਭਾਈ ਬਲਵੰਤ ਸਿੰਘ ਰਾਜੋਆਣਾ ਨਾਲ ਮੁਲਾਕਾਤ

### ਲੰਮੇ ਸਮੇਂ ਤੋਂ ਲਟਕਦੇ ਮਾਮਲੇ ’ਤੇ ਭਾਈ ਰਾਜੋਆਣਾ ਦੀਆਂ ਭਾਵਨਾਵਾਂ ਅਨੁਸਾਰ ਫ਼ੈਸਲੇ ਦੀ ਆਖੀ ਗੱਲ

ਪਟਿਆਲਾ, 29 ਸਤੰਬਰ
-ਛਤਰਪਾਲ ਸਿੰਘ-

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੇਂਦਰੀ ਜੇਲ੍ਹ ਪਟਿਆਲਾ ਵਿੱਚ ਫਾਂਸੀ ਦੀ ਸਜ਼ਾ ਦਾ ਸਾਹਮਣਾ ਕਰ ਰਹੇ ਭਾਈ ਬਲਵੰਤ ਸਿੰਘ ਰਾਜੋਆਣਾ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀ ਸਿਹਤ ਅਤੇ ਹਾਲਾਤ ਬਾਰੇ ਜਾਣਕਾਰੀ ਲਈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ ਵੀ ਮੌਜੂਦ ਸਨ। ਮੁਲਾਕਾਤ ਮਗਰੋਂ ਮੀਡੀਆ ਨਾਲ ਗੱਲ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਿੱਖ ਇਤਿਹਾਸ ਵਿੱਚ ਹਾਕਮਾਂ ਵੱਲੋਂ ਜਾਨ ਬਖ਼ਸ਼ੀ ਲਈ ਰੱਖੀਆਂ ਸ਼ਰਤਾਂ ਅੱਗੇ ਸਿੱਖਾਂ ਨੇ ਕਦੇ ਈਨ ਨਹੀਂ ਮੰਨੀ, ਸਗੋਂ ਸ਼ਹਾਦਤ ਨੂੰ ਪ੍ਰਵਾਨ ਕੀਤਾ ਹੈ। ਭਾਈ ਬਲਵੰਤ ਸਿੰਘ ਰਾਜੋਆਣਾ ਵੀ ਇਸੇ ਸਿੱਖ ਪਰੰਪਰਾ ’ਤੇ ਪਹਿਰਾ ਦਿੰਦਿਆਂ ਸਪੱਸ਼ਟ ਕਹਿ ਰਹੇ ਹਨ ਕਿ ਉਨ੍ਹਾਂ ਨੂੰ ਜਾਨ ਬਖ਼ਸ਼ੀ ਦੀ ਭੀਖ ਨਹੀਂ ਚਾਹੀਦੀ।



ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਗੁਰਪੁਰਬ ਮੌਕੇ ਸਾਲ 2019 ਵਿੱਚ ਭਾਈ ਰਾਜੋਆਣਾ ਸਬੰਧੀ ਕੀਤੇ ਆਪਣੇ ਐਲਾਨ ਨੂੰ ਅਜੇ ਤੱਕ ਲਾਗੂ ਨਹੀਂ ਕਰ ਰਹੀ। ਛੇ ਸਾਲ ਤੋਂ ਵੱਧ ਸਮਾਂ ਬੀਤਣ ਅਤੇ ਸੁਪਰੀਮ ਕੋਰਟ ਵਿੱਚ ਇਸ ਮਾਮਲੇ ਸਬੰਧੀ 41 ਤਰੀਕਾਂ ਪੈਣ ਦੇ ਬਾਵਜੂਦ ਸਰਕਾਰ ਵੱਲੋਂ ਕੋਈ ਅੰਤਿਮ ਫ਼ੈਸਲਾ ਨਾ ਲੈਣਾ ਗੰਭੀਰ ਮਾਮਲਾ ਹੈ। ਉਨ੍ਹਾਂ ਕਿਹਾ ਕਿ 32 ਸਾਲਾਂ ਤੋਂ ਨਜ਼ਰਬੰਦ ਭਾਈ ਰਾਜੋਆਣਾ ਦਾ ਮਾਮਲਾ ਹੋਰ ਲਟਕਾਉਣ ਦੀ ਬਜਾਏ ਸਰਕਾਰ ਨੂੰ ਤੁਰੰਤ ਨਿਰਣਾ ਲੈਣਾ ਚਾਹੀਦਾ ਹੈ।

ਜਥੇਦਾਰ ਗੜਗੱਜ ਨੇ ਕਿਹਾ ਕਿ ਭਾਈ ਰਾਜੋਆਣਾ ਪੂਰੀ ਚੜ੍ਹਦੀ ਕਲਾ ਵਿੱਚ ਹਨ ਅਤੇ ਗੁਰੂ ਨਾਲ ਜੁੜੇ ਹੋਏ ਹਨ। ਭਾਈ ਰਾਜੋਆਣਾ ਨੇ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਦੇ ਮੌਲਿਕ ਅਧਿਕਾਰਾਂ ਸਬੰਧੀ ਵੀ ਚਿੰਤਾ ਪ੍ਰਗਟ ਕੀਤੀ, ਜਿਨ੍ਹਾਂ ਨੂੰ ਉਨ੍ਹਾਂ ਦੀ ਬਜ਼ੁਰਗ ਤੇ ਬੀਮਾਰ ਮਾਤਾ ਨਾਲ ਮਿਲਣ ਲਈ ਪੈਰੋਲ ਤੱਕ ਨਹੀਂ ਦਿੱਤੀ ਜਾ ਰਹੀ। ਉਨ੍ਹਾਂ ਕਿਹਾ ਕਿ ਇਹ ਸਰਕਾਰਾਂ ਵੱਲੋਂ ਸਿੱਖਾਂ ਨਾਲ ਵੱਡਾ ਅਨਿਆਂ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਭਾਈ ਰਾਜੋਆਣਾ ਦੇ ਮਾਮਲੇ ਵਿੱਚ ਸਮੇਂ ਸਿਰ ਫ਼ੈਸਲਾ ਨਾ ਕੀਤਾ ਤਾਂ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਕਰਕੇ ਅਗਲੀ ਕਾਰਵਾਈ ਲਈ ਰਾਹ ਖੋਲ੍ਹਿਆ ਜਾਵੇਗਾ ਅਤੇ ਭਾਈ ਰਾਜੋਆਣਾ ਦੀਆਂ ਭਾਵਨਾਵਾਂ ਅਨੁਸਾਰ ਵਿਚਾਰ ਕੀਤਾ ਜਾਵੇਗਾ। 2 ਅਕਤੂਬਰ ਨੂੰ ਬੰਦੀ ਸਿੰਘਾਂ ਦੀ ਰਿਹਾਈ ਲਈ ਕੀਤੇ ਜਾ ਰਹੇ ਮਾਰਚ ਬਾਰੇ ਉਨ੍ਹਾਂ ਕਿਹਾ ਕਿ ਜਿਵੇਂ ਸ਼੍ਰੋਮਣੀ ਕਮੇਟੀ ਨੇ ਕੌਮੀ ਇਨਸਾਫ਼ ਮੋਰਚੇ ਦਾ ਸਮਰਥਨ ਕੀਤਾ ਹੈ, ਸ੍ਰੀ ਅਕਾਲ ਤਖ਼ਤ ਸਾਹਿਬ ਵੀ ਇਸ ਦਾ ਪੂਰਨ ਸਮਰਥਨ ਕਰਦਾ ਹੈ। ਉਨ੍ਹਾਂ ਮੀਡੀਆ ਨੂੰ ਵੀ ਅਪੀਲ ਕੀਤੀ ਕਿ ਬੰਦੀ ਸਿੰਘਾਂ ਦੇ ਮਨੁੱਖੀ ਅਧਿਕਾਰਾਂ ਨਾਲ ਸਬੰਧਤ ਮਾਮਲਿਆਂ ਨੂੰ ਖੁੱਲ੍ਹ ਕੇ ਉਭਾਰਿਆ ਜਾਵੇ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜਿਸ ਧਰਤੀ ’ਤੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨੇ ਧਾਰਮਿਕ ਆਜ਼ਾਦੀ ਲਈ ਸ਼ਹਾਦਤ ਦਿੱਤੀ, ਉਸੇ ਮੁਲਕ ਵਿੱਚ ਸਿੱਖ ਬੰਦੀਆਂ ਨੂੰ ਆਪਣੇ ਪਰਿਵਾਰਾਂ ਅਤੇ ਮਾਵਾਂ ਨਾਲ ਮਿਲਣ ਲਈ ਵੀ ਲੰਮਾ ਇੰਤਜ਼ਾਰ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਨੂੰ ਬੰਦੀ ਸਿੰਘਾਂ ਦੇ ਮਾਮਲਿਆਂ ਵਿੱਚ ਬਿਨਾਂ ਦੇਰੀ ਨਿਆਂਸੰਗਤ ਅਤੇ ਮਨੁੱਖੀ ਪੱਖ ਨੂੰ ਧਿਆਨ ਵਿੱਚ ਰੱਖਦਿਆਂ ਫ਼ੈਸਲੇ ਕਰਨੇ ਚਾਹੀਦੇ ਹਨ।

ਇਸੇ ਦੌਰਾਨ ਮੀਡੀਆ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਪਿਛਲੇ ਕਰੀਬ 32 ਸਾਲਾਂ ਤੋਂ ਜੇਲ੍ਹ ਵਿੱਚ ਬੰਦ ਹਨ ਅਤੇ ਉਨ੍ਹਾਂ ਨੂੰ ਫਾਂਸੀ ਦੀ ਚੱਕੀ ਵਿੱਚ ਬੈਠਿਆਂ ਵੀ 19 ਸਾਲ ਤੋਂ ਵੱਧ ਦਾ ਸਮਾਂ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵਲੋਂ ਦਾਇਰ ਕੀਤੀ ਗਈ ਪਟੀਸ਼ਨ ਦੇ ਜਲਦ ਨਿਪਟਾਰੇ ਲਈ ਭਾਈ ਸਾਹਿਬ ਨੇ ਵਿਸ਼ੇਸ਼ ਤੌਰ ’ਤੇ ਆਖਿਆ ਹੈ। ਉਨ੍ਹਾਂ ਕਿਹਾ ਕਿ ਭਾਈ ਰਾਜੋਆਣਾ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਜੋ ਵੀ ਕੌਮੀ ਸੇਵਾ ਕੀਤੀ ਹੈ, ਉਹ ਬਿਲਕੁਲ ਠੀਕ ਕੀਤੀ ਹੈ ਅਤੇ ਇਸ ਲਈ ਉਹ ਕਿਸੇ ਕਿਸਮ ਦੀ ਮਾਫ਼ੀ ਦੀ ਮੰਗ ਨਹੀਂ ਕਰ ਰਹੇ।

ਐਡਵੋਕੇਟ ਧਾਮੀ ਨੇ ਕਿਹਾ ਸ਼ਹਾਦਤ ਸਿੱਖ ਪੰਥ ਦੀ ਜਿੰਦ-ਜਾਨ ਹੈ, ਬੰਦਾ ਜੰਮਦਾ ਹੈ ਤੇ ਇੱਕ ਦਿਨ ਅਕਾਲ ਚਲਾਣਾ ਕਰ ਜਾਂਦਾ ਹੈ, ਪ੍ਰੰਤੂ ਕੌਮ ਲਈ ਮਰ ਮਿਟਣਾ ਹੀ ਸਿੱਖੀ ਦਾ ਅਸਲ ਮਾਰਗ ਹੈ। ਉਨ੍ਹਾਂ ਦੱਸਿਆ ਕਿ ਭਾਈ ਰਾਜੋਆਣਾ ਨਾਲ ਸਮੁੱਚੀ ਸਥਿਤੀ ਬਾਰੇ ਵਿਸਥਾਰਪੂਰਵਕ ਵਿਚਾਰਾਂ ਹੋਈਆਂ ਹਨ ਅਤੇ ਇਸ ਸਬੰਧੀ ਬਹੁਤ ਜਲਦ ਕੋਈ ਠੋਸ ਫ਼ੈਸਲਾ ਲਿਆ ਜਾਵੇਗਾ।

## ਮੁੱਖ ਚੋਣ ਅਧਿਕਾਰੀ ਪੰਜਾਬ ਨੇ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਦੀ ਹਾਜ਼ਰੀ ਵਿੱਚ ਵੇਅਰ ਹਾਊਸ ਦਾ ਕੀਤਾ ਨਿਰੀਖਣ




ਫ਼ਤਹਿਗੜ੍ਹ ਸਾਹਿਬ, 29 ਸਤੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਚੋਣ ਅਧਿਕਾਰੀ ਪੰਜਾਬ, ਸ੍ਰੀਮਤੀ ਅਨਿੰਦਿਤਾ ਮਿੱਤਰਾ ਨੇ ਅੱਜ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ਼ ਵਿਖੇ ਸਥਿਤ ਵੇਅਰ ਹਾਊਸ ਦੀ ਵੱਖ-ਵੱਖ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਦੀ ਮੌਜੂਦਗੀ ਵਿੱਚ ਹਰ ਪਹਿਲੂ ਤੋਂ ਬਾਰੀਕੀ ਨਾਲ ਜਾਂਚ ਕੀਤੀ। ਇਸ ਮੌਕੇ ਵਿਸ਼ੇਸ ਤੌਰ ਤੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਵੀ ਮੌਜੂਦ ਸਨ।

ਮੁੱਖ ਚੋਣ ਅਧਿਕਾਰੀ, ਸ੍ਰੀਮਤੀ ਅਨਿੰਦਿਤਾ ਮਿੱਤਰਾ ਨੇ ਵੇਅਰ ਹਾਊਸ ਅੰਦਰ ਇਲੈਕਟ੍ਰੋਨਿਕ ਵੋਟਿੰਗ ਮਸ਼ੀਨ, ਵੀ.ਵੀ.ਪੈਟ, ਈ.ਵੀ.ਐਮ. ਸਟਾਕ ਰਜਿਸਟਰ, ਸਕਿਉਰਟੀ ਰੂਮ, ਸੀ.ਸੀ.ਟੀ.ਵੀ ਕੈਮਰਿਆਂ, ਫਾਇਰ ਸਿਸਟਮ, ਸਾਫ਼ ਸਫ਼ਾਈ ਆਦਿ ਦਾ ਜਾਇਜ਼ਾ ਲਿਆ। ਰਾਜਸੀ ਪਾਰਟੀਆਂ ਦੀ ਹਾਜ਼ਰੀ ਵਿੱਚ ਜਿੱਥੇ ਵੇਅਰ ਹਾਊਸ ਖੋਲ੍ਹਿਆ ਗਿਆ ਅਤੇ ਨਿਰੀਖਣ ਤੋਂ ਬਾਅਦ ਮੁੱਖ ਚੋਣ ਅਧਿਕਾਰੀ ਨੇ ਵੇਅਰ ਹਾਊਸ ਦੇ ਜਿੰਦਰੇ ਰਾਜਸੀ ਪਾਰਟੀ ਨੁਮਾਇੰਦਿਆਂ ਦੀ ਮੌਜੂਦਗੀ ਵਿੱਚ ਹੀ ਬੰਦ ਕਰਵਾ ਕੇ ਸੀਲ ਕੀਤੇ। ਉਨ੍ਹਾਂ ਵੇਅਰ ਹਾਊਸ਼ ਦੀ ਸਾਫ-ਸਫ਼ਾਈ ਅਤੇ ਚੋਣਾਂ ਨਾਲ ਸਬੰਧਤ ਰੱਖੀ ਮਸ਼ੀਨਰੀ ਅਤੇ ਹੋਰ ਸਮਾਨ ਦੇ ਰੱਖ ਰਖਾਅ ਤੇ ਤਸੱਲੀ ਪ੍ਰਗਟਾਈ।

ਇਸ ਉਪਰੰਤ ਮੁੱਖ ਚੋਣ ਅਧਿਕਾਰੀ ਪੰਜਾਬ ਸ੍ਰੀਮਤੀ ਅਨਿੰਦਿਤਾ ਮਿੱਤਰਾ ਨੇ ਸਪੈਸ਼ਲ ਇੰਟਸੈਟਿਵ ਰਿਵੀਜ਼ਨ ਦੌਰਾਨ ਵੱਖ-ਵੱਖ ਬੂਥ ਲੈਵਲ ਅਫ਼ਸਰਾਂ ਦੇ ਫਾਰਮ ਨੰਬਰ 06 ਅਤੇ 08 ਚੈਕ ਕੀਤੇ। ਉਨ੍ਹਾਂ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿਖੇ ਸਮੁੱਚੇ ਬੀ.ਐਲ.ਓਜ਼ ਵੱਲੋਂ ਐਸ.ਆਈ.ਆਰ ਦੌਰਾਨ ਨਿਭਾਈ ਡਿਊਟੀ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਅੰਦਰ ਇਸੇ ਤਰ੍ਹਾਂ ਚੋਣ ਪ੍ਰਕਿਰਿਆ ਦੇ ਕੰਮ ਨੂੰ ਹੋਰ ਸੁਚਾਰੂ ਢੰਗ ਨਾਲ ਨਿਭਾਉਣ ਲਈ ਕਿਹਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀਮਤੀ ਅਮਰਬੀਰ ਕੌਰ ਭੁੱਲਰ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਸੁਰਿੰਦਰ ਸਿੰਘ ਧਾਲੀਵਾਲ, ਐਸ.ਡੀ.ਐਮ.ਫ਼ਤਹਿਗੜ੍ਹ ਸਾਹਿਬ ਸ੍ਰੀ ਕਰੁਣ ਗੁਪਤਾ,ਐਸ.ਡੀ.ਐਮ.ਬਸੀ ਪਠਾਣਾ ਸ੍ਰੀਮਤੀ ਦੀਪਜੋਤ ਕੌਰ, ਐਸ.ਡੀ.ਐਮ. ਅਮਲੋਹ ਸ੍ਰੀਮਤੀ ਹਰਵੀਰ ਕੌਰ, ਐਸ.ਡੀ.ਐਮ.ਖਮਾਣੋਂ ਸ੍ਰੀ ਅਰਵਿੰਦ ਕੁਮਾਰ ਗੁਪਤਾ, ਤਹਿਸੀਲਦਾਰ ਚੋਣਾਂ ਸ੍ਰੀਮਤੀ ਨਿਰਮਲਾ ਰਾਣੀ,ਜ਼ਿਲ੍ਹਾ ਰੋਜਗਾਰ ਅਫਸਰ ਸ੍ਰੀ ਹਰਪ੍ਰੀਤ ਸਿੰਘ, ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਹਰਭਜਨ ਸਿੰਘ ਮਹਿਮੀ, ਸੰਦੀਪ ਸਿੰਘ ਆਮ ਆਦਮੀ ਪਾਰਟੀ, ਅਸ਼ੋਕ ਕੁਮਾਰ ਗੌਤਮ ਇੰਡੀਅਨ ਨੈਸ਼ਨਲ ਕਾਂਗਰਸ,ਮਨਜੀਤ ਸਿੰਘ ਸ਼੍ਰੋਮਣੀ ਅਕਾਲੀ ਦਲ, ਨਾਹਰ ਸਿੰਘ ਬਹੁਜਨ ਸਮਾਜ ਪਾਰਟੀ, ਵਿਨੋਦ ਕੁਮਾਰ ਸੀ.ਪੀ.ਆਈ.ਐਮ.,ਹਾਜਰ ਸਨ।

## ਧਨਾਸ ’ਚ ਥਾਰ ਚਲਾ ਰਹੀ ਕੁੜੀ ਨੇ ਬਾਈਕ ਸਵਾਰ ਨੌਜਵਾਨਾਂ ਨੂੰ ਮਾਰੀ ਟੱਕਰ; ਭੱਜਣ ਦੀ ਕੋਸ਼ਿਸ਼ ’ਚ ਗੱਡੀ ਖੰਭੇ ਨਾਲ ਟਕਰਾਈ

ਚੰਡੀਗੜ੍ਹ, 29 ਸਤੰਬਰ
-ਸੰਜੀਵ ਸਿੰਗਲਾ-

ਚੰਡੀਗੜ੍ਹ ਦੇ ਧਨਾਸ ਇਲਾਕੇ ਵਿੱਚ ਬੀਤੀ ਸੋਮਵਾਰ ਰਾਤ ਇੱਕ ਤੇਜ਼ ਰਫ਼ਤਾਰ ਲਾਲ ਰੰਗ ਦੀ ਥਾਰ ਗੱਡੀ ਵੱਲੋਂ ਮੋਟਰਸਾਈਕਲ ਸਵਾਰ ਦੋ ਨੌਜਵਾਨਾਂ ਨੂੰ ਜ਼ੋਰਦਾਰ ਟੱਕਰ ਮਾਰਨ ਦਾ ਮਾਮਲਾ ਸਾਹਮਣੇ ਆਇਆ ਹੈ। ਟੱਕਰ ਤੋਂ ਬਾਅਦ ਥਾਰ ਚਲਾ ਰਹੀ ਲੜਕੀ ਨੇ ਮੌਕੇ ਤੋਂ ਭੱਜਣ ਦੀ ਕੋਸ਼ਿਸ਼ ਕੀਤੀ, ਪਰ ਗੱਡੀ ਬੇਕਾਬੂ ਹੋ ਕੇ ਡਿਵਾਈਡਰ ’ਤੇ ਚੜ੍ਹ ਗਈ ਅਤੇ ਬਿਜਲੀ ਦੇ ਖੰਭੇ ਨਾਲ ਜਾ ਟਕਰਾਈ। ਹਾਦਸੇ ’ਚ ਜ਼ਖ਼ਮੀ ਹੋਏ ਦੋਵਾਂ ਬਾਈਕ ਸਵਾਰਾਂ ਨੂੰ ਇਲਾਜ ਲਈ ਤੁਰੰਤ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ। ਜਾਣਕਾਰੀ ਅਨੁਸਾਰ ਕੁੜੀ ਨਸ਼ੇ ਦੀ ਹਾਲਤ ਵਿੱਚ ਸੀ।



ਮੌਕੇ ’ਤੇ ਮੌਜੂਦ ਚਸ਼ਮਦੀਦਾਂ ਅਨੁਸਾਰ ਲਾਲ ਰੰਗ ਦੀ ਥਾਰ ਵਿੱਚ ਇੱਕ ਲੜਕੀ ਸਵਾਰ ਸੀ। ਜਦੋਂ ਉਸ ਨੇ ਬਾਈਕ ’ਤੇ ਜਾ ਰਹੇ ਦੋ ਨੌਜਵਾਨਾਂ ਨੂੰ ਟੱਕਰ ਮਾਰੀ ਤਾਂ ਉਸ ਨੇ ਗੱਡੀ ਭਜਾਉਣ ਦੀ ਕੋਸ਼ਿਸ਼ ਕੀਤੀ।

ਰਾਹਗੀਰਾਂ ਨੇ ਜਦੋਂ ਥਾਰ ਦਾ ਪਿੱਛਾ ਕੀਤਾ ਤਾਂ ਹੜਬੜਾਹਟ ਵਿੱਚ ਲੜਕੀ ਤੋਂ ਗੱਡੀ ਦਾ ਸੰਤੁਲਨ ਵਿਗੜ ਗਿਆ ਅਤੇ ਥਾਰ ਸੜਕ ਦੇ ਵਿਚਕਾਰ ਬਣੇ ਡਿਵਾਈਡਰ ’ਤੇ ਚੜ੍ਹਦੀ ਹੋਈ ਬਿਜਲੀ ਦੇ ਖੰਭੇ ਨਾਲ ਜਾ ਟਕਰਾਈ। ਹਾਦਸੇ ਤੋਂ ਬਾਅਦ ਲੜਕੀ ਗੱਡੀ ਦੇ ਅੰਦਰ ਹੀ ਬੈਠੀ ਰਹੀ, ਜਿਸ ਤੋਂ ਬਾਅਦ ਲੋਕਾਂ ਨੇ ਤੁਰੰਤ ਸਥਾਨਕ ਪੁਲੀਸ ਨੂੰ ਇਤਲਾਹ ਦਿੱਤੀ। ਘਟਨਾ ਦੀ ਸੂਚਨਾ ਮਿਲਦਿਆਂ ਹੀ ਪੁਲੀਸ ਟੀਮ ਮੌਕੇ ’ਤੇ ਪਹੁੰਚੀ ਅਤੇ ਥਾਰ ਗੱਡੀ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਯੁਵਤੀ ਤੋਂ ਪੁੱਛਗਿੱਛ ਸ਼ੁਰੂ ਕਰ ਦਿੱਤੀ।

ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਹਸਪਤਾਲ ’ਚ ਜ਼ਖ਼ਮੀਆਂ ਦੇ ਬਿਆਨ ਦਰਜ ਕੀਤੇ ਜਾ ਰਹੇ ਹਨ ਅਤੇ ਬਿਆਨਾਂ ਦੇ ਆਧਾਰ ’ਤੇ ਅਗਲੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਬਡਰੁੱਖਾਂ ਵਿੱਚ ਅੱਧੀ ਰਾਤ ਅਣਪਛਾਤੇ ਗੁਰੂ ਘਰ ’ਚ ਦਾਖ਼ਲ; ਸੇਵਾਦਾਰ ਨੂੰ ਮਾਰੀ ਗੋਲੀ, ਗੰਭੀਰ ਜ਼ਖ਼ਮੀ ਜਾਂਚ ਵਿੱਚ ਜੁਟੀ ਪੁਲੀਸ

ਸੰਗਰੂਰ, 29 ਸਤੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਇੱਥੋਂ ਨੇੜਲੇ ਪਿੰਡ ਬਡਰੁੱਖਾਂ ਵਿਖੇ ਬੀਤੀ ਅੱਧੀ ਰਾਤ ਕਾਰ ਸਵਾਰ ਅਣਪਛਾਤੇ ਵਿਅਕਤੀ ਸ਼ੇਰੇ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਯਾਦ ਵਿੱਚ ਬਣੇ ਗੁਰਦੁਆਰਾ ਸਾਹਿਬ ਵਿੱਚ ਕੰਧ ਟੱਪ ਕੇ ਦਾਖ਼ਲ ਹੋਏ, ਜਿਨ੍ਹਾਂ ਵੱਲੋਂ ਗੁਰਦੁਆਰਾ ਸਾਹਿਬ ਦੇ ਇੱਕ ਸੇਵਾਦਾਰ ਨੂੰ ਗੋਲੀ ਮਾਰ ਦਿੱਤੀ ਗਈ ਜਦੋਂ ਕਿ ਇੱਕ ਸੇਵਾਦਾਰ ਦੀ ਕੁੱਟਮਾਰ ਕੀਤੀ ਗਈ। ਗੋਲੀ ਲੱਗਣ ਨਾਲ ਜ਼ਖ਼ਮੀ ਹੋਏ ਸੇਵਾਦਾਰ ਨੂੰ ਸਿਵਲ ਹਸਪਤਾਲ ਸੰਗਰੂਰ ਲਿਜਾਇਆ ਗਿਆ, ਜਿੱਥੋਂ ਡਾਕਟਰਾਂ ਨੇ ਉਸ ਨੂੰ ਪਟਿਆਲਾ ਰੈਫ਼ਰ ਕਰ ਦਿੱਤਾ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਬੀਤੀ ਅੱਧੀ ਰਾਤ ਕਰੀਬ 1:30 ਵਜੇ ਕਾਰ ਵਿੱਚ ਸਵਾਰ ਕਰੀਬ ਚਾਰ ਅਣਪਛਾਤੇ ਵਿਅਕਤੀ ਪਿੰਡ ਦੇ ਵਿਚਕਾਰ ਸਥਿਤ ‘ਗੁਰਦੁਆਰਾ ਸਾਹਿਬ ਯਾਦਗਾਰ ਸ਼ੇਰੇ-ਪੰਜਾਬ ਮਹਾਰਾਜਾ ਰਣਜੀਤ ਸਿੰਘ’ ਵਿੱਚ ਕੰਧ ਟੱਪ ਕੇ ਦਾਖ਼ਲ ਹੋਏ। ਉਨ੍ਹਾਂ ਪਹਿਲਾਂ ਲੰਗਰ ਹਾਲ ਦੇ ਬਰਾਂਡੇ ਵਿੱਚ ਸੁੱਤੇ ਪਏ ਸੇਵਾਦਾਰ ਅਜੈਬ ਸਿੰਘ ਨੂੰ ਦਬੋਚ ਲਿਆ, ਜਿਸ ਦਾ ਕੱਪੜੇ ਨਾਲ ਮੂੰਹ ਬੰਦ ਕਰਕੇ ਕਾਬੂ ਕਰਨ ਦੀ ਕੋਸ਼ਿਸ਼ ਕੀਤੀ ਗਈ। ਮੌਕੇ ’ਤੇ ਰੌਲਾ ਪੈਣ ’ਤੇ ਅੰਦਰਲੇ ਕਮਰੇ ਵਿੱਚ ਸੁੱਤਾ ਸੇਵਾਦਾਰ ਜਸਵੰਤ ਸਿੰਘ ਜਿਉਂ ਹੀ ਬਾਹਰ ਆਇਆ ਤਾਂ ਉਸ ਨੂੰ ਗੋਲੀ ਮਾਰ ਦਿੱਤੀ। ਰੌਲਾ ਪੈਣ ’ਤੇ ਹਮਲਾਵਰ ਫ਼ਰਾਰ ਹੋ ਗਏ। ਬਾਅਦ ਵਿੱਚ ਗੁਰੂ ਘਰ ਤੋਂ ਘਟਨਾ ਬਾਰੇ ਅਨਾਊਂਸਮੈਂਟ ਕੀਤੀ ਗਈ ਅਤੇ ਪਿੰਡ ਦੇ ਲੋਕ ਗੁਰੂ ਘਰ ਪੁੱਜੇ। ਜ਼ਖ਼ਮੀ ਸੇਵਾਦਾਰ ਜਸਵੰਤ ਸਿੰਘ ਨੂੰ ਸਿਵਲ ਹਸਪਤਾਲ ਸੰਗਰੂਰ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਪਟਿਆਲਾ ਰੈਫ਼ਰ ਕਰ ਦਿੱਤਾ।

ਸੂਚਨਾ ਮਿਲਦਿਆਂ ਹੀ ਪੁਲੀਸ ਚੌਕੀ ਬਡਰੁੱਖਾਂ ਦੇ ਇੰਚਾਰਜ, ਥਾਣਾ ਲੌਂਗੋਵਾਲ ਦੇ ਐਸ.ਐਚ.ਓ. ਅਤੇ ਡੀ.ਐਸ.ਪੀ. ਸੁਨਾਮ ਮੌਕੇ ’ਤੇ ਪਹੁੰਚ ਗਏ ਸਨ। ਉਨ੍ਹਾਂ ਨੇ ਘਟਨਾ ਦਾ ਜਾਇਜ਼ਾ ਲਿਆ ਅਤੇ ਗੁਰੂ ਘਰ ਵਿੱਚ ਲੱਗੇ ਸੀ.ਸੀ.ਟੀ.ਵੀ. ਦੀ ਫ਼ੁਟੇਜ ਚੈੱਕ ਕਰਦਿਆਂ ਜਾਂਚ ਸ਼ੁਰੂ ਕਰ ਦਿੱਤੀ ਹੈ। ਪਿੰਡ ਦੇ ਸਰਪੰਚ ਰਣਦੀਪ ਸਿੰਘ, ਕਮੇਟੀ ਮੈਂਬਰ ਮੇਜਰ ਸਿੰਘ ਅਤੇ ਸਮੁੱਚੀ ਪੰਚਾਇਤ ਨੇ ਇਸ ਘਟਨਾ ਦੀ ਸਖ਼ਤ ਨਿੰਦਾ ਕੀਤੀ ਹੈ।




## ਅਮਰੀਕਾ ਵੱਲੋਂ ਭਾਰਤ ਨੂੰ ਵੱਡੀ ਰਾਹਤ; ਵਿਸ਼ੇਸ਼ ਦਵਾਈਆਂ ’ਤੇ 100 ਫੀਸਦੀ ਆਯਾਤ ਡਿਊਟੀ ਖ਼ਤਮ

### ਕੈਂਸਰ, ਦੁਰਲੱਭ ਬਿਮਾਰੀਆਂ ਤੇ ਜੀਨ ਥੈਰੇਪੀ ਦੀਆਂ ਦਵਾਈਆਂ ਨੂੰ ਟੈਕਸ ਤੋਂ ਛੋਟ; ਭਾਰਤ ਸਮੇਤ 20 ਖੇਤਰਾਂ ਨੂੰ ਮਿਲਿਆ ਲਾਭ

ਨਵੀਂ ਦਿੱਲੀ, 29 ਸਤੰਬਰ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਅਮਰੀਕਾ ਨੇ ਐਲਾਨ ਕੀਤਾ ਹੈ ਕਿ ਭਾਰਤ ਸਮੇਤ 19 ਹੋਰ ਭਾਈਵਾਲ ਖੇਤਰਾਂ ਤੋਂ ਮੰਗਵਾਈਆਂ ਜਾਣ ਵਾਲੀਆਂ ਖਾਸ ਸਪੈਸ਼ਲਿਟੀ ਦਵਾਈਆਂ ਅਤੇ ਉਨ੍ਹਾਂ ਦੀ ਸਮੱਗਰੀ (ਕੰਪੋਨੈਂਟਸ) ਉੱਤੇ ਕੋਈ ਆਯਾਤ ਡਿਊਟੀ ਨਹੀਂ ਲੱਗੇਗੀ। ਇਹ ਫ਼ੈਸਲਾ ਅਜਿਹੇ ਸਮੇਂ ਲਿਆ ਗਿਆ ਹੈ ਜਦੋਂ ਅਮਰੀਕਾ ਕੁਝ ਖਾਸ ਪੇਟੈਂਟ ਫਾਰਮਾਸਿਊਟੀਕਲ ਉਤਪਾਦਾਂ ਉੱਤੇ ਪੂਰੇ 100 ਫੀਸਦੀ ਟੈਰਿਫ ਵੱਲ ਵਧ ਰਿਹਾ ਹੈ। ਅਮਰੀਕੀ ਵਣਜ ਵਿਭਾਗ ਵੱਲੋਂ ਫੈਡਰਲ ਰਜਿਸਟਰ ਵਿੱਚ ਇੱਕ ਅਧਿਕਾਰਤ ਸੂਚੀ ਜਾਰੀ ਕੀਤੀ ਗਈ ਹੈ, ਜਿਸ ਵਿੱਚ ਉਨ੍ਹਾਂ ਦੇਸ਼ਾਂ ਅਤੇ ਖੇਤਰਾਂ ਦੀ ਪਛਾਣ ਕੀਤੀ ਗਈ ਹੈ ਜਿਨ੍ਹਾਂ ਦੇ ਯੋਗ ਫਾਰਮਾਸਿਊਟੀਕਲ ਉਤਪਾਦਾਂ ਨੂੰ ਜ਼ੀਰੋ-ਟੈਰਿਫ (ਬਿਨਾਂ ਕਿਸੇ ਟੈਕਸ) ਦੀ ਛੋਟ ਮਿਲੇਗੀ।

ਇਹ ਜ਼ੀਰੋ-ਟੈਰਿਫ ਨੀਤੀ ਹਰ ਦਵਾਈ ਉੱਤੇ ਲਾਗੂ ਨਹੀਂ ਹੁੰਦੀ। ਇਹ ਸਿਰਫ਼ ਕੁਝ ਖਾਸ ਸਪੈਸ਼ਲਿਟੀ ਫਾਰਮਾਸਿਊਟੀਕਲ ਉਤਪਾਦਾਂ ਤੱਕ ਹੀ ਸੀਮਤ ਹੈ। ਇਨ੍ਹਾਂ ਵਿੱਚ ਦੁਰਲੱਭ ਬਿਮਾਰੀਆਂ ਦੇ ਇਲਾਜ ਲਈ ਦਵਾਈਆਂ, ਪ੍ਰਮਾਣੂ ਦਵਾਈਆਂ (ਨਿਊਕਲੀਅਰ ਮੈਡੀਸਨਜ਼), ਪਲਾਜ਼ਮਾ ਤੋਂ ਤਿਆਰ ਥੈਰੇਪੀਆਂ ਅਤੇ ਬੱਚਾ ਪੈਦਾ



ਕਰਨ ਦੀ ਸਮਰੱਥਾ (ਫਰਟੀਲਿਟੀ) ਨਾਲ ਜੁੜੀਆਂ ਦਵਾਈਆਂ ਸ਼ਾਮਲ ਹਨ।

ਇਸ ਛੋਟ ਵਿੱਚ ਸੈੱਲ ਅਤੇ ਜੀਨ ਥੈਰੇਪੀਆਂ, ਐਂਟੀਬਾਡੀ-ਡਰੱਗ ਕੰਜੂਗੇਟਸ ਅਤੇ ਰਸਾਇਣਕ, ਜੈਵਿਕ, ਰੇਡੀਓਲਾਜੀਕਲ ਅਤੇ ਪ੍ਰਮਾਣੂ ਖਤਰਿਆਂ ਨਾਲ ਨਜਿੱਠਣ ਲਈ ਵਰਤੀਆਂ ਜਾਣ ਵਾਲੀਆਂ ਕੁਝ ਦਵਾਈਆਂ ਵੀ ਸ਼ਾਮਲ ਹਨ। ਰਿਪੋਰਟਾਂ ਮੁਤਾਬਕ ਪਸ਼ੂਆਂ ਦੀਆਂ ਕੁਝ ਦਵਾਈਆਂ ਨੂੰ ਵੀ ਇਸ ਵਿੱਚ ਸ਼ਾਮਲ ਕੀਤਾ ਗਿਆ ਹੈ।

ਵਣਜ ਵਿਭਾਗ ‘ਆਰਫਨ ਡਰੱਗ’ (ਅਨਾਥ ਦਵਾਈ) ਨੂੰ ਇੱਕ ਅਜਿਹੇ ਫਾਰਮਾਸਿਊਟੀਕਲ ਜਾਂ ਜੈਵਿਕ ਉਤਪਾਦ ਵਜੋਂ ਪਰਿਭਾਸ਼ਿਤ ਕਰਦਾ ਹੈ ਜੋ ਇੱਕ ਜਾਂ ਇੱਕ ਤੋਂ ਵੱਧ ਦੁਰਲੱਭ ਬਿਮਾਰੀਆਂ ਜਾਂ ਹਾਲਤਾਂ ਲਈ ਤਿਆਰ ਕੀਤਾ ਗਿਆ ਹੋਵੇ, ਜਿੱਥੇ ਉਸ ਦਵਾਈ ਦੀਆਂ ਸਾਰੀਆਂ ਪ੍ਰਵਾਨਿਤ ਅਰਜ਼ੀਆਂ ਦਾ ਟੀਚਾ ਉਹੀ ਬਿਮਾਰੀਆਂ ਹੁੰਦੀਆਂ ਹਨ। ਇਸ ਜ਼ੀਰੋ ਫੀਸਦੀ ਟੈਰਿਫ ਵਿੱਚ ਉਹ ਸਮੱਗਰੀ ਅਤੇ ਹੋਰ ਜ਼ਰੂਰੀ ਹਿੱਸੇ ਵੀ ਸ਼ਾਮਲ ਹਨ ਜੋ ਇਨ੍ਹਾਂ ਦਵਾਈਆਂ ਨੂੰ ਬਣਾਉਣ ਲਈ ਵਰਤੇ ਜਾਂਦੇ ਹਨ।

ਅਮਰੀਕਾ ਨੇ ਕੁਝ ਲਾਇਸੈਂਸ ਵਾਲੇ ਫਾਰਮਾਸਿਊਟੀਕਲ ਉਤਪਾਦਾਂ ਅਤੇ ਉਨ੍ਹਾਂ ਦੇ ਹਿੱਸਿਆਂ ਉੱਤੇ 100 ਫੀਸਦੀ ਐਡ ਵੈਲੋਰਮ ਟੈਰਿਫ (ਯਾਨੀ ਉਤਪਾਦ ਦੀ ਕੀਮਤ ਦੇ ਹਿਸਾਬ ਨਾਲ ਤੈਅ ਕੀਤਾ ਜਾਣ ਵਾਲਾ ਟੈਕਸ) ਦਾ ਐਲਾਨ ਕੀਤਾ ਸੀ। ਇਹ ਡਿਊਟੀ ਟਰੰਪ ਦੇ ਐਲਾਨ ਦੇ ਇੱਕ ਸ਼ਿਸ਼ਟਾਚਾਰ (ਪਰਿਸ਼ਿਸ਼ਟ) ਵਿੱਚ ਸ਼ਾਮਲ ਕੰਪਨੀਆਂ ਲਈ 31 ਜੁਲਾਈ ਤੋਂ ਲਾਗੂ ਹੋ ਗਈ ਸੀ। ਇਸ ਮਾਪਦੰਡ ਤੋਂ ਪ੍ਰਭਾਵਿਤ ਹੋਰਨਾਂ ਕੰਪਨੀਆਂ ਲਈ ਇਹ ਟੈਰਿਫ ਮੰਗਲਵਾਰ, 29 ਸਤੰਬਰ ਤੋਂ ਲਾਗੂ ਹੋਣ ਲਈ ਤੈਅ ਕੀਤਾ ਗਿਆ ਹੈ।

ਫਿਰ ਵੀ, ਵਣਜ ਵਿਭਾਗ ਨੇ ਸਪੱਸ਼ਟ ਕੀਤਾ ਹੈ ਕਿ ਫਾਰਮਾਸਿਊਟੀਕਲ ਉੱਤੇ ਸੈਕਸ਼ਨ 232 ਦੇ ਟੈਰਿਫ ਦਾ ਮੌਜੂਦਾ ਸਮੇਂ ਵਿੱਚ ਜੈਨਰਿਕ ਦਵਾਈਆਂ ਅਤੇ ਉਨ੍ਹਾਂ ਨਾਲ ਸਬੰਧਿਤ ਹਿੱਸਿਆਂ ਉੱਤੇ ਕੋਈ ਅਸਰ ਨਹੀਂ ਪਵੇਗਾ। ਇਸ ਦੌਰਾਨ, ਫਾਰਮਾਸਿਊਟੀਕਲ ਐਕਸਪੋਰਟ ਪ੍ਰਮੋਸ਼ਨ ਕੌਂਸਲ ਆਫ਼ ਇੰਡੀਆ ਨੇ ਰਿਪੋਰਟ ਦਿੱਤੀ ਹੈ ਕਿ ਭਾਰਤ ਨੇ 2024-25 ਵਿੱਚ 30.46 ਅਬਦੁਲ (ਬਿਲੀਅਨ) ਡਾਲਰ ਦੀਆਂ ਦਵਾਈਆਂ ਅਤੇ ਫਾਰਮਾਸਿਊਟੀਕਲ ਵਸਤੂਆਂ ਦਾ ਨਿਰਯਾਤ ਕੀਤਾ, ਜਿਸ ਵਿੱਚ ਅਮਰੀਕਾ ਇਸ ਦੇ ਸਭ ਤੋਂ ਵੱਡੇ ਬਾਜ਼ਾਰਾਂ ਵਿੱਚੋਂ ਇੱਕ ਹੈ।

ਵਣਜ ਵਿਭਾਗ ਦੇ ਤਹਿਤ ਉਦਯੋਗ ਅਤੇ ਸੁਰੱਖਿਆ ਬਿਊਰੋ ਨੇ ਕਿਹਾ ਕਿ ਸਪੈਸ਼ਲਿਟੀ ਉਤਪਾਦ ਜ਼ੀਰੋ ਟੈਰਿਫ ਲਈ ਯੋਗ ਹੋ ਸਕਦੇ ਹਨ ਜੇਕਰ ਉਹ ਉਨ੍ਹਾਂ ਦੇਸ਼ਾਂ ਤੋਂ ਆਉਂਦੇ ਹਨ ਜਿਨ੍ਹਾਂ ਕੋਲ ਅਮਰੀਕਾ ਨਾਲ ਵਪਾਰ ਅਤੇ ਸੁਰੱਖਿਆ ਸਮਝੌਤਾ ਹੈ ਜਾਂ ਭਵਿੱਖ ਵਿੱਚ ਹੋਣ ਦੀ ਉਮੀਦ ਹੈ। ਭਾਰਤ ਨੂੰ ਅਰਜਨਟੀਨਾ, ਬੰਗਲਾਦੇਸ਼, ਕੰਬੋਡੀਆ, ਇਕਵਾਡੋਰ, ਅਲ ਸਵਾਡੋਰ, ਯੂਰਪੀਅਨ ਯੂਨੀਅਨ, ਗੁਆਟੇਮਾਲਾ, ਇੰਡੋਨੇਸ਼ੀਆ, ਜਾਪਾਨ, ਜਾਰਡਨ, ਮਲੇਸ਼ੀਆ, ਉੱਤਰੀ ਮੈਸੇਡੋਨੀਆ, ਦੱਖਣੀ ਕੋਰੀਆ, ਸਵਿਟਜ਼ਰਲੈਂਡ, ਲੀਚਟਨਸਟਾਈਨ, ਤਾਈਵਾਨ, ਥਾਈਲੈਂਡ, ਯੂਨਾਈਟਿਡ ਕਿੰਗਡਮ ਅਤੇ ਵੀਅਤਨਾਮ ਦੇ ਨਾਲ ਸੂਚੀਬੱਧ ਕੀਤਾ ਗਿਆ ਹੈ। ਵਰਲਡ ਕਸਟਮਜ਼ ਆਰਗੇਨਾਈਜ਼ੇਸ਼ਨ ਐਡ ਵੈਲੋਰਮ ਟੈਰਿਫ ਨੂੰ ਉਨ੍ਹਾਂ ਵਸਤੂਆਂ ਦੇ ਵਿੱਤੀ ਮੁੱਲ ਦੀ ਇੱਕ ਖਾਸ ਪ੍ਰਤੀਸ਼ਤਤਾ ਵਜੋਂ ਪਰਿਭਾਸ਼ਿਤ ਕਰਦੀ ਹੈ ਜਿਨ੍ਹਾਂ ਉੱਤੇ ਟੈਕਸ ਲਗਾਇਆ ਜਾਂਦਾ ਹੈ। ਵਣਜ ਵਿਭਾਗ ਨੇ ਕੰਪਨੀਆਂ ਲਈ ਅਮਰੀਕਾ ਵਿੱਚ ਸਿਹਤ ਸੰਕਟ ਨਾਲ ਨਜਿੱਠਣ ਲਈ ਜ਼ਰੂਰੀ ਵਿਸ਼ੇਸ਼ ਦਵਾਈਆਂ ਲਈ ਟੈਰਿਫ ਤੋਂ ਛੋਟ ਦੀ ਮੰਗ ਕਰਨ ਵਾਸਤੇ ਇੱਕ ਰਸਤਾ ਤਿਆਰ ਕੀਤਾ ਹੈ।

ਇਹ ਸਹਾਇਤਾ ਮੰਗਣ ਵਾਲੀਆਂ ਫ਼ਰਮਾਂ ਨੂੰ ਉਤਪਾਦ ਦੇ ਵਰਗੀਕਰਨ, ਸਰਗਰਮ ਤੱਤਾਂ, ਉਤਪਾਦਕ, ਮੂਲ ਦੇਸ਼ ਅਤੇ ਸ਼ਾਮਲ ਡਾਕਟਰੀ ਜ਼ਰੂਰਤ ਬਾਰੇ ਜਾਣਕਾਰੀ ਜਮ੍ਹਾਂ ਕਰਾਉਣੀ ਪਵੇਗੀ। ਵਣਜ ਵਿਭਾਗ ਅਮਰੀਕੀ ਵਪਾਰ ਪ੍ਰਤੀਨਿਧੀ ਅਤੇ ਸਿਹਤ ਅਤੇ ਮਨੁੱਖੀ ਸੇਵਾਵਾਂ ਵਿਭਾਗ ਦੇ ਤਾਲਮੇਲ ਨਾਲ ਇਨ੍ਹਾਂ ਬੇਨਤੀਆਂ ਦਾ ਵਿਅਕਤੀਗਤ ਤੌਰ ’ਤੇ ਮੁਲਾਂਕਣ ਕਰੇਗਾ।

ਰੋਜ਼ਾਨਾ
ਸ਼ਹੀਦ-ਏ-ਆਜ਼ਮ
Shaheedeazamnews.com
SHAHEEDEAZAMNEWS.COM
PRINT & DIGITAL MEDIA
शहीद-ए-आजम
Shaheedeazamnewsnational.com

ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜ਼ਾਨਾ ਗੁਰਮਤਿ ਸਮਾਗਮ ਲਾਈਵ ਦੇਖੋ

ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ

ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ

ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ

ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ

YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam

ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

## ਸੰਪਾਦਕੀ

# ਸੰਵੈਧਾਨਿਕ ਅਸੂਲਾਂ ’ਤੇ ਦਾਇਮ, ਉਹੀ ਕਾਨੂੰਨ ਕਾਇਮ

ਪੰਜਾਬ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦਾ ਮਸਲਾ ਸਿਰਫ਼ ਇੱਕ ਕਾਨੂੰਨੀ ਅਪਰਾਧ ਦਾ ਮਸਲਾ ਨਹੀਂ। ਇਹ ਸਿੱਖ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ, ਪੰਜਾਬ ਦੀ ਸਮਾਜਿਕ ਸ਼ਾਂਤੀ, ਰਾਜ ਦੀ ਕਾਨੂੰਨ-ਵਿਵਸਥਾ ਅਤੇ ਸੰਵਿਧਾਨਕ ਅਧਿਕਾਰਾਂ ਨਾਲ ਜੁੜਿਆ ਬੇਹੱਦ ਸੰਵੇਦਨਸ਼ੀਲ ਵਿਸ਼ਾ ਹੈ। ਇਸ ਲਈ ‘ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026’ ਉੱਤੇ ਚੱਲ ਰਹੀ ਚਰਚਾ ਨੂੰ ਸਿਰਫ਼ ਸਿਆਸੀ ਟਕਰਾਅ ਵਜੋਂ ਦੇਖਣਾ ਇਸਦੀ ਅਸਲ ਗੰਭੀਰਤਾ ਨੂੰ ਘਟਾਉਣਾ ਹੋਵੇਗਾ। ਪੰਜਾਬ ਵਿਧਾਨ ਸਭਾ ਨੇ 13 ਅਪ੍ਰੈਲ 2026 ਨੂੰ ਇਹ ਸੋਧ ਕਾਨੂੰਨ ਪਾਸ ਕੀਤਾ। ਇਸ ਦਾ ਮੁੱਖ ਉਦੇਸ਼ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਲਈ ਹੋਰ ਸਖ਼ਤ ਸਜ਼ਾਵਾਂ ਦਾ ਪ੍ਰਬੰਧ ਕਰਨਾ ਹੈ। ਕਾਨੂੰਨ ਵਿੱਚ ਕੁਝ ਹਾਲਾਤਾਂ ਵਿੱਚ ਉਮਰ ਕੈਦ ਅਤੇ ਭਾਰੀ ਜੁਰਮਾਨੇ ਦੀ ਵਿਵਸਥਾ ਕੀਤੀ ਗਈ ਹੈ। ਅਪਰਾਧ ਦੀ ਸਾਜ਼ਿਸ਼ ਅਤੇ ਉਸਦੇ ਉਦੇਸ਼ ਦੇ ਆਧਾਰ ’ਤੇ ਸਜ਼ਾਵਾਂ ਵੱਖ-ਵੱਖ ਹਨ। ਬਿੱਲ ਦੇ ਉਦੇਸ਼ਾਂ ਅਤੇ ਕਾਰਨਾਂ ਵਿੱਚ ਵੀ ਸਰਕਾਰ ਨੇ ਕਿਹਾ ਕਿ ਬੇਅਦਬੀ ਦੀਆਂ ਘਟਨਾਵਾਂ ਰਾਹੀਂ ਅਮਨ ਅਤੇ ਫਿਰਕੂ ਸਦਭਾਵਨਾ ਨੂੰ ਨੁਕਸਾਨ ਪਹੁੰਚਾਉਣ ਵਾਲੀਆਂ ਕੋਸ਼ਿਸ਼ਾਂ ਨੂੰ ਰੋਕਣ ਲਈ ਕਨੂੰਨ ਰਾਹੀਂ ਭੈ ਪੈਦਾ ਕਰਕੇ ਰੋਕਣ ਵਾਲੀਆਂ ਸਜ਼ਾਵਾਂ ਜ਼ਰੂਰੀ ਹੈ।

ਪਰ ਕਾਨੂੰਨ ਦੀ ਤਾਕਤ ਸਿਰਫ਼ ਸਜ਼ਾ ਦੀ ਕਠੋਰਤਾ ਵਿੱਚ ਨਹੀਂ ਹੁੰਦੀ ਸਗੋਂ ਉਸਦੀ ਪਰਿਭਾਸ਼ਾ, ਲਾਗੂ ਕਰਨ ਦੀ ਪ੍ਰਕਿਰਿਆ ਅਤੇ ਸੰਵਿਧਾਨਕ ਟਿਕਾਊਪਣ ਵੀ ਉਤਨੇ ਹੀ ਮਹੱਤਵਪੂਰਨ ਹਨ। ਇੱਥੇ ਹੀ ਅਕਾਲ ਤਖ਼ਤ ਸਾਹਿਬ ਵੱਲੋਂ ਉਠਾਏ ਗਏ ਇਤਰਾਜ਼ ਮਹੱਤਵ ਰੱਖਦੇ ਹਨ। ਰਿਪੋਰਟਾਂ ਮੁਤਾਬਕ ਇਤਰਾਜ਼ਾਂ ਵਿੱਚ ਸਿੱਖ ਧਾਰਮਿਕ ਸ਼ਬਦਾਵਲੀ, ‘ਬੀੜ’ ਅਤੇ ‘ਸਰੂਪ’ ਵਰਗੇ ਸ਼ਬਦਾਂ ਦੀ ਵਰਤੋਂ, ‘ਕਸਟੋਡੀਨ ’ ਦੀ ਪਰਿਭਾਸ਼ਾ, ਧਾਰਮਿਕ ਮਰਿਆਦਾ ਦੀ ਉਲੰਘਣਾ ਨੂੰ ਅਪਰਾਧਿਕ ਬਣਾਉਣ, ਕੇਂਦਰੀ ਰਜਿਸਟਰ, ਵਿਲੱਖਣ ਪਛਾਣ ਨੰਬਰ ਅਤੇ ਡਿਜ਼ੀਟਲ ਰਿਕਾਰਡ ਵਰਗੇ ਪ੍ਰਬੰਧ ਸ਼ਾਮਲ ਹਨ। ਅਕਾਲ ਤਖ਼ਤ ਸਾਹਿਬ ਨੇ ਇਹ ਵੀ ਸਵਾਲ ਉਠਾਇਆ ਕਿ ਧਾਰਮਿਕ ਸੰਸਥਾਵਾਂ ਅਤੇ ਗੁਰਦੁਆਰਾ ਪ੍ਰਬੰਧ ਨਾਲ ਸਬੰਧਤ ਮਾਮਲਿਆਂ ਵਿੱਚ ਸਰਕਾਰੀ ਦਖ਼ਲ ਦੀ ਹੱਦ ਕਿੱਥੇ ਹੋਣੀ ਚਾਹੀਦੀ ਹੈ।

ਇਸੇ ਪਿਛੋਕੜ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੇ 27 ਸਤੰਬਰ ਨੂੰ ਸੱਤ ਮੈਂਬਰੀ ਕਮੇਟੀ ਨਾਲ ਲਗਭਗ ਦੋ ਘੰਟੇ ਮੀਟਿੰਗ ਕੀਤੀ। ਕਮੇਟੀ ਵਿੱਚ ਧਾਰਮਿਕ ਖੇਤਰ ਦੇ ਪ੍ਰਤੀਨਿਧਾਂ ਦੇ ਨਾਲ ਸੇਵਾਮੁਕਤ ਜੱਜ, ਸਾਬਕਾ ਅਧਿਕਾਰੀ ਅਤੇ ਕਾਨੂੰਨੀ ਮਾਹਿਰ ਸ਼ਾਮਲ ਹਨ। ਸਰਕਾਰ ਨੇ ਅਕਾਲ ਤਖ਼ਤ ਵੱਲੋਂ ਬਣਾਈ ਪੰਜ ਮੈਂਬਰੀ ਕਮੇਟੀ ਨਾਲ ਵਿਸਥਾਰਤ ਵਿਚਾਰ-ਵਟਾਂਦਰੇ ਅਤੇ ਸਹਿਮਤੀ ਬਣਾਉਣ ਦੀ ਗੱਲ ਕਹੀ ਹੈ।

ਮੁੱਖ ਮੰਤਰੀ ਦਾ ਸਪਸ਼ਟ ਮਤ ਹੈ ਕਿ ਉਮਰ ਕੈਦ ਅਤੇ ਭਾਰੀ ਜੁਰਮਾਨਿਆਂ ਵਾਲੇ ਮੁੱਖ ਦੰਡਾਤਮਕ ਪ੍ਰਬੰਧ ਕਮਜ਼ੋਰ ਨਹੀਂ ਕੀਤੇ ਜਾਣਗੇ। ਇਸਦੇ ਨਾਲ ਹੀ ਸਰਕਾਰ ਨੇ ਹੋਰ ਇਤਰਾਜ਼ਾਂ ਨੂੰ ਕਾਨੂੰਨੀ, ਸੰਵਿਧਾਨਕ ਅਤੇ ਪ੍ਰਸ਼ਾਸਕੀ ਪੱਖੋਂ ਵਿਚਾਰਨ ਦੀ ਤਿਆਰੀ ਵੀ ਦਿਖਾਈ ਹੈ। ਇੱਥੇ ਪੰਜਾਬ ਸਾਹਮਣੇ ਅਸਲ ਚੁਣੌਤੀ ਹੈ ਸਖ਼ਤ ਕਾਨੂੰਨ ਅਤੇ ਸਹੀ ਕਾਨੂੰਨ ਵਿੱਚ ਫ਼ਰਕ। ਬੇਅਦਬੀ ਵਰਗੇ ਅਪਰਾਧ ਲਈ ਪ੍ਰਭਾਵਸ਼ਾਲੀ ਰੋਕਥਾਮ ਲਾਜ਼ਮੀ ਹੈ, ਪਰ ਦੋਸ਼ ਸਾਬਤ ਕਰਨ ਲਈ ਸਪਸ਼ਟ ਪਰਿਭਾਸ਼ਾਵਾਂ, ਨਿਰਪੱਖ ਜਾਂਚ, ਸਬੂਤਾਂ ਦੇ ਮਾਪਦੰਡ, ਨਿਆਂਇਕ ਪ੍ਰਕਿਰਿਆ ਅਤੇ ਸੰਵਿਧਾਨਕ ਅਧਿਕਾਰਾਂ ਦੀ ਰੱਖਿਆ ਵੀ ਲਾਜ਼ਮੀ ਹੈ। ਸਖ਼ਤੀ ਜੇ ਕਾਨੂੰਨੀ ਸਪਸ਼ਟਤਾ ਨਾਲ ਜੁੜੀ ਹੋਵੇ ਤਾਂ ਭਰੋਸਾ ਪੈਦਾ ਕਰਦੀ ਹੈ, ਪਰ ਅਸਪਸ਼ਟਤਾ ਭਵਿੱਖ ਵਿੱਚ ਕਾਨੂੰਨੀ ਵਿਵਾਦਾਂ ਦਾ ਕਾਰਨ ਬਣ ਸਕਦੀ ਹੈ। ਇਸ ਲਈ ਹੁਣ ਲੋੜ ਕਿਸੇ ਪੱਖ ਦੀ ਜਿੱਤ ਜਾਂ ਹਾਰਦੀ ਨਹੀਂ, ਸਗੋਂ ਇੱਕ ਅਜਿਹੇ ਕਾਨੂੰਨ ਦੀ ਹੈ ਜਿਸਨੂੰ ਧਾਰਮਿਕ ਭਾਵਨਾਵਾਂ ਦਾ ਸਤਿਕਾਰ, ਸੰਵਿਧਾਨਕ ਮਰਿਆਦਾ ਅਤੇ ਨਿਆਂਇਕ ਕਸੌਟੀ ਤਿੰਨਾਂ ’ਤੇ ਖਰਾ ਉਤਰਿਆ ਜਾ ਸਕੇ।

ਬੇਅਦਬੀ ਰੋਕਣ ਲਈ ਕਾਨੂੰਨ ਦਾ ਹੱਥ ਮਜ਼ਬੂਤ ਹੋਵੇ, ਪਰ ਕਾਨੂੰਨ ਦੀ ਭਾਸ਼ਾ ਸਪਸ਼ਟ, ਸਜ਼ਾ ਸਖ਼ਤ ਹੋਵੇ, ਪਰ ਪ੍ਰਕਿਰਿਆ ਨਿਆਂਪੂਰਨ, ਅਤੇ ਧਾਰਮਿਕ ਸਤਿਕਾਰ ਦੀ ਰੱਖਿਆ ਹੋਵੇ, ਪਰ ਸੰਵਿਧਾਨਕ ਜ਼ਿੰਮੇਵਾਰੀਆਂ ਵੀ ਕਾਇਮ ਰਹਿਣ। ਇਹੀ ਸੰਤੁਲਨ ਇਸ ਸੋਧ ਦੀ ਅਸਲ ਕਸੌਟੀ ਹੈ।

Shaheedeazamnews.com
ਖ਼ਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, publíshed and owned by Harjinder Chaudhary printed at Raftaar Printing Press, Factory Area, Patiaĺa and publíshed at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354
ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਖ਼ਬਰ ਦਾ ਸੱਚ ਬਨਾਮ ਕੋਠੇ ਤੇ ਨੱਚ; ਸਨਸਨੀ ਦੀ ਰਫ਼ਤਾਰ ਤੇਜ਼, ਜ਼ਮੀਨੀ ਪੱਤਰਕਾਰੀ ਦੀ ਚਾਲ ਹੌਲੀ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਕਦੇ ਪੰਜਾਬ ਦੀ ਪੱਤਰਕਾਰੀ ਦਾ ਮਤਲਬ ਸਿਰਫ਼ ਖ਼ਬਰ ਛਾਪਣਾ ਨਹੀਂ ਸੀ। ਪੱਤਰਕਾਰ ਪਿੰਡ ਦੀ ਨਿਆਈਂ ਤੋਂ ਲੈ ਕੇ ਸਰਕਾਰੀ ਦਫ਼ਤਰਾਂ ਦੀਆਂ ਫ਼ਾਈਲਾਂ ਤੱਕ ਜਾਂਦਾ ਸੀ। ਕਿਸਾਨ ਦੀ ਫ਼ਸਲ, ਵਿਦਿਆਰਥੀ ਦੀ ਫ਼ੀਸ, ਬੇਰੁਜ਼ਗਾਰ ਨੌਜਵਾਨ ਦੀ ਬੇਚੈਨੀ, ਹਸਪਤਾਲ ਦੀ ਹਾਲਤ, ਸਕੂਲ ਵਿੱਚ ਅਧਿਆਪਕਾਂ ਦੀ ਘਾਟ ਅਤੇ ਸਰਕਾਰੀ ਯੋਜਨਾ ਦੀ ਜ਼ਮੀਨੀ ਹਕੀਕਤਆਦਿ ਇਹ ਸਭ ਪੱਤਰਕਾਰੀ ਦੇ ਕੇਂਦਰ ਵਿੱਚ ਹੁੰਦੇ ਸਨ।

ਅੱਜ ਮੀਡੀਆ ਦਾ ਵੱਡਾ ਹਿੱਸਾ ਇੱਕ ਨਵੇਂ ਮੁਕਾਬਲੇ ਵਿੱਚ ਦਾਖ਼ਲ ਹੋ ਚੁੱਕਾ ਹੈ ਉਹ ਹੈ ਕਿਸੇ ਵੀ ਵਿਉਂਤ ਨਾਲ ਧਿਆਨ ਹਾਸਲ ਕਰਨ ਦਾ ਮੁਕਾਬਲਾ।

ਖ਼ਬਰ ਹੁਣ ਸਿਰਫ਼ ਪਾਠਕ / ਦਰਸ਼ਕ ਲਈ ਨਹੀਂ ਬਣ ਰਹੀ, ਉਹ ਐਲਗੋਰਿਦਮ ਲਈ ਵੀ ਬਣ ਰਹੀ ਹੈ। ਸਿਰਲੇਖ ਕਿੰਨਾ ਤਿੱਖਾ ਹੈ? ਥੰਬਨੇਲ ਕਿੰਨਾ ਉਤੇਜਕ ਹੈ? ਵੀਡੀਓ ਕਿੰਨੀ ਦੇਰ ਦੇਖੀ ਗਈ? ਕਿੰਨੇ ਲੋਕਾਂ ਨੇ ਟਿੱਪਣੀ ਕੀਤੀ? ਕਿੰਨੇ ਲੋਕਾਂ ਨੇ ਸਾਂਝੀ ਕੀਤੀ?

ਇਸ ਬਦਲਾਅ ਨੇ ਪੱਤਰਕਾਰੀ ਦੀ ਅਰਥਵਿਵਸਥਾ ਹੀ ਨਹੀਂ, ਸਮਾਜ ਦੀ ਚਰਚਾ ਦੀ ਦਿਸ਼ਾ ਵੀ ਬਦਲ ਦਿੱਤੀ ਹੈ। ਰਾਇਟਰਜ਼ ਇੰਸਟੀਟਿਊਟ ਦੀ ਡਿਜਿਟਲ ਨਿਊਜ਼ ਰਿਪੋਰਟ 2025 ਮੁਤਾਬਕ ਭਾਰਤ ਵਿੱਚ ਆਨਲਾਈਨ ਖ਼ਬਰ ਵਰਤਣ ਵਾਲੇ ਸਰਵੇਖਣ-ਨਮੂਨੇ ਵਿੱਚ ਯੂਟਿਊਬ ਰਾਹੀਂ ਖ਼ਬਰਾਂ ਲੈਣ ਵਾਲਿਆਂ ਦੀ ਹਿੱਸੇਦਾਰੀ 55% ਅਤੇ ਵ੍ਹਟਸਐਪ ਦੀ 46% ਸੀ। ਰਿਪੋਰਟ ਖੁਦ ਚੇਤਾਵਨੀ ਦਿੰਦੀ ਹੈ ਕਿ ਇਹ ਮੁੱਖ ਤੌਰ ’ਤੇ ਅੰਗਰੇਜ਼ੀ-ਭਾਸ਼ੀ ਆਨਲਾਈਨ ਵਰਤੋਂਕਾਰਾਂ ਦਾ ਨਮੂਨਾ ਹੈ ਅਤੇ ਪੂਰੇ ਭਾਰਤ ਦੀ ਨੁਮਾਇੰਦਗੀ ਨਹੀਂ ਕਰਦਾ। ਫਿਰ ਵੀ ਇਹ ਤਬਦੀਲੀ ਦੀ ਦਿਸ਼ਾ ਜ਼ਰੂਰ ਦਿਖਾਉਂਦਾ ਹੈ ਲੇਕਿਨ ਖ਼ਬਰ ਦਾ ਦਰਵਾਜ਼ਾ ਹੁਣ ਸਿਰਫ਼ ਅਖ਼ਬਾਰ ਦਾ ਪਹਿਲਾ ਸਫ਼ਾ ਨਹੀਂ ਰਿਹਾ।

ਪ੍ਰਿੰਟ ਮੀਡੀਆ ਵਿੱਚ ਸੰਪਾਦਕ ਤੈਅ ਕਰਦਾ ਸੀ ਕਿ ਦਿਨ ਦੀ ਸਭ ਤੋਂ ਮਹੱਤਵਪੂਰਨ ਖ਼ਬਰ ਕੀ ਹੈ। ਡਿਜ਼ਿਟਲ ਦੁਨੀਆ ਵਿੱਚ ਇਹ ਫ਼ੈਸਲਾ ਅੰਸ਼ਿਕ ਤੌਰ ’ਤੇ ਐਲਗੋਰਿਦਮਿਕ ਪ੍ਰਣਾਲੀਆਂ ਵੀ ਪ੍ਰਭਾਵਿਤ ਕਰਦੀਆਂ ਹਨ।

ਐਲਗੋਰਿਦਮ ਦਾ ਮੂਲ ਉਦੇਸ਼ ਪੱਤਰਕਾਰੀ ਦੀ ਕਾਬਲੀਅਤ ਮਾਪਣਾ ਨਹੀਂ ਹੁੰਦਾ। ਉਹ ਵਰਤੋਂਕਾਰ ਦੀ ਦਿਲਚਸਪੀ, ਰੁਝਾਨ, ਦੇਖਣ ਦਾ ਸਮਾਂ, ਪ੍ਰਤੀਕਿਰਿਆ ਅਤੇ ਸਾਂਝਾ ਕਰਨ ਵਰਗੇ ਸੰਕੇਤਾਂ ਦੇ ਆਧਾਰ ’ਤੇ ਸਮੱਗਰੀ ਦੀ ਪਹੁੰਚ ਵਧਾ ਸਕਦਾ ਹੈ। ਇਸ ਕਰਕੇ ਉਹ ਸਮੱਗਰੀ ਜੋ ਗੁੱਸਾ, ਡਰ, ਹੈਰਾਨੀ, ਟਕਰਾਅ ਜਾਂ ਪਛਾਣ-ਆਧਾਰਿਤ ਭਾਵਨਾ ਜਗਾਉਂਦੀ ਹੈ, ਕਈ ਵਾਰ ਸ਼ਾਂਤ ਅਤੇ ਜਟਿਲ ਵਿਸ਼ਲੇਸ਼ਣ ਨਾਲੋਂ ਵੱਧ ਤੁਰੰਤ ਸਨਸਨੀ ਪੈਦਾ ਕਰ ਸਕਦੀ ਹੈ।

ਸਨਸਨੀ ? ਵੱਧ ਕਲਿੱਕ ? ਵੱਧ ਪਹੁੰਚ ? ਵੱਧ ਦਰਸ਼ਕ ? ਵੱਧ ਆਮਦਨ/ ਪ੍ਰਭਾਵ ? ਹੋਰ ਸਨਸਨੀ।

ਰਾਇਟਰਜ਼ ਇੰਸਟੀਟਿਊਟ ਦੀ 2025 ਰਿਪੋਰਟ ਵੀ ਦੱਸਦੀ ਹੈ ਕਿ ਵਿਸ਼ਵ ਪੱਧਰ ’ਤੇ ਸੋਸ਼ਲ ਵੀਡੀਓ ਦੀ ਖਪਤ 2020 ਦੇ 52% ਤੋਂ ਵਧ ਕੇ 2025 ਵਿੱਚ 65% ਹੋਈ ਅਤੇ ਵੀਡੀਓ ਰਾਹੀਂ ਖ਼ਬਰਾਂ ਦੀ ਖਪਤ 75% ਤੱਕ ਪਹੁੰਚੀ। ਰਿਪੋਰਟ ਅਨੁਸਾਰ ਇਸ ਨਾਲ ਖ਼ਬਰਾਂ ਦਾ ਖੇਤਰ ਵਿਅਕਤੀਗਤ ਪੇਸ਼ਕਾਰਾਂ, ਯੂਟਿਊਬਰਸ ਅਤੇ ਹੋਰ ‘ਪਰਸਨੈਲਿਟੀ -ਲੈਡ ’ ਮਾਡਲਾਂ ਵੱਲ ਵਧ ਰਿਹਾ ਹੈ।

ਇਸਦਾ ਮਤਲਬ ਇਹ ਨਹੀਂ ਕਿ ਹਰ ਡਿਜ਼ਿਟਲ ਪੱਤਰਕਾਰ ਜਾਂ ਹਰ ਯੂਟਿਊਬ ਚੈਨਲ ਸਨਸਨੀਖੇਜ਼ ਹੈ। ਬਿਲਕੁਲ ਨਹੀਂ। ਡਿਜ਼ਿਟਲ ਮੀਡੀਆ ਨੇ ਕਈ ਸੁਤੰਤਰ ਪੱਤਰਕਾਰਾਂ ਨੂੰ ਉਹ ਮੰਚ ਦਿੱਤਾ ਹੈ ਜੋ ਰਵਾਇਤੀ ਮੀਡੀਆ ਵਿੱਚ ਉਨ੍ਹਾਂ ਕੋਲ ਨਹੀਂ ਸੀ। ਮੁੱਦਾ ਮਾਧਿਅਮ ਨਹੀਂ, ਮਾਧਿਅਮ ਦੀ ਪ੍ਰੇਰਣਾ ਅਤੇ ਸੰਪਾਦਕੀ ਅਨੁਸ਼ਾਸਨ ਹੈ।

ਮੁੱਦਾ ਹੈ ਕਿ ਪੰਜਾਬ ਦੀਆਂ ਸਭ ਤੋਂ ਵੱਡੀਆਂ ਸਮੱਸਿਆਵਾਂ-

ਹਰ ਰੋਜ਼ ਦਾ ਨਵਾਂ ਬਿਆਨ ਹਨ ?

ਕੀ ਉਹ ਕਿਸੇ ਦੀ ਤਿੱਖੀ ਟਿੱਪਣੀ ਹੈ ?

ਕੀ ਉਹ ਕਿਸੇ ਛੋਟੀ ਘਟਨਾ ਨੂੰ ਭਾਈਚਾਰਕ ਟਕਰਾਅ ਦੇ ਫਰੇਮ ਵਿੱਚ ਪੇਸ਼ ਕਰਨਾ ਹੈ ?

ਜਾਂ ਫਿਰ ਉਹ ਨੌਜਵਾਨ ਹੈ ਜੋ ਡਿਗਰੀ ਹੱਥ ਵਿੱਚ ਲੈ ਕੇ ਰੁਜ਼ਗਾਰ ਲੱਭ ਰਿਹਾ ਹੈ?

ਸਰਕਾਰੀ ਪੀਐਲਐਫਐਸ ਅੰਕੜਿਆਂ ਵਿੱਚ 2024 ਦੀ ਦੂਜੀ ਤਿਮਾਹੀ ਦੌਰਾਨ ਪੰਜਾਬ ਦੇ ਸ਼ਹਿਰੀ 15-29 ਸਾਲ ਦੇ ਨੌਜਵਾਨਾਂ ਦੀ ਬੇਰੁਜ਼ਗਾਰੀ ਦਰ 21.8% ਦਰਜ ਹੋਈ ਸੀ। ਇਹ ਇੱਕ ਖਾਸ ਤਿਮਾਹੀ ਅਤੇ ਇੱਕ ਖਾਸ ਉਮਰ-ਸਮੂਹ ਦਾ ਅੰਕੜਾ ਹੈ। ਇਸਨੂੰ ਪੂਰੇ ਪੰਜਾਬ ਦੀ ਕੁੱਲ ਬੇਰੁਜ਼ਗਾਰੀ ਨਹੀਂ ਮੰਨਿਆ ਜਾ ਸਕਦਾ। ਪਰ ਇਹ ਨੌਜਵਾਨ ਰੁਜ਼ਗਾਰ ਦੇ ਸਵਾਲ ਦੀ ਗੰਭੀਰਤਾ ਵੱਲ ਜ਼ਰੂਰ ਇਸ਼ਾਰਾ ਕਰਦਾ ਹੈ।

ਇਸੇ ਤਰ੍ਹਾਂ ਸਿੱਖਿਆ ਦੀ ਕੁਆਲਟੀ ਦਾ ਸਵਾਲ ਸਿਰਫ਼ ਇਮਤਿਹਾਨ ਦੇ ਨਤੀਜਿਆਂ ਨਾਲ ਖ਼ਤਮ ਨਹੀਂ ਹੁੰਦਾ। ਏ.ਐਸ.ਏ.ਆਰ ਵਰਗੇ ਮੁਲਾਂਕਣ ਬੱਚਿਆਂ ਦੀ ਬੁਨਿਆਦੀ ਪੜ੍ਹਨ ਅਤੇ ਗਣਿਤਕ ਸਮਰੱਥਾ ਨੂੰ ਮਾਪਣ ਲਈ ਉਮਰ ਜਾਂ ਜਮਾਤ ਤੋਂ ਇਲਾਵਾ ਸਿੱਧੇ ਲਰਨਿੰਗ ਆਊਟਕਮਸ ਨੂੰ ਵੇਖਦੇ ਹਨ। ਇਹ ਉਹ ਖ਼ਬਰਾਂ ਹਨ ਜਿਨ੍ਹਾਂ ਲਈ ਪੱਤਰਕਾਰ ਨੂੰ ਇੱਕ ਦਿਨ ਨਹੀਂ, ਕਈ ਹਫ਼ਤੇ ਲੱਗ ਸਕਦੇ ਹਨ।

ਇੱਕ ਸਰਕਾਰੀ ਸਕੂਲ ਦੀ ਹਕੀਕਤ ਜਾਣਨ ਲਈ ਸਿਰਫ਼ ਕੈਮਰਾ ਲੈ ਕੇ ਪਹੁੰਚ ਜਾਣਾ ਕਾਫ਼ੀ ਨਹੀਂ। ਅਧਿਆਪਕਾਂ ਨਾਲ ਗੱਲ ਕਰਨੀ ਪਵੇਗੀ, ਵਿਦਿਆਰਥੀਆਂ ਦੀ ਪੜ੍ਹਨ ਸਮਰੱਥਾ ਵੇਖਣੀ ਪਵੇਗੀ, ਹਾਜ਼ਰੀ ਦੇ ਅੰਕੜੇ ਲੈਣੇ ਪੈਣਗੇ, ਬਜਟ ਅਤੇ ਸਰਕਾਰੀ ਰਿਕਾਰਡ ਪੜ੍ਹਨੇ ਪੈਣਗੇ ਅਤੇ ਫਿਰ ਉਸ ਸਾਰੀ ਜਾਣਕਾਰੀ ਨੂੰ ਸੰਦਰਭ ਸਮੇਤ ਲੋਕਾਂ ਸਾਹਮਣੇ ਰੱਖਣਾ ਪਵੇਗਾ। ਪਰ ਇਹ ਖ਼ਬਰ ਸ਼ਾਇਦ 30 ਸਕਿੰਟ ਵਿੱਚ ‘ਵਾਇਰਲ’ ਨਾ ਹੋਵੇ।

ਇੱਕ ਉਤੇਜਕ ਸਿਰਲੇਖ ਵੱਜੋਂ ਸਮਾਜ ਨੂੰ ਗੁੱਸੇ ਵਿੱਚ ਰੱਖਣਾ ਸਭ ਤੋਂ ਆਸਾਨ ਸੰਪਾਦਕੀ ਤਕਨੀਕ ਹੈ ਸਮਾਜਕ ਪਛਾਣਾਂ ਜਿਵੇਂ ਧਰਮ, ਭਾਸ਼ਾ, ਖੇਤਰ, ਜਾਤੀ, ਭਾਈਚਾਰਾ ਮਨੁੱਖੀ ਜੀਵਨ ਦਾ ਹਿੱਸਾ ਹਨ। ਇਨ੍ਹਾਂ ਨਾਲ ਜੁੜੇ ਅਸਲ ਮੁੱਦਿਆਂ ’ਤੇ ਪੱਤਰਕਾਰੀ ਹੋਣੀ ਚਾਹੀਦੀ ਹੈ।

ਪਰ ਜਦੋਂ ਹਰ ਛੋਟੀ ਘਟਨਾ ਨੂੰ ‘ਅਸੀਂ ਬਨਾਮ ਉਹ’ ਦੇ ਫਰੇਮ ਵਿੱਚ ਪੇਸ਼ ਕੀਤਾ ਜਾਣ ਲੱਗੇ, ਤਾਂ ਖ਼ਬਰ ਜਾਣਕਾਰੀ ਤੋਂ ਵੱਧ ਭਾਵਨਾਤਮਕ ਉਤਪਾਦ ਬਣ ਜਾਂਦੀ ਹੈ।

ਇੱਥੇ ਹੀ ‘ਐਲਗੋਰਿਥਮਿਕ ਆਊਟਰੇਜ ’ ਦੀ ਧਾਰਨਾ ਮਹੱਤਵਪੂਰਨ ਹੋ ਜਾਂਦੀ ਹੈ ਮਤਲਬ ਕਿ ਉਹ ਡਿਜ਼ਿਟਲ ਮਾਹੌਲ ਜਿਸ ਵਿੱਚ ਤਿੱਖੀ ਭਾਵਨਾਤਮਕ ਪ੍ਰਤੀਕਿਰਿਆ ਸਮੱਗਰੀ ਨੂੰ ਵੱਧ ਤਵੱਜੋ ਦੇ ਸਕਦੀ ਹੈ।

ਭਾਰਤ ਬਾਰੇ ਰਾਇਟਰਜ਼ ਇੰਸਟੀਟਿਊਟ ਦੀ ਰਿਪੋਰਟ ਵਿੱਚ ਵੀ ਤੱਥ ਹੀਣ ਜਾਣਕਾਰੀ ਬਾਰੇ ਚਿੰਤਾ ਸਾਹਮਣੇ ਆਉਂਦੀ ਹੈ। 2025 ਦੇ ਸਰਵੇਖਣ ਵਿੱਚ ਭਾਰਤੀ ਜਵਾਬ ਦੇਣ ਵਾਲਿਆਂ ਵਿੱਚ 53% ਨੇ ਵ੍ਹਟਸਐਪ ਨੂੰ ਝੂਠੀ ਜਾਂ ਗੁੰਮਰਾਹਕੁੰਨ ਜਾਣਕਾਰੀ ਲਈ ਸਭ ਤੋਂ ਵੱਡਾ ਖ਼ਤਰਾ ਦੱਸਿਆ।

ਇਸ ਲਈ ਮਸਲਾ ਸਿਰਫ਼ ‘ਝੂਠੀ ਖ਼ਬਰ’ ਨਹੀਂ। ਮਸਲਾ ਇਹ ਵੀ ਹੈ ਕਿ ਸੱਚੀ ਖ਼ਬਰ ਵਿੱਚੋਂ ਕਿਹੜਾ ਹਿੱਸਾ ਦਿਖਾਇਆ ਜਾਂਦਾ ਹੈ ਅਤੇ ਕਿਹੜਾ ਹਿੱਸਾ ਗਾਇਬ ਕਰ ਦਿੱਤਾ ਜਾਂਦਾ ਹੈ।

ਕਈ ਵਾਰ ਜਾਣਕਾਰੀ ਨੂੰ ਝੂਠਾ ਬਣਾਉਣ ਲਈ ਝੂਠ ਬੋਲਣ ਦੀ ਲੋੜ ਨਹੀਂ ਹੁੰਦੀ, ਸਬਜੈਕਟ ਹਟਾ ਦੇਣਾ ਹੀ ਕਾਫ਼ੀ ਹੁੰਦਾ ਹੈ।

ਪੰਜਾਬ ਨੂੰ ਅੱਜ ਅਜਿਹੀ ਪੱਤਰਕਾਰੀ ਦੀ ਲੋੜ ਹੈ ਜੋ ਸਰਕਾਰ ਤੋਂ ਸਵਾਲ ਕਰੇ, ਪਰ ਸਿਰਫ਼ ਸਰਕਾਰ ਨਾਲ ਨਹੀਂ ਸਗੋਂ ਵਿਰੋਧੀ ਧਿਰ ਨਾਲ ਵੀ ਕਰੇ ਅਤੇ ਖ਼ਬਰ ਨੂੰ ਸੰਤੁਲਿਤ ਕਰੇ।

ਜੋ ਕਿਸੇ ਧਾਰਮਿਕ ਭਾਈਚਾਰੇ ਦੀ ਭਾਵਨਾ ਨੂੰ ਤਾਂ ਸਮਝੇ, ਪਰ ਭਾਵਨਾ ਨੂੰ ਤੱਥ ਦਾ ਬਦਲ ਨਾ ਬਣਾਏ।

ਜੋ ਕਿਸਾਨ ਦੀ ਪੀੜਾ ਦਿਖਾਏ, ਪਰ ਅੰਕੜਿਆਂ ਦੀ ਜਾਂਚ ਵੀ ਕਰੇ।

ਜੋ ਨੌਜਵਾਨ ਦੀ ਬੇਰੁਜ਼ਗਾਰੀ ਨੂੰ ਸਿਰਫ਼ ‘ਵਿਦੇਸ਼ ਜਾਣ ਦੀ ਲਹਿਰ’ ਕਹਿ ਕੇ ਖ਼ਤਮ ਨਾ ਕਰੇ, ਸਗੋਂ ਪੁੱਛੇ ਕਿ ਸਥਾਨਕ ਅਰਥਵਿਵਸਥਾ ਕਿਹੜੀਆਂ ਨੌਕਰੀਆਂ ਪੈਦਾ ਕਰ ਰਹੀ ਹੈ।

ਜੋ ਸਕੂਲ ਦੀ ਇਮਾਰਤ ਦੀ ਤਸਵੀਰ ਤੋਂ ਅੱਗੇ ਵਧ ਕੇ ਪੁੱਛੇ ਕਿ ਬੱਚੇ ਅਸਲ ਵਿੱਚ ਸਿੱਖ ਕੀ ਰਹੇ ਹਨ ?

ਅਤੇ ਜੋ ਹਰ ਘਟਨਾ ਨੂੰ ‘ਬ੍ਰੇਕਿੰਗ’ ਬਣਾਉਣ ਦੀ ਥਾਂ ਕਦੇ-ਕਦੇ ਇਹ ਵੀ ਕਹੇ— ਇਹ ਖ਼ਬਰ ਅੱਜ ਨਹੀਂ, ਪਰ ਪੂਰੀ ਜਾਂਚ ਤੋਂ ਬਾਅਦ ਦੱਸਾਂਗੇ। ਇਹੀ ਪੱਤਰਕਾਰੀ ਦੀ ਅਸਲ ਤਾਕਤ ਹੈ।

ਰਵਾਇਤੀ ਪ੍ਰਿੰਟ ਮੀਡੀਆ ਵਿੱਚ ਵੀ ਪੱਖਪਾਤ, ਵਪਾਰਕ ਦਬਾਅ ਅਤੇ ਗਲਤੀਆਂ ਰਹੀਆਂ ਹਨ। ਇਸ ਲਈ ਪੁਰਾਣੇ ਮਾਡਲ ਨੂੰ ਆਪਣੇ ਆਪ ਸੰਪੂਰਨ ਮੰਨਣਾ ਵੀ ਠੀਕ ਨਹੀਂ।

ਦੂਜੇ ਪਾਸੇ ਡਿਜ਼ਿਟਲ ਮੀਡੀਆ ਨੇ ਖ਼ਬਰਾਂ ਨੂੰ ਲੋਕਾਂ ਦੇ ਹੱਥ ਵਿੱਚ ਪਹੁੰਚਾਇਆ ਹੈ। ਇੱਕ ਛੋਟੇ ਸ਼ਹਿਰ ਦਾ ਪੱਤਰਕਾਰ ਹੁਣ ਆਪਣੇ ਮੋਬਾਈਲ ਨਾਲ ਹਜ਼ਾਰਾਂ ਲੋਕਾਂ ਤੱਕ ਪਹੁੰਚ ਸਕਦਾ ਹੈ। ਇਹ ਲੋਕਤੰਤਰਕ ਸੰਭਾਵਨਾ ਬੇਹੱਦ ਮਹੱਤਵਪੂਰਨ ਹੈ।

ਅਸਲ ਬਖੇੜਾ ਪਰਿੰਟ ਬਨਾਮ ਡਿਜਿਟਲ ਦੀ ਨਹੀਂ।

ਅਸਲ ਲੜਾਈ ਹੈ—

ਪੱਤਰਕਾਰੀ ਬਨਾਮ ਸਨਸਨੀ।

ਤੱਥ ਬਨਾਮ ਅਫ਼ਵਾਹ।

ਸੰਦਰਭ ਬਨਾਮ ਕਲਿੱਪ।

ਪੜਤਾਲ ਬਨਾਮ ਪ੍ਰਤੀਕਿਰਿਆ।

ਜਨਹਿੱਤ ਬਨਾਮ ਸਿਰਫ਼ ਮਸਰੂਫ਼ੀਅਤ।

ਜੇ ਖੇਤਰੀ ਮੀਡੀਆ ਆਪਣੀ ਭਰੋਸੇਯੋਗਤਾ ਬਚਾਉਣਾ ਚਾਹੁੰਦਾ ਹੈ ਤਾਂ ਉਸਨੂੰ ਮੁੜ ਜ਼ਮੀਨ ਵੱਲ ਜਾਣਾ ਪਵੇਗਾ।

ਪਿੰਡਾਂ ਵਿੱਚ ਜਾਣਾ ਪਵੇਗਾ।

ਸਕੂਲਾਂ ਵਿੱਚ ਜਾਣਾ ਪਵੇਗਾ।

ਹਸਪਤਾਲਾਂ ਵਿੱਚ ਜਾਣਾ ਪਵੇਗਾ।

ਰੁਜ਼ਗਾਰ ਦਫ਼ਤਰਾਂ ਵਿੱਚ ਜਾਣਾ ਪਵੇਗਾ।

ਅਦਾਲਤੀ ਰਿਕਾਰਡ ਪੜ੍ਹਨੇ ਪੈਣਗੇ।

ਸਰਕਾਰੀ ਅੰਕੜਿਆਂ ਦੀ ਜਾਂਚ ਕਰਨੀ ਪਵੇਗੀ।

ਅਤੇ ਸਭ ਤੋਂ ਵੱਧ ਲੋਕਾਂ ਦੀ ਗੱਲ ਸੁਣਨੀ ਪਵੇਗੀ।

ਕਿਉਂਕਿ ਇੱਕ ਸਮਾਜ ਨੂੰ ਲਗਾਤਾਰ ਗੁੱਸੇ ਵਿੱਚ ਰੱਖਣਾ ਆਸਾਨ ਹੈ ਲੇਕਿਨ ਉਸਨੂੰ ਲਗਾਤਾਰ ਸੋਚਣ ਲਈ ਮਜਬੂਰ ਕਰਨਾ ਔਖਾ ਹੈ।

ਪੰਜਾਬ ਦੀ ਪੱਤਰਕਾਰੀ ਦਾ ਭਵਿੱਖ ਇਸ ਗੱਲ ਨਾਲ ਤੈਅ ਨਹੀਂ ਹੋਵੇਗਾ ਕਿ ਕਿਸ ਚੈਨਲ ਦੇ ਕਿੰਨੇ ਵਿਊਜ਼ ਹਨ।

ਇਹ ਇਸ ਗੱਲ ਨਾਲ ਤੈਅ ਹੋਵੇਗਾ ਕਿ ਕਿੰਨੇ ਲੋਕਾਂ ਨੂੰ ਸਹੀ ਸਵਾਲ ਪੁੱਛਣ ਦੀ ਹਿੰਮਤ ਮਿਲੀ।

ਅੱਜ ਪੰਜਾਬ ਨੂੰ ਹੋਰ ਸ਼ੋਰ ਦੀ ਨਹੀਂ, ਹੋਰ ਸੱਚੀ ਰਿਪੋਰਟਿੰਗ ਦੀ ਲੋੜ ਹੈ। ਕਿਉਂਕਿ ਜਦੋਂ ਮੀਡੀਆ ਲੋਕਾਂ ਨੂੰ ਹਰ ਰੋਜ਼ ਕਿਸੇ ਨਵੇਂ ਵਿਵਾਦ ਵਿੱਚ ਉਲਝਾ ਦੇਵੇ, ਤਾਂ ਸਭ ਤੋਂ ਖ਼ਤਰਨਾਕ ਖ਼ਬਰ ਉਹ ਨਹੀਂ ਹੁੰਦੀ ਜੋ ਝੂਠੀ ਹੈ।

ਸਭ ਤੋਂ ਖ਼ਤਰਨਾਕ ਖ਼ਬਰ ਉਹ ਹੁੰਦੀ ਹੈ ਜੋ ਸੱਚੇ ਸਵਾਲ ਨੂੰ ਲੋਕਾਂ ਦੀ ਨਜ਼ਰ ਤੋਂ ਹੀ ਗਾਇਬ ਕਰ ਦੇਵੇ।

## ਵਿਸ਼ਵ ਸੈਰ-ਸਪਾਟਾ ਦਿਵਸ ਮੌਕੇ ਵਿਰਾਸਤ-ਏ-ਖਾਲਸਾ ਵਿਖੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਸਟਾਫ ਨਾਲ ਮਨਾਇਆ ਵਿਸ਼ਵ ਸੈਰ-ਸਪਾਟਾ ਦਿਵਸ

ਸ੍ਰੀ ਆਨੰਦਪੁਰ ਸਾਹਿਬ, 29 ਸਤੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਵਿਸ਼ਵ ਸੈਰ-ਸਪਾਟਾ ਦਿਵਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਸ੍ਰ. ਹਰਜੋਤ ਸਿੰਘ ਬੈਂਸ ਨੇ ਵਿਸ਼ਵ ਪ੍ਰਸਿੱਧ ਵਿਰਾਸਤ-ਏ-ਖਾਲਸਾ, ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਰਾਸਤ-ਏ-ਖਾਲਸਾ ਦੇ ਸਟਾਫ ਨਾਲ ਵਿਸ਼ਵ ਸੈਰ-ਸਪਾਟਾ ਦਿਵਸ ਮਨਾਇਆ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸੈਰ-ਸਪਾਟੇ ਨੂੰ ਹੋਰ ਪ੍ਰਫੁੱਲਤ ਕਰਨ ਅਤੇ ਪੰਜਾਬ ਦੀ ਅਮੀਰ ਸੱਭਿਆਚਾਰਕ, ਧਾਰਮਿਕ ਤੇ ਇਤਿਹਾਸਕ ਵਿਰਾਸਤ ਨੂੰ ਦੇਸ਼-ਵਿਦੇਸ਼ ਤੱਕ ਪਹੁੰਚਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਆਪਣੀ ਵਿਲੱਖਣ ਸੱਭਿਆਚਾਰਕ ਪਛਾਣ, ਇਤਿਹਾਸਕ ਵਿਰਾਸਤ, ਧਾਰਮਿਕ ਅਸਥਾਨਾਂ ਅਤੇ ਕੁਦਰਤੀ ਸੁੰਦਰਤਾ ਕਾਰਨ ਦੁਨੀਆ ਭਰ ਦੇ ਸੈਲਾਨੀਆਂ ਲਈ ਖਿੱਚ ਦਾ ਕੇਂਦਰ ਬਣਨ ਦੀਆਂ ਵੱਡੀਆਂ ਸੰਭਾਵਨਾਵਾਂ ਰੱਖਦਾ ਹੈ।

ਸ੍ਰ. ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸੈਰ-ਸਪਾਟੇ ਦੀਆਂ ਨਵੀਆਂ ਸੰਭਾਵਨਾਵਾਂ ਦੀ ਲਗਾਤਾਰ ਤਲਾਸ਼ ਕੀਤੀ ਜਾ ਰਹੀ ਹੈ ਅਤੇ ਵੱਖ-ਵੱਖ ਸੈਰ-ਸਪਾਟਾ ਸਥਾਨਾਂ ਨੂੰ ਹੋਰ ਵਿਕਸਤ ਕਰਕੇ ਸੈਲਾਨੀਆਂ ਲਈ ਆਕਰਸ਼ਣ ਦਾ ਕੇਂਦਰ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਵੱਖ-ਵੱਖ ਧਰਮਾਂ, ਭਾਈਚਾਰਿਆਂ ਅਤੇ ਸੱਭਿਆਚਾਰਾਂ ਨਾਲ ਸਬੰਧਤ ਸਮਾਗਮ ਕਰਵਾਏ ਜਾ ਰਹੇ ਹਨ, ਜਿਸ ਨਾਲ ਪੰਜਾਬ ਦੀ ਬਹੁ-ਵਿਭਿੰਨਤਾ ਅਤੇ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤੀ ਮਿਲ ਰਹੀ ਹੈ। ਇਨ੍ਹਾਂ ਸਮਾਗਮਾਂ ਰਾਹੀਂ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ, ਇਤਿਹਾਸਕ ਧਰੋਹਰ ਅਤੇ ਧਾਰਮਿਕ ਮਹੱਤਤਾ ਨੂੰ ਦੇਸ਼-ਵਿਦੇਸ਼ ਤੋਂ ਆਉਣ ਵਾਲੇ ਸੈਲਾਨੀਆਂ ਸਾਹਮਣੇ ਪੇਸ਼ ਕੀਤਾ ਜਾ ਰਿਹਾ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਤਿਹਾਸਕ ਅਤੇ ਵਿਰਾਸਤੀ ਸਥਾਨਾਂ ਦੇ ਵਿਕਾਸ ਵੱਲ



ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਸਿੱਖ ਇਤਿਹਾਸ ਅਤੇ ਵਿਰਾਸਤ ਵਿੱਚ ਵਿਸ਼ੇਸ਼ ਸਥਾਨ ਰੱਖਦੀ ਹੈ। ਇਸੇ ਤਹਿਤ ਇੱਥੇ ਪੰਜ ਪਿਆਰਾ ਪਾਰਕ ਨੂੰ ਹੋਰ ਸੁੰਦਰ ਅਤੇ ਆਧੁਨਿਕ ਢੰਗ ਨਾਲ ਵਿਕਸਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਭਾਈ ਜੈਤਾ ਜੀ ਯਾਦਗਾਰ ਵਰਗੇ ਮਹੱਤਵਪੂਰਨ ਸਥਾਨ ਵੀ ਸੈਲਾਨੀਆਂ ਅਤੇ ਸੰਗਤ ਲਈ ਖਿੱਚ ਦਾ ਕੇਂਦਰ ਬਣ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਜੈਕਟ ਪੰਜਾਬ ਦੇ ਸ਼ਾਨਾਮੱਤੇ ਇਤਿਹਾਸ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ।

ਸ੍ਰ.ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਧਰਮਾਂ ਅਤੇ ਸੱਭਿਆਚਾਰਾਂ ਨਾਲ ਸਬੰਧਤ ਧਾਰਮਿਕ ਤੇ ਸੱਭਿਆਚਾਰਕ ਸਮਾਗਮਾਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਅਤੇ ਨਵੇਂ ਸੈਰ-ਸਪਾਟਾ ਪ੍ਰੋਜੈਕਟਾਂ ਦੀਆਂ ਸੰਭਾਵਨਾਵਾਂ ਵੀ ਤਲਾਸ਼ੀਆਂ ਜਾ ਰਹੀਆਂ ਹਨ। ਇਸ ਦਾ ਉਦੇਸ਼ ਪੰਜਾਬ ਆਉਣ ਵਾਲੇ ਸੈਲਾਨੀਆਂ ਨੂੰ ਵੱਧ ਤੋਂ ਵੱਧ ਨਵੇਂ ਅਤੇ ਵਿਲੱਖਣ ਤਜਰਬੇ ਪ੍ਰਦਾਨ ਕਰਨਾ ਹੈ।

## ਐਸ.ਡੀ.ਐਮ. ਪਟਿਆਲਾ ਵੱਲੋਂ ਝੋਨੇ ਦੀ ਵਾਢੀ ਤੋਂ ਪਹਿਲਾਂ ਬੇਲਰ ਮਾਲਕਾਂ ਨਾਲ ਕੀਤੀ ਗਈ ਮੀਟਿੰਗ



ਪਟਿਆਲਾ, 29 ਸਤੰਬਰ
-ਛਤਰਪਾਲ ਸਿੰਘ-

ਡਿਪਟੀ ਕਮਿਸ਼ਨਰ ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਐਸ.ਡੀ.ਐਮ. ਪਟਿਆਲਾ ਗੁਰਦੇਵ ਸਿੰਘ ਧੰਮ ਵੱਲੋਂ ਤਹਿਸੀਲ ਪਟਿਆਲਾ ਵਿਚ ਪਰਾਲੀ ਪ੍ਰਬੰਧਨ ਦੇ ਸੁਚੱਜੇ ਪ੍ਰਬੰਧ ਕਰਨ ਅਤੇ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਘੱਟ ਕਰਨ ਹਿੱਤ ਤਹਿਸੀਲ ਪਟਿਆਲਾ ਦੇ ਸਮੂਹ ਬੇਲਰ ਮਾਲਕਾਂ ਅਤੇ ਖੇਤੀਬਾੜੀ ਵਿਭਾਗ ਦੇ ਅਧੀਕਾਰੀਆਂ/ ਕਰਮਚਾਰੀਆਂ ਨਾਲ ਮੀਟਿੰਗ ਕਰਦਿਆਂ ਸਮੂਹ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਵਾਢੀ ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਤਹਿ ਕੀਤੇ ਸਮੇਂ ਅਨੁਸਾਰ ਅਤੇ ਸੁਪਰ ਐਸ.ਐਮ.ਐਸ. ਲਗੀ ਕੰਬਾਇਨ ਨਾਲ ਕਰਨ ਤਾਂ ਜੋ ਪਰਾਲੀ ਨੂੰ ਖੇਤਾਂ ਵਿਚ ਮਿਲਾ ਕੇ ਧਰਤੀ ਦੀ ਉਪਜਾਊ ਸ਼ਕਤੀ ਵਧਾਈ ਜਾ ਸਕੇ ਅਤੇ ਵਾਤਾਵਰਣ ਨੂੰ ਦੂਸ਼ਿਤ ਹੋਣ ਤੋਂ ਬਚਾਇਆ ਜਾ ਸਕੇ। ਉਹਨਾਂ ਨੇ ਦਸਿਆ ਕਿ ਜਿਹਨਾਂ ਕਿਸਾਨਾਂ ਨੇ ਪਰਾਲੀ ਦੀਆਂ ਗੱਠਾਂ ਬਣਾਉਣੀਆਂ ਹੋਣ ਉਹ ਹੁਣ ਤੋਂ ਹੀ ਖੇਤੀਬਾੜੀ ਵਿਭਾਗ ਅਤੇ ਕੋਆਪ੍ਰੇਟਿਵ ਵਿਭਾਗ ਨਾਲ ਸੰਪਰਕ ਕਰਕੇ ਬੇਲਰ ਦੀ ਮੰਗ ਸਬੰਧੀ ਪਿੰਡ ਦਾ ਵੇਰਵਾ ਦੇ ਸਕਦੇ ਹਨ।

## ਘਮਰੌਦਾ ਤੇ ਮੰਡੌਰ ’ਚ ਗੰਦੇ ਪਾਣੀ ਦੀ ਸਮੱਸਿਆ ਦਾ ਹੋਵੇਗਾ ਹੱਲ: ਡਾ. ਬਲਬੀਰ ਸਿੰਘ



ਪਟਿਆਲਾ, 29 ਸਤੰਬਰ
-ਛਤਰਪਾਲ ਸਿੰਘ-

ਪਟਿਆਲਾ ਦਿਹਾਤੀ ਵਿੱਚ ਵਿਕਾਸ ਕਾਰਜਾਂ ਨੂੰ ਨਵੀਂ ਰਫ਼ਤਾਰ ਦਿੰਦਿਆ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡ ਘਮਰੌਦਾ ਅਤੇ ਮੰਡੌਰ ਵਿਖੇ ਸੈਨੀਟੇਸ਼ਨ ਅਤੇ ਛੱਪੜਾਂ ਦੇ ਨਵੀਨੀਕਰਨ ਕਾਰਜਾਂ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਉਨ੍ਹਾਂ ਦੇ ਨਾਲ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ੍ਰ. ਦਮਨਜੀਤ ਸਿੰਘ ਮਾਨ ਅਤੇ ਐੱਸ.ਡੀ.ਐੱਮ. ਨਾਭਾ ਸ੍ਰ. ਰਵਿੰਦਰਪਾਲ ਸਿੰਘ ਸੋਮਲ ਵੀ ਮੌਜੂਦ ਸਨ।

ਇਸ ਤੋਂ ਇਲਾਵਾ ਡਾ. ਬਲਬੀਰ ਸਿੰਘ ਨੇ ਪਿੰਡ ਹਿਆਣਾ ਕਲਾਂ ਵਿਖੇ 24 ਘੰਟੇ ਬਿਜਲੀ ਸਪਲਾਈ ਦੀ ਸ਼ੁਰੂਆਤ ਵੀ ਕਰਵਾਈ। ਉਨ੍ਹਾਂ ਦੱਸਿਆ ਕਿ ਮੰਡੌਰ ਵਿਖੇ ਲਗਭਗ 2.5 ਕਰੋੜ ਰੁਪਏ ਅਤੇ ਘਮਰੌਦਾ ਵਿਖੇ 1 ਕਰੋੜ ਰੁਪਏ ਦੀ ਲਾਗਤ ਨਾਲ ਸੈਨੀਟੇਸ਼ਨ ਅਤੇ ਛੱਪੜਾਂ ਦੇ ਨਵੀਨੀਕਰਨ ਦੇ ਕੰਮ ਸ਼ੁਰੂ ਕੀਤੇ ਗਏ ਹਨ। ਸਿਹਤ ਮੰਤਰੀ ਨੇ ਕਿਹਾ ਕਿ ਪਿੰਡਾਂ ਵਿੱਚ ਗੰਦੇ ਪਾਣੀ ਦੀ ਸਮੱਸਿਆ ਨੂੰ ਹੱਲ ਕਰਨ ਦੇ ਨਾਲ-ਨਾਲ ਪਾਣੀ ਨੂੰ ਸਾਫ਼ ਕਰਕੇ ਇਸ ਦੀ ਸੁਚੱਜੀ ਮੁੜ ਵਰਤੋਂ ਅਤੇ ਪਿੰਡਾਂ ਦੇ ਵਾਤਾਵਰਨ ਨੂੰ ਬਿਹਤਰ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਘਮਰੌਦਾ ਅਤੇ ਮੰਡੌਰ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਦੋਵਾਂ ਪਿੰਡਾਂ ਵਿੱਚ ਗੰਦੇ ਪਾਣੀ ਦੀ ਸਮੱਸਿਆ ਲੰਮੇ ਸਮੇਂ ਤੋਂ ਲੋਕਾਂ ਲਈ ਮੁਸ਼ਕਲ ਦਾ ਕਾਰਨ ਬਣੀ ਹੋਈ ਸੀ। ਇਸ ਦੇ ਹੱਲ ਲਈ ਆਧੁਨਿਕ ਸੀਵਰੇਜ ਟ੍ਰੀਟਮੈਂਟ ਪ੍ਰਣਾਲੀ ਵਿਕਸਤ ਕੀਤੀ ਜਾ ਰਹੀ ਹੈ, ਜਿਸ ਤਹਿਤ ਗੰਦੇ ਪਾਣੀ ਨੂੰ ਵੱਖ-ਵੱਖ ਪੜਾਵਾਂ ਵਿੱਚੋਂ ਲੰਘਾ ਕੇ ਸਾਫ਼ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਘਮਰੌਦਾ ਪਿੰਡ ਵਿੱਚ ਸੀਵਰੇਜ ਦੇ ਗੰਦੇ ਪਾਣੀ ਦੀ ਨਿਕਾਸੀ ਕਾਰਨ ਲਗਭਗ ਸਾਢੇ ਚਾਰ ਏਕੜ ਰਕਬੇ ਵਿੱਚ ਗੰਦਗੀ ਅਤੇ ਬਦਬੂ ਦੀ ਸਮੱਸਿਆ ਪੈਦਾ ਹੋ ਰਹੀ ਸੀ। ਹੁਣ ਇੱਥੇ ਆਧੁਨਿਕ ਤਕਨੀਕ ਰਾਹੀਂ ਸੀਵਰੇਜ ਦੇ ਪਾਣੀ ਨੂੰ ਟ੍ਰੀਟ ਕਰਨ ਲਈ ਚੈਂਬਰ ਬਣਾਏ ਜਾ ਰਹੇ ਹਨ। ਇਸ ਪ੍ਰਾਜੈਕਟ ਲਈ ਆਈ.ਆਈ.ਟੀ. ਰੋਪੜ ਦੀ ਤਕਨੀਕੀ ਸਹਾਇਤਾ ਵੀ ਲਈ ਜਾ ਰਹੀ ਹੈ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਟ੍ਰੀਟਮੈਂਟ ਤੋਂ ਬਾਅਦ ਪਾਣੀ ਦੀ ਮੁੜ ਵਰਤੋਂ ਕੀਤੀ ਜਾ ਸਕੇਗੀ ਅਤੇ ਇਸ ਵਿੱਚ ਮੱਛੀ ਪਾਲਣ ਵਰਗੀਆਂ ਗਤੀਵਿਧੀਆਂ ਨੂੰ ਵੀ ਉਤਸ਼ਾਹਿਤ ਕੀਤਾ ਜਾਵੇਗਾ। ਮੱਛੀ ਪਾਲਣ ਤੋਂ ਹੋਣ ਵਾਲੀ ਆਮਦਨ ਪੰਚਾਇਤ ਦੇ ਖਾਤੇ ਵਿੱਚ ਜਾਵੇਗੀ, ਜਿਸ ਨਾਲ ਪ੍ਰਾਜੈਕਟ ਦੀ ਦੇਖ-ਰੇਖ ਅਤੇ ਰੱਖ-ਰਖਾਅ ਲਈ ਲੋੜੀਂਦੇ ਮਨੁੱਖੀ ਸਰੋਤਾਂ ਦਾ ਪ੍ਰਬੰਧ ਕੀਤਾ ਜਾ ਸਕੇਗਾ।

ਸਿਹਤ ਮੰਤਰੀ ਨੇ ਦੱਸਿਆ ਕਿ ਇਨ੍ਹਾਂ ਪ੍ਰਾਜੈਕਟਾਂ ਨੂੰ ਸਿਰਫ਼ ਗੰਦੇ ਪਾਣੀ ਦੇ ਨਿਪਟਾਰੇ ਤੱਕ ਸੀਮਤ ਨਹੀਂ ਰੱਖਿਆ ਜਾ ਰਿਹਾ, ਸਗੋਂ ਇਨ੍ਹਾਂ ਨੂੰ ਮਾਡਲ ਵਾਤਾਵਰਨ ਪਾਰਕਾਂ ਵਜੋਂ ਵਿਕਸਤ ਕਰਨ ਦੀ ਯੋਜਨਾ ਹੈ। ਇਨ੍ਹਾਂ ਥਾਵਾਂ ’ਤੇ ਨਾਨਕ ਬਗੀਚੀ, ਪੌਦੇ ਲਗਾਉਣ, ਵਿਰਾਸਤੀ ਰੁੱਖਾਂ ਦੀ ਸੰਭਾਲ ਅਤੇ ਬਟਰਫਲਾਈ ਪਾਰਕ ਵਰਗੀਆਂ ਗਤੀਵਿਧੀਆਂ ਵਿਕਸਤ ਕੀਤੀਆਂ ਜਾਣਗੀਆਂ।




## ਸੂਬੇ ਵਿੱਚ ਪੀਜ਼ਾ ਨਾਲੋਂ ਵੀ ਤੇਜ਼ੀ ਨਾਲ ਹੋ ਰਹੀ ਹੈ ਨਸ਼ਿਆਂ ਦੀ ਹੋਮ ਡਿਲੀਵਰੀ’: ਸੰਜੇ ਭਾਟੀਆ

ਨਾਭਾ, 29 ਸਤੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਭਾਜਪਾ ਦੇ ਰਾਜ ਸਭਾ ਮੈਂਬਰ ਸੰਜੇ ਭਾਟੀਆ ਨੇ ਕਿਹਾ ਹੈ ਕਿ ਨਸ਼ਿਆਂ ਦੀ ਸਮੱਸਿਆ ਸਿਰਫ਼ ਪੰਜਾਬ ਜਾਂ ਭਾਰਤ ਤੱਕ ਸੀਮਤ ਨਹੀਂ, ਸਗੋਂ ਪੂਰੀ ਦੁਨੀਆ ਲਈ ਚੁਣੌਤੀ ਹੈ ਅਤੇ ਅਸਲ ਫ਼ਰਕ ਇਸ ਗੱਲ ਦਾ ਹੁੰਦਾ ਹੈ ਕਿ ਸਰਕਾਰਾਂ ਇਸ ਨਾਲ ਕਿਵੇਂ ਨਜਿੱਠਦੀਆਂ ਹਨ।

ਭਾਜਪਾ ਦੀ ’ਨਸ਼ਾ ਮੁਕਤ ਪੰਜਾਬ ਯਾਤਰਾ’ ਦੌਰਾਨ ਸੋਮਵਾਰ ਨੂੰ ਨਾਭਾ ਪੁੱਜੇ ਭਾਟੀਆ ਇਹ ਜਵਾਬ ਉਸ ਵੇਲੇ ਦੇ ਰਹੇ ਸਨ ਜਦੋਂ ਪੱਤਰਕਾਰਾਂ ਨੇ ਉਨ੍ਹਾਂ ਤੋਂ ਪੁੱਛਿਆ ਕਿ ਭਾਜਪਾ ਨੇ ਹੁਣ ਤੱਕ ਆਪਣੇ ਕਿੰਨੇ ਸ਼ਾਸਿਤ ਰਾਜਾਂ ਨੂੰ ਨਸ਼ਾ ਮੁਕਤ ਬਣਾਇਆ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਵਰਗੀ ਸਮੱਸਿਆ ਦਾ ਪੂਰੀ ਤਰ੍ਹਾਂ ਖ਼ਾਤਮਾ ਕਿਸੇ ਇੱਕ ਸੂਬੇ ਵਿੱਚ ਨਹੀਂ ਹੋਇਆ, ਪਰ ਭਾਜਪਾ ਸ਼ਾਸਿਤ ਰਾਜਾਂ ਵਿੱਚ ਇਸ ਖ਼ਿਲਾਫ਼ ਸਖ਼ਤ ਅਤੇ ਤੁਰੰਤ ਕਾਰਵਾਈ ਕੀਤੀ ਜਾਂਦੀ ਹੈ। ਭਾਜਪਾ ਦੀ ’ਨਸ਼ਾ ਮੁਕਤ ਪੰਜਾਬ ਯਾਤਰਾ’ ਸੋਮਵਾਰ ਨੂੰ ਨਾਭਾ ਪੁੱਜੀ, ਜਿੱਥੇ ਰਾਜ ਸਭਾ ਮੈਂਬਰ ਸੰਜੇ ਭਾਟੀਆ ਦਾ ਭਾਜਪਾ ਅਨੁਸੂਚਿਤ ਜਾਤੀ ਮੋਰਚਾ ਦੇ ਸੂਬਾ ਉਪ ਪ੍ਰਧਾਨ ਪਰਮਜੀਤ ਸਿੰਘ ਕੈਂਥ, ਨੌਜਵਾਨ ਆਗੂ ਵਿਸ਼ਾਲ ਸ਼ਰਮਾ ਅਤੇ ਹੋਰ ਸਥਾਨਕ ਆਗੂਆਂ ਵੱਲੋਂ ਸਵਾਗਤ ਕੀਤਾ ਗਿਆ। ਇੱਕ ਹੋਰ ਸਵਾਲ ਦੇ ਜਵਾਬ ਵਿੱਚ, ਜਦੋਂ ਪੱਤਰਕਾਰਾਂ ਨੇ



ਕਿਹਾ ਕਿ ਦੇਸ਼ ਦੀਆਂ ਸਰਹੱਦਾਂ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੇ ਅਧੀਨ ਹਨ, ਫਿਰ ਵੀ ਨਸ਼ੀਲੇ ਪਦਾਰਥ ਪੰਜਾਬ ਤੱਕ ਪਹੁੰਚ ਜਾਂਦੇ ਹਨ, ਤਾਂ ਭਾਟੀਆ ਨੇ ਕਿਹਾ ਕਿ ਸਰਹੱਦ ਪਾਰੋਂ ਨਸ਼ੇ ਆਉਣ ਦਾ ਮੁੱਦਾ ਆਪਣੀ ਥਾਂ ਹੈ, ਪਰ ਪੰਜਾਬ ਸਰਕਾਰ ਸੂਬੇ ਦੇ ਅੰਦਰ ਨਸ਼ਿਆਂ ਦੀ ਸਪਲਾਈ ਅਤੇ ਵੰਡ ਨੂੰ ਰੋਕਣ ਵਿੱਚ ਪੂਰੀ ਤਰ੍ਹਾਂ ਅਸਫ਼ਲ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਹੋਮ ਡਿਲੀਵਰੀ ਹੋ ਰਹੀ ਹੈ ਅਤੇ ਇਹ ਪੀਜ਼ਾ ਦੀ ਡਿਲੀਵਰੀ ਨਾਲੋਂ ਵੀ ਤੇਜ਼ੀ ਨਾਲ ਲੋਕਾਂ ਤੱਕ ਪਹੁੰਚ ਰਹੇ ਹਨ। ਭਾਟੀਆ ਨੇ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੌਰਾਨ ਭ੍ਰਿਸ਼ਟਾਚਾਰ ਕਾਰਨ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਭਿਆਨਕ ਰੂਪ ਧਾਰ ਚੁੱਕੀ ਹੈ। ਉਨ੍ਹਾਂ ਇਹ ਵੀ ਦੋਸ਼ ਲਾਇਆ ਕਿ ਪੰਜਾਬ ਵਿੱਚ ਪੁਲੀਸ ’ਤੇ ਉੱਚ ਲੀਡਰਸ਼ਿਪ ਵੱਲੋਂ ਨਸ਼ਾ ਤਸਕਰਾਂ ਨੂੰ ਬਚਾਉਣ ਲਈ ਦਬਾਅ ਬਣਾਇਆ ਜਾਂਦਾ ਹੈ। ਉਨ੍ਹਾਂ ਦੇ ਅਨੁਸਾਰ ਭਾਜਪਾ ਸ਼ਾਸਿਤ ਰਾਜਾਂ ਵਿੱਚ ਨਸ਼ਾ ਤਸਕਰਾਂ ਖ਼ਿਲਾਫ਼ ਤੁਰੰਤ ਕਾਰਵਾਈ ਹੁੰਦੀ ਹੈ, ਜਦਕਿ ਪੰਜਾਬ ਪੁਲੀਸ ਨੂੰ ਨਸ਼ੇ ਦੇ ਆਦੀ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਨ ਤੋਂ ਬਾਅਦ ਉਨ੍ਹਾਂ ਨਾਲ ਨਜਿੱਠਣ ਵਿੱਚ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਭਾਟੀਆ ਨੇ ਦਾਅਵਾ ਕੀਤਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਦਾ ਸਥਾਈ ਹੱਲ ਸਿਰਫ਼ ਭਾਜਪਾ ਹੀ ਕਰ ਸਕਦੀ ਹੈ ਅਤੇ ਪਾਰਟੀ ਨੂੰ ਮੌਕਾ ਮਿਲਣ ’ਤੇ ਨਸ਼ਾ ਤਸਕਰੀ ਅਤੇ ਨਸ਼ਿਆਂ ਦੇ ਕਾਰੋਬਾਰ ਖ਼ਿਲਾਫ਼ ਸਖ਼ਤ ਮੁਹਿੰਮ ਚਲਾਈ ਜਾਵੇਗੀ।



# ਪੌਲੀਟਿਕਸ



# ਸਾਡੀ ਸਰਕਾਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਕੰਮ ਕਰ ਰਹੀ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

## ➢ ਸਾਡੀ ਸਰਕਾਰ ਨੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੂੰ ਸਨਮਾਨਿਤ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ ➢ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਨਾਂ 'ਤੇ ਮੋਹਾਲੀ ਏਅਰਪੋਰਟ ਦਾ ਨਾਂ ਰੱਖਿਆ ਗਿਆ ਅਤੇ 30 ਫੁੱਟ ਉੱਚਾ ਬੁੱਤ ਲਗਾਇਆ ਗਿਆ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਲੁਧਿਆਣਾ, 29 ਸਤੰਬਰ/ -**
**ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਨੂੰ ਕਿਹਾ ਕਿ ਉਨ੍ਹਾਂ ਦੀ ਸਰਕਾਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸੁਪਨਿਆਂ ਨੂੰ ਪੂਰਾ ਕਰਨ ਅਤੇ ਦੇਸ਼ ਭਗਤੀ, ਸਮਾਨਤਾ, ਨਿਆਂ ਅਤੇ ਲੋਕ ਭਲਾਈ ਦੀਆਂ ਕਦਰਾਂ-ਕੀਮਤਾਂ 'ਤੇ ਅਧਾਰਤ ਪੰਜਾਬ ਦਾ ਨਿਰਮਾਣ ਕਰਨ ਲਈ ਸਪੱਸ਼ਟ ਇਰਾਦੇ ਨਾਲ ਕੰਮ ਕਰ ਰਹੀ ਹੈ। ਮਹਾਨ ਸ਼ਹੀਦ ਦੇ ਜਨਮ ਦਿਵਸ 'ਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀਏਯੂ) ਵਿਖੇ ਜਸ਼ਨ-ਏ-ਇਨਕਲਾਬ ਪ੍ਰੋਗਰਾਮ ਦੌਰਾਨ, ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਸ਼ਹੀਦ ਭਗਤ ਸਿੰਘ ਦੇ ਸਨਮਾਨ ਲਈ ਠੋਸ ਕਦਮ ਚੁੱਕੇ ਹਨ, ਜਿਸ ਵਿੱਚ ਮੋਹਾਲੀ ਹਵਾਈ ਅੱਡੇ ਦਾ ਨਾਮ ਉਨ੍ਹਾਂ ਦੇ ਨਾਮ 'ਤੇ ਰੱਖਣਾ ਅਤੇ 30 ਫੁੱਟ ਉੱਚਾ ਬੁੱਤ ਲਗਾਉਣ ਤੋਂ ਲੈ ਕੇ ਸਰਕਾਰੀ ਦਫਤਰਾਂ ਵਿੱਚ ਸ਼ਹੀਦ-ਏ-ਆਜ਼ਮ ਭਗਤ ਸਿੰਘ ਅਤੇ ਬਾਬਾ ਸਾਹਿਬ ਅੰਬੇਡਕਰ ਦੀਆਂ ਤਸਵੀਰਾਂ ਲਗਾਉਣ ਅਤੇ ਖਟਕੜ ਕਲਾਂ ਵਿਖੇ 52 ਕਰੋੜ ਰੁਪਏ ਦੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਵਿਰਾਸਤੀ ਕੰਪਲੈਕਸ ਨੂੰ ਵਿਕਸਤ ਕਰਨਾ ਸ਼ਾਮਲ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਤਰੱਕੀ, ਸਿੱਖਿਆ, ਭਲਾਈ ਅਤੇ ਇਸ ਦੇ ਜਲ ਸਰੋਤਾਂ ਦੀ ਸੁਰੱਖਿਆ ਉਸ ਦ੍ਰਿਸ਼ਟੀਕੋਣ ਦੇ ਕੇਂਦਰ ਵਿੱਚ ਹਨ ਜਿਸ ਲਈ ਸ਼ਹੀਦਾਂ ਨੇ ਮਹਾਨ ਕੁਰਬਾਨੀ ਦਿੱਤੀ। ਉਨ੍ਹਾਂ ਕਿਹਾ ਕਿ ਉਹ ਪੰਜਾਬ ਦੇ ਲੋਕਾਂ ਨੂੰ ਸਮਰਪਿਤ ਰਹਿਣਗੇ ਅਤੇ ਸੂਬੇ ਦੇ ਹਿੱਤਾਂ ਦੀ ਰਾਖੀ ਲਈ ਜੋ ਵੀ ਕਰਨਾ ਪਵੇਗਾ ਉਹ ਕਰਨਗੇ।

ਸ਼ਹੀਦ ਭਗਤ ਸਿੰਘ ਦੇ ਜਨਮ ਦਿਵਸ ਨੂੰ ਸਮਰਪਿਤ ਰਾਜ ਪੱਧਰੀ ਜਸ਼ਨ-ਏ-ਇਨਕਲਾਬ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਖਟਕੜ ਕਲਾਂ ਨੂੰ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਨੂੰ ਸਮਰਪਿਤ ਵਿਰਾਸਤ, ਸਿੱਖਿਆ ਅਤੇ ਸੱਭਿਆਚਾਰਕ-ਸੈਰ-ਸਪਾਟਾ ਸਥਾਨ ਵਜੋਂ ਵਿਆਪਕ ਵਿਕਾਸ ਲਈ ਪ੍ਰੋਜੈਕਟ ਸ਼ੁਰੂ ਕੀਤਾ ਹੈ। ਇਸ ਪ੍ਰੋਜੈਕਟ ਦੀ ਕਲਪਨਾ ਖਟਕੜ ਕਲਾਂ ਦੇ ਇਤਿਹਾਸਕ ਚਰਿੱਤਰ ਨੂੰ ਸੁਰੱਖਿਅਤ ਰੱਖਣ ਲਈ ਕੀਤੀ ਗਈ ਹੈ ਜਦੋਂ ਕਿ ਇਨਕਲਾਬੀ ਸ਼ਹੀਦਾਂ ਦੇ ਜੀਵਨ, ਆਦਰਸ਼ਾਂ, ਕੁਰਬਾਨੀਆਂ ਅਤੇ ਨਿਰੰਤਰ ਵਿਰਾਸਤ ਨੂੰ ਸਮਕਾਲੀ ਵਿਆਖਿਆ ਰਾਹੀਂ ਪੇਸ਼ ਕੀਤਾ ਗਿਆ ਹੈ। ਅਸੀਂ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਜੱਦੀ ਪਿੰਡ ਨੂੰ ਰਾਸ਼ਟਰੀ ਪੱਧਰ 'ਤੇ ਮਹੱਤਵਪੂਰਨ ਵਿਰਾਸਤੀ ਸਥਾਨ ਵਿੱਚ ਬਦਲ ਰਹੇ ਹਾਂ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਸਾਡੇ ਆਜ਼ਾਦੀ ਸੰਗਰਾਮ ਦੇ ਸ਼ਾਨਦਾਰ ਇਤਿਹਾਸ ਨਾਲ ਜੁੜੀਆਂ ਰਹਿਣ, ਉਨ੍ਹਾਂ ਕਿਹਾ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਪਹਿਲ ਨੌਜਵਾਨ ਪੀੜ੍ਹੀਆਂ ਨੂੰ ਸ਼ਹੀਦ ਭਗਤ ਸਿੰਘ, ਸ਼ਹੀਦ ਸੁਖਦੇਵ, ਸ਼ਹੀਦ ਰਾਜਗੁਰੂ ਅਤੇ ਹੋਰ ਆਜ਼ਾਦੀ ਘੁਲਾਟੀਆਂ ਨਾਲ ਜੁੜੇ ਦੇਸ਼ ਭਗਤੀ, ਹਿੰਮਤ, ਸਮਾਜਿਕ ਨਿਆਂ ਅਤੇ ਕੁਰਬਾਨੀ ਦੇ ਮੁੱਲਾਂ ਨਾਲ ਜੋੜਨ ਦੀ ਕੋਸ਼ਿਸ਼ ਕਰਦੀ ਹੈ। ਇਸ ਕੰਪਲੈਕਸ ਵਿੱਚ ਜੱਦੀ ਘਰ ਅਤੇ ਪ੍ਰਤੀਕ੍ਰਿਤੀ ਘਰ, ਅਦਾਲਤ ਦਾ ਤਜਰਬਾ, ਵਿਰਾਸਤੀ ਗਲੀ, ਮੁੜ-ਨਿਰਮਿਤ ਪਿੰਡ ਸੈਟਿੰਗ, ਪਿੰਡ ਦੇ ਪ੍ਰਵੇਸ਼ ਅਤੇ ਨਿਕਾਸ ਗੇਟ, ਮਸ਼ਾਲ ਗੇਟ, ਰਾਸ਼ਟਰੀ ਝੰਡਾ ਖੇਤਰ, ਲਾਇਬ੍ਰੇਰੀ ਅਤੇ ਕਿਊਰੇਟਿਡ ਡਿਸਪਲੇ ਸ਼ਾਮਲ ਹਨ। ਕੰਧ-ਚਿੱਤਰ, ਮੂਰਤੀਆਂ, ਪੁਤਲੇ, ਪੀਰੀਅਡ ਪ੍ਰੋਪਸ, ਗ੍ਰਾਫਿਕਸ ਅਤੇ ਹੋਰ ਪ੍ਰਦਰਸ਼ਨੀਆਂ ਇਤਿਹਾਸਕ ਤੌਰ 'ਤੇ ਜਾਂਚੀ ਗਈ ਸਮੱਗਰੀ ਰਾਹੀਂ ਆਜ਼ਾਦੀ ਅੰਦੋਲਨ ਅਤੇ ਸ਼ਹੀਦ ਭਗਤ ਸਿੰਘ ਦੇ ਜੀਵਨ ਦੀਆਂ ਮਹੱਤਵਪੂਰਨ ਘਟਨਾਵਾਂ ਨੂੰ ਬਿਆਨ ਕਰਨਗੀਆਂ, ਉਨ੍ਹਾਂ ਕਿਹਾ।

ਉਨ੍ਹਾਂ ਕਿਹਾ ਕਿ ਇੱਕ ਆਧੁਨਿਕ ਆਡੀਟੋਰੀਅਮ, ਏਕੀਕ੍ਰਿਤ ਆਡੀਓ-ਵਿਜ਼ੂਅਲ ਪੇਸ਼ਕਾਰੀਆਂ, ਪ੍ਰੋਜੈਕਸ਼ਨ ਅਤੇ ਵਿਆਖਿਆ ਪ੍ਰਣਾਲੀਆਂ, ਸੰਗੀਤਕ ਫੁਹਾਰਾ, ਅਗਲਾ ਹਿੱਸਾ ਅਤੇ ਸਮਾਰਕ ਰੋਸ਼ਨੀ ਅਤੇ ਧਿਆਨ ਨਾਲ ਡਿਜ਼ਾਈਨ ਕੀਤੇ ਗਏ ਧੁਨੀ ਅਤੇ ਰੋਸ਼ਨੀ ਪ੍ਰਭਾਵ ਵਿਸ਼ੇ ਦੀ ਸ਼ਾਨ ਅਤੇ ਪ੍ਰਮਾਣਿਕਤਾ ਨੂੰ ਬਰਕਰਾਰ ਰੱਖਦੇ ਹੋਏ ਇੱਕ ਦਿਲਚਸਪ ਅਨੁਭਵ ਪ੍ਰਦਾਨ ਕਰਨਗੇ। ਪ੍ਰੋਜੈਕਟ ਵਿੱਚ ਇੱਕ ਟੂਰਿਸਟ ਫੈਸੀਲੀਟੇਸ਼ਨ ਸੈਂਟਰ, ਕਾਟੇਜ, ਗੈਸਟ ਹਾਊਸ, ਰੈਸਟੋਰੈਂਟ/ਕੈਫੇਟੇਰੀਆ, ਟਾਇਲਟ ਬਲਾਕ, ਗਜ਼ੇਬੋ, ਪਾਰਕਿੰਗ, ਰਸਤੇ, ਤਲਾਅ ਅਤੇ ਲੈਂਡਸਕੇਪਡ ਖੁੱਲ੍ਹੀਆਂ ਥਾਵਾਂ ਵੀ ਸ਼ਾਮਲ ਹਨ। ਇਹ ਸਹੂਲਤਾਂ ਵਿਦਿਆਰਥੀਆਂ, ਖੋਜਕਰਤਾਵਾਂ, ਸੈਲਾਨੀਆਂ, ਪਰਿਵਾਰਾਂ ਅਤੇ ਵੱਡੇ ਰਸਮੀ ਇਕੱਠਾਂ ਲਈ ਇੱਕ ਸੰਗਠਿਤ, ਪਹੁੰਚਯੋਗ ਅਤੇ ਆਰਾਮਦਾਇਕ ਅਨੁਭਵ ਪ੍ਰਦਾਨ ਕਰਨਗੀਆਂ, ਉਨ੍ਹਾਂ ਕਿਹਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮਾਸਟਰ ਪਲਾਨ ਵਿਰਾਸਤੀ ਆਰਕੀਟੈਕਚਰ ਨੂੰ ਪੌਦੇ ਲਗਾਉਣ, ਸਿੰਚਾਈ, ਲਾਅਨ, ਛਾਂਦਾਰ ਆਰਾਮ ਸਥਾਨਾਂ, ਪਾਣੀ ਦੀਆਂ ਵਿਸ਼ੇਸ਼ਤਾਵਾਂ, ਪੈਦਲ ਚੱਲਣ ਵਾਲਿਆਂ ਦੀ ਆਵਾਜਾਈ, ਅੰਦਰੂਨੀ ਅਤੇ ਬਾਹਰੀ ਰੋਸ਼ਨੀ, ਸੁਰੱਖਿਆ ਅਤੇ ਜ਼ਰੂਰੀ ਮਕੈਨੀਕਲ, ਇਲੈਕਟ੍ਰੀਕਲ ਅਤੇ ਜਨਤਕ-ਸਿਹਤ ਸੇਵਾਵਾਂ ਨਾਲ ਜੋੜਦਾ ਹੈ। ਸਾਰੇ ਪ੍ਰਮੁੱਖ ਹਿੱਸਿਆਂ ਦੀ ਰਾਤ ਦੇ ਸਮੇਂ ਦੀ ਪੇਸ਼ਕਾਰੀ ਅਤੇ ਢੁਕਵੀਂ ਸਾਹਮਣੇ ਵਾਲੀ ਰੋਸ਼ਨੀ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ। ਇਹ ਪ੍ਰੋਜੈਕਟ ਖਟਕੜ ਕਲਾਂ ਦੀ ਪੰਜਾਬ ਦੇ ਆਜ਼ਾਦੀ-ਸੰਘਰਸ਼ ਅਤੇ ਵਿਰਾਸਤੀ ਸਰਕਟ 'ਤੇ ਇੱਕ ਮਹੱਤਵਪੂਰਨ ਸਥਾਨ ਵਜੋਂ ਪਛਾਣ ਨੂੰ ਹੋਰ ਮਜ਼ਬੂਤ ਕਰੇਗਾ, ਉਨ੍ਹਾਂ ਕਿਹਾ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਪ੍ਰੋਜੈਕਟ ਤੋਂ ਵਿਰਾਸਤੀ ਸਿੱਖਿਆ ਨੂੰ ਉਤਸ਼ਾਹਿਤ ਕਰਨ, ਘਰੇਲੂ ਸੈਰ-ਸਪਾਟੇ ਨੂੰ ਵਧਾਉਣ, ਸਥਾਨਕ ਆਰਥਿਕਤਾ ਨੂੰ ਸਮਰਥਨ ਦੇਣ ਅਤੇ ਯਾਦਗਾਰੀ ਸਮਾਗਮਾਂ, ਅਕਾਦਮਿਕ ਸ਼ਮੂਲੀਅਤ ਅਤੇ ਜਨਤਕ ਭਾਗੀਦਾਰੀ ਲਈ ਇੱਕ ਸਨਮਾਨਜਨਕ ਪਲੇਟਫਾਰਮ ਪ੍ਰਦਾਨ ਕਰਨ ਦੀ ਉਮੀਦ ਹੈ। ਇਹ ਪ੍ਰੋਜੈਕਟ ਅੰਤਿਮ ਰੂਪ ਦੇਣ ਦੇ ਪੜਾਅ 'ਤੇ ਹੈ। ਕੰਮ ਸਿਵਲ ਅਤੇ ਅੰਦਰੂਨੀ ਫਿਨਿਸ਼ਿੰਗ ਨੂੰ ਪੂਰਾ ਕਰਨ, ਰਚਨਾਤਮਕ ਪ੍ਰਦਰਸ਼ਨੀਆਂ ਦੀ ਸਥਾਪਨਾ, ਆਡੀਓ-ਵਿਜ਼ੂਅਲ ਅਤੇ ਰੋਸ਼ਨੀ ਪ੍ਰਣਾਲੀਆਂ, ਲੈਂਡਸਕੇਪਿੰਗ, ਫਰਨੀਸ਼ਿੰਗ, ਟੈਸਟਿੰਗ, ਕਮਿਸ਼ਨਿੰਗ ਅਤੇ ਸਮੁੱਚੀ ਵਿਜ਼ਟਰ ਤਿਆਰੀ 'ਤੇ ਕੇਂਦ੍ਰਿਤ ਹੈ। ਰਸਮੀ ਉਦਘਾਟਨ ਤੋਂ ਪਹਿਲਾਂ ਕੰਪੋਨੈਂਟ-ਵਾਰ ਗੁਣਵੱਤਾ ਜਾਂਚ ਅਤੇ ਏਕੀਕ੍ਰਿਤ ਟਰਾਇਲ ਕੀਤੇ ਜਾ ਰਹੇ ਹਨ। ਕੰਪਲੈਕਸ ਬਹੁਤ ਜਲਦੀ ਲੋਕਾਂ ਨੂੰ ਸਮਰਪਿਤ ਕੀਤਾ ਜਾਵੇਗਾ, ਉਸਨੇ ਕਿਹਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਸਖ਼ਤ ਯਤਨ ਕਰ ਰਹੀ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ, ਇਹ ਕੋਈ ਰਾਜਨੀਤਿਕ ਸਮਾਗਮ ਨਹੀਂ ਹੈ। ਇਹ ਮਹਾਨ ਸ਼ਹੀਦ ਨੂੰ ਸ਼ਰਧਾਂਜਲੀ ਭੇਟ ਕਰਨ ਦਾ ਇੱਕ ਗੰਭੀਰ ਮੌਕਾ ਹੈ ਜਿਸਨੇ ਮਾਤ ਭੂਮੀ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ। ਸਾਡੀ ਸਰਕਾਰ ਇਸ ਮਹਾਨ ਸ਼ਹੀਦ ਦੀ ਵਿਰਾਸਤ ਨੂੰ ਕਾਇਮ ਰੱਖਣ ਲਈ ਠੋਸ ਯਤਨ ਕਰ ਰਹੀ ਹੈ ਤਾਂ ਜੋ ਉਨ੍ਹਾਂ ਦੇ ਆਦਰਸ਼ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੇ ਰਹਿਣ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਦੇ ਯਤਨਾਂ ਸਦਕਾ, ਮੋਹਾਲੀ ਹਵਾਈ ਅੱਡੇ ਦਾ ਨਾਮ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਨਾਮ 'ਤੇ ਰੱਖਿਆ ਗਿਆ ਹੈ। ਪਿਛਲੀਆਂ ਕਿਸੇ ਵੀ ਸਰਕਾਰਾਂ ਨੇ ਇਸ ਮਹਾਨ ਸ਼ਹੀਦ ਦੇ ਨਾਮ 'ਤੇ ਹਵਾਈ ਅੱਡੇ ਦਾ ਨਾਮ ਰੱਖਣ ਦੀ ਖੇਚਲ ਨਹੀਂ ਕੀਤੀ। ਅਹੁਦਾ ਸੰਭਾਲਣ ਤੋਂ ਬਾਅਦ, ਸਾਡੀ ਸਰਕਾਰ ਨੇ ਇਸ ਮੁੱਦੇ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਅਤੇ ਇਹ ਯਕੀਨੀ ਬਣਾਇਆ ਕਿ ਹਵਾਈ ਅੱਡੇ ਦਾ ਨਾਮ ਸ਼ਹੀਦ ਭਗਤ ਸਿੰਘ ਦਾ ਨਾਮ ਹੋਵੇ। ਹਵਾਈ ਅੱਡਿਆਂ, ਯੂਨੀਵਰਸਿਟੀਆਂ ਅਤੇ ਹੋਰ ਸੰਸਥਾਵਾਂ ਦਾ ਨਾਮ ਸਾਡੇ ਸ਼ਹੀਦਾਂ ਦੇ ਨਾਮ 'ਤੇ ਰੱਖਣਾ ਉਨ੍ਹਾਂ ਦੀ ਸ਼ਾਨਦਾਰ ਵਿਰਾਸਤ ਨੂੰ ਕਾਇਮ ਰੱਖਣ ਲਈ ਮਹੱਤਵਪੂਰਨ ਹੈ, ਉਨ੍ਹਾਂ ਕਿਹਾ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਨਿਸ਼ਾਨ-ਏ-ਇਨਕਲਾਬ ਪਲਾਜ਼ਾ ਵੀ ਲੋਕਾਂ ਨੂੰ ਸਮਰਪਿਤ ਕੀਤਾ ਹੈ, ਜਿਸ ਵਿੱਚ ਮੋਹਾਲੀ ਦੇ ਏਅਰਪੋਰਟ ਰੋਡ 'ਤੇ ਇਸ ਮਹਾਨ ਸ਼ਹੀਦ ਦਾ 30 ਫੁੱਟ ਉੱਚਾ ਕਾਂਸੀ ਦਾ ਬੁੱਤ ਹੈ। ਇਹ ਬੁੱਤ ਇਸ ਲਈ ਲਗਾਇਆ ਗਿਆ ਹੈ ਤਾਂ ਜੋ ਇਸ ਸੜਕ 'ਤੇ ਯਾਤਰਾ ਕਰਨ ਵਾਲੇ ਹਰ ਵਿਅਕਤੀ ਨੂੰ ਹਰ ਪਲ ਇਸ ਮਹਾਨ ਸ਼ਹੀਦ ਨੂੰ ਯਾਦ ਰੱਖਿਆ ਜਾ ਸਕੇ। ਮੈਨੂੰ ਉਮੀਦ ਹੈ ਕਿ ਅਜਿਹੇ ਯਤਨ ਦੇਸ਼-ਵਿਦੇਸ਼ ਤੋਂ ਆਉਣ ਵਾਲੇ ਸੈਲਾਨੀਆਂ ਲਈ ਇੱਕ ਚਾਨਣ ਮੁਨਾਰੇ ਵਜੋਂ ਕੰਮ ਕਰਨਗੇ ਅਤੇ ਉਨ੍ਹਾਂ ਨੂੰ ਇਸ ਮਹਾਨ ਸ਼ਹੀਦ ਦੇ ਮਹਾਨ ਯੋਗਦਾਨ ਤੋਂ ਜਾਣੂ ਕਰਵਾਉਣਗੇ, ਉਨ੍ਹਾਂ ਕਿਹਾ।

ਉਨ੍ਹਾਂ ਦੁਹਰਾਇਆ ਕਿ ਸੂਬਾ ਸਰਕਾਰ ਮਹਾਨ ਸ਼ਹੀਦਾਂ ਦੀਆਂ ਇੱਛਾਵਾਂ ਨੂੰ ਪੂਰਾ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ ਹੈ। ਮੁੱਖ ਮੰਤਰੀ ਨੇ ਕਿਹਾ, ਜਦੋਂ ਵੀ ਦੇਸ਼ ਜਾਂ ਵਿਦੇਸ਼ ਤੋਂ ਕੋਈ ਵੀ ਪਤਵੰਤੇ ਪੰਜਾਬ ਦਾ ਦੌਰਾ ਕਰਦੇ ਹਨ, ਤਾਂ ਮੈਂ ਉਨ੍ਹਾਂ ਨੂੰ ਇਸ ਪਵਿੱਤਰ ਧਰਤੀ 'ਤੇ ਸ਼ਰਧਾਂਜਲੀ ਭੇਟ ਕਰਨ ਦੀ ਯਾਦ ਦਿਵਾਉਂਦਾ ਹਾਂ। ਖਟਕੜ ਕਲਾਂ ਸਿਰਫ਼ ਇੱਕ ਜਗ੍ਹਾ ਨਹੀਂ ਹੈ; ਇਹ ਕੁਰਬਾਨੀ, ਹਿੰਮਤ ਅਤੇ ਦੇਸ਼ ਪ੍ਰਤੀ ਵਚਨਬੱਧਤਾ ਦਾ ਪ੍ਰਤੀਕ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦੇ ਸੁਪਨੇ ਅਜੇ ਵੀ ਪੂਰੀ ਤਰ੍ਹਾਂ ਸਾਕਾਰ ਹੋਣੇ ਬਾਕੀ ਹਨ ਕਿਉਂਕਿ ਭ੍ਰਿਸ਼ਟਾਚਾਰ, ਭਾਈ-ਭਤੀਜਾਵਾਦ ਅਤੇ ਗਰੀਬੀ ਸਮਾਜ ਦੇ ਸਾਹਮਣੇ ਚੁਣੌਤੀਆਂ ਖੜ੍ਹੀਆਂ ਕਰ ਰਹੇ ਹਨ। ਉਨ੍ਹਾਂ ਕਿਹਾ, ਇਨ੍ਹਾਂ ਸ਼ਹੀਦਾਂ ਨੇ ਆਪਣੀਆਂ ਜਾਨਾਂ ਇਸ ਲਈ ਨਹੀਂ ਦਿੱਤੀਆਂ ਸਨ ਕਿ ਦੇਸ਼ ਵਿੱਚ ਭ੍ਰਿਸ਼ਟਾਚਾਰ ਅਤੇ ਸਮਾਜਿਕ ਅਸਮਾਨਤਾ ਫੈਲ ਸਕੇ। ਉਨ੍ਹਾਂ ਦੀ ਕੁਰਬਾਨੀ ਇੱਕ ਅਜਿਹੇ ਰਾਸ਼ਟਰ ਲਈ ਸੀ ਜਿੱਥੇ ਹਰ ਨਾਗਰਿਕ ਸਨਮਾਨ, ਸਮਾਨਤਾ ਅਤੇ ਮੌਕੇ ਨਾਲ ਰਹਿ ਸਕੇ।

ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਸਖ਼ਤ ਯਤਨ ਕਰ ਰਹੀ ਹੈ। ਮਾਰਚ 2022 ਵਿੱਚ ਸਹੁੰ ਚੁੱਕਣ ਤੋਂ ਬਾਅਦ, ਸਾਡੀ ਸਰਕਾਰ ਨੇ ਲੋਕਾਂ ਦੀ ਭਲਾਈ ਲਈ ਕਈ ਪਹਿਲਕਦਮੀਆਂ ਕੀਤੀਆਂ ਹਨ। ਜੁਲਾਈ 2022 ਤੋਂ, ਪੰਜਾਬ ਦੇ ਲਗਭਗ 90 ਪ੍ਰਤੀਸ਼ਤ ਘਰਾਂ ਨੂੰ ਜ਼ੀਰੋ ਬਿਜਲੀ ਬਿੱਲ ਮਿਲ ਰਹੇ ਹਨ। ਪਹਿਲੀ ਵਾਰ, ਸੂਬਾ ਸਰਕਾਰ ਨੇ ਪੰਜਾਬ ਦੀ ਬਿਜਲੀ ਉਤਪਾਦਨ ਸਮਰੱਥਾ ਨੂੰ ਮਜ਼ਬੂਤ ??ਕਰਨ ਅਤੇ ਸੂਬੇ ਨੂੰ ਬਿਜਲੀ-ਸਰਪਲੱਸ ਬਣਾਉਣ ਲਈ ਇੱਕ ਨਿੱਜੀ ਫਰਮ ਤੋਂ ਪਾਵਰ ਪਲਾਂਟ ਖਰੀਦਿਆ ਹੈ, ਮੁੱਖ ਮੰਤਰੀ ਨੇ ਕਿਹਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਭਰ ਵਿੱਚ ਲਗਭਗ 1,100 ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ, ਜਿੱਥੇ ਪੰਜ ਕਰੋੜ ਤੋਂ ਵੱਧ ਮਰੀਜ਼ਾਂ ਦਾ ਮੁਫ਼ਤ ਇਲਾਜ ਹੋਇਆ ਹੈ। ਉਨ੍ਹਾਂ ਕਿਹਾ, ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿਉਂਕਿ ਲੋਕ ਭਲਾਈ ਸਾਡੇ ਸ਼ਾਸਨ ਦੇ ਕੇਂਦਰ ਵਿੱਚ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ 70,000 ਤੋਂ ਵੱਧ ਨੌਜਵਾਨਾਂ ਨੂੰ ਸਿਰਫ਼ ਯੋਗਤਾ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਹਨ। ਉਨ੍ਹਾਂ ਕਿਹਾ, ਪੰਜਾਬ ਦੇ ਨੌਜਵਾਨ ਯੋਗਤਾ ਅਤੇ ਯੋਗਤਾ ਦੇ ਆਧਾਰ 'ਤੇ ਮੌਕਿਆਂ ਦੇ ਹੱਕਦਾਰ ਹਨ। ਸਾਡੀ ਸਰਕਾਰ ਨੇ ਇਹ ਯਕੀਨੀ ਬਣਾਇਆ ਹੈ ਕਿ ਸਰਕਾਰੀ ਭਰਤੀ ਪਾਰਦਰਸ਼ੀ ਅਤੇ ਯੋਗਤਾ-ਅਧਾਰਤ ਹੋਵੇ।

ਉਨ੍ਹਾਂ ਕਿਹਾ ਕਿ ਸੂਬੇ ਵਿੱਚ ਹੁਣ ਤੱਕ 18 ਟੋਲ ਪਲਾਜ਼ੇ ਬੰਦ ਕੀਤੇ ਜਾ ਚੁੱਕੇ ਹਨ। ਇਨ੍ਹਾਂ ਟੋਲ ਪਲਾਜ਼ਿਆਂ ਦੇ ਬੰਦ ਹੋਣ ਨਾਲ, ਪੰਜਾਬ ਦੇ ਆਮ ਲੋਕਾਂ ਦੀਆਂ ਜੇਬਾਂ ਵਿੱਚੋਂ ਰੋਜ਼ਾਨਾ ਲਗਭਗ 63 ਲੱਖ ਰੁਪਏ ਦੀ ਬਚਤ ਹੋ ਰਹੀ ਹੈ। ਸਾਡੇ ਮਹਾਨ ਰਾਸ਼ਟਰਵਾਦੀਆਂ ਦੀਆਂ ਇੱਛਾਵਾਂ ਅਨੁਸਾਰ, ਸੂਬਾ ਸਰਕਾਰ ਪੰਜਾਬ ਦੀ ਤਰੱਕੀ ਅਤੇ ਇਸਦੇ ਲੋਕਾਂ ਦੀ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ, ਉਨ੍ਹਾਂ ਕਿਹਾ। ਮੁੱਖ ਮੰਤਰੀ ਨੇ ਕਿਹਾ ਕਿ ਮਹਾਨ ਸ਼ਹੀਦ ਦੇ ਨਕਸ਼ੇ-ਕਦਮਾਂ 'ਤੇ ਚੱਲਦਿਆਂ, ਉਨ੍ਹਾਂ ਦੀ ਸਰਕਾਰ ਨੇ ਪਿਛਲੇ ਸਾਢੇ ਚਾਰ ਸਾਲਾਂ ਤੋਂ ਵੱਧ ਸਮੇਂ ਦੌਰਾਨ ਲੋਕਾਂ ਦੀ ਭਲਾਈ ਅਤੇ ਪੰਜਾਬ ਦੀ ਤਰੱਕੀ ਲਈ ਪੂਰੇ ਦਿਲੋਂ ਕੰਮ ਕੀਤਾ ਹੈ। ਅਸੀਂ ਸੂਬੇ ਦੇ ਵਿਕਾਸ ਨੂੰ ਯਕੀਨੀ ਬਣਾਉਣ ਲਈ ਆਪਣਾ ਪਸੀਨਾ ਅਤੇ ਮਿਹਨਤ ਕੀਤੀ ਹੈ ਅਤੇ ਹਰ ਬੀਤਦੇ ਦਿਨ ਦੇ ਨਾਲ, ਜੀਵਨ ਪੱਧਰ ਨੂੰ ਬਿਹਤਰ ਬਣਾਉਣ ਲਈ ਕਈ ਨਵੇਂ ਲੋਕ-ਪੱਖੀ ਪਹਿਲਕਦਮੀਆਂ ਕਰ ਰਹੇ ਹਾਂ। ਆਪਣੇ ਪੂਰਵਜਾਂ ਦੇ ਉਲਟ, ਮੈਂ ਕਦੇ ਵੀ ਆਪਣੇ ਲਈ ਸਰਕਾਰੀ ਖਜ਼ਾਨੇ ਵਿੱਚੋਂ ਇੱਕ ਪੈਸਾ ਵੀ ਨਹੀਂ ਮੰਗਿਆ; ਸਗੋਂ, ਸਾਡੀ ਸਰਕਾਰ ਨੇ ਇਹ ਯਕੀਨੀ ਬਣਾਇਆ ਹੈ ਕਿ ਟੈਕਸਦਾਤਾਵਾਂ ਦੇ ਪੈਸੇ ਦਾ ਹਰ ਰੁਪਿਆ ਜਨਤਕ ਭਲਾਈ ਲਈ ਸਮਝਦਾਰੀ ਨਾਲ ਖਰਚ ਕੀਤਾ ਜਾਵੇ, ਉਨ੍ਹਾਂ ਕਿਹਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਸੜਕਾਂ ਨੂੰ ਬਿਹਤਰ ਬਣਾਉਣ, ਮਿਆਰੀ ਸਿੱਖਿਆ ਅਤੇ ਸਿਹਤ ਸੰਭਾਲ ਪ੍ਰਦਾਨ ਕਰਨ ਅਤੇ ਬੁਨਿਆਦੀ ਢਾਂਚੇ ਦੇ ਨਿਰਮਾਣ ਲਈ ਕੰਮ ਕੀਤਾ ਹੈ, ਇਸ ਤੋਂ ਇਲਾਵਾ ਕਈ ਹੋਰ ਮਹੱਤਵਪੂਰਨ ਪਹਿਲਕਦਮੀਆਂ ਵੀ ਕੀਤੀਆਂ ਹਨ। ਮੁੱਖ ਮੰਤਰੀ ਨੇ ਕਿਹਾ, ਸਾਡੇ ਨੌਜਵਾਨਾਂ ਨੂੰ ਨਸ਼ਿਆਂ ਦੀ ਬੁਰਾਈ ਤੋਂ ਦੂਰ ਰੱਖਣ ਲਈ, ਪੰਜਾਬ ਭਰ ਵਿੱਚ 3,100 ਖੇਡ ਸਟੇਡੀਅਮ ਬਣਾਏ ਜਾ ਰਹੇ ਹਨ। ਸਿੱਖਿਆ ਨੂੰ ਵੀ ਤਰਜੀਹ ਦਿੱਤੀ ਗਈ ਹੈ ਅਤੇ ਸਿੱਖਿਆ ਖੇਤਰ ਨੂੰ ਬਦਲਣ ਅਤੇ ਲੋਕਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਕਈ ਪਹਿਲਕਦਮੀਆਂ ਕੀਤੀਆਂ ਗਈਆਂ।

# ਖੇਡਾਂ ਵਤਨ ਪੰਜਾਬ ਦੀਆਂ-2026' ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਦੇ ਦੂਜੇ ਦਿਨ ਖਿਡਾਰੀਆਂ ਨੇ ਦਿਖਾਇਆ ਸ਼ਾਨਦਾਰ ਪ੍ਰਦਰਸ਼ਨ

**ਫ਼ਤਹਿਗੜ੍ਹ ਸਾਹਿਬ, 29 ਸਤੰਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਖੇਡਾਂ ਵਤਨ ਪੰਜਾਬ ਦੀਆਂ' ਦੇ ਸੀਜ਼ਨ-4 ਤਹਿਤ ਜ਼ਿਲ੍ਹਾ ਪੱਧਰੀ ਖੇਡਾਂ ਦੇ ਦੂਜੇ ਦਿਨ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ,ਫਤਹਿਗੜ੍ਹ ਸਾਹਿਬ ਵਿਖੇ ਐਥਲੈਟਿਕਸ, ਬੈਡਮਿੰਟਨ ਅਤੇ ਕਿੱਕ ਬਾਕਸਿੰਗ, ਓਮ ਪ੍ਰਕਾਸ਼ ਬਾਂਸਲ ਸਕੂਲ, ਮੰਡੀ ਗੋਬਿੰਦਗੜ੍ਹ ਵਿਖੇ ਸ਼ੂਟਿੰਗ ਅਤੇ ਤੈਰਾਕੀ, ਸੈਫਰਨ ਸਿਟੀ ਸਕੂਲ ਵਿਖੇ ਰੋਲਰ ਸਕੇਟਿੰਗ, ਗੋਬਿੰਦਗੜ੍ਹ ਪਬਲਿਕ ਸਕੂਲ, ਮੰਡੀ ਗੋਬਿੰਦਗੜ੍ਹ ਵਿਖੇ ਟੇਬਲ ਟੈਨਿਸ ਅਤੇ ਖੇਡ ਸਟੇਡੀਅਮ ਮਾਧੋਪੁਰ ਵਿਖੇ ਟੈਨਿਸ ਬਾਲ ਕ੍ਰਿਕਟ ਦੇ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਖਿਡਾਰੀਆਂ ਨੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਜ਼ਿਲ੍ਹਾ ਪੱਧਰ ਦੇ ਇਨ੍ਹਾਂ ਮੁਕਾਬਲਿਆਂ ਦੌਰਾਨ ਖਿਡਾਰੀਆਂ ਅਤੇ ਖੇਡ ਪ੍ਰੇਮੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।

ਲ੍ਹਾ ਖੇਡ ਅਫਸਰ ਹਰਪਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਐਥਲੈਟਿਕਸ (51-60 ਸਾਲ, 400 ਮੀਟਰ ਪੁਰਸ਼ ਵਰਗ) ਵਿੱਚ ਰਣਜੀਤ ਸਿੰਘ ਨੇ ਪਹਿਲਾ ਅਤੇ ਦਲਜੀਤ ਸਿੰਘ ਨੇ ਦੂਜਾ ਸਥਾਨ ਹਾਸਲ ਕੀਤਾ। ਐਥਲੈਟਿਕਸ (70 ਸਾਲ ਤੋਂ ਵੱਧ, 400 ਮੀਟਰ ਪੁਰਸ਼ ਵਰਗ) ਵਿੱਚ ਨਰਿੰਦਰ ਕੁਮਾਰ ਪਹਿਲੇ ਅਤੇ ਗੁਰਦਿਆਲ ਸਿੰਘ ਦੂਜੇ ਸਥਾਨ 'ਤੇ ਰਹੇ। ਅੰਡਰ-21 ਵਰਗ ਦੀ 5000 ਮੀਟਰ ਦੌੜ ਵਿੱਚ ਗੁਰਪ੍ਰੀਤ ਸਿੰਘ ਨੇ ਪਹਿਲਾ, ਚੰਦਰੇਸ਼ ਯਾਦਵ ਨੇ ਦੂਜਾ ਅਤੇ ਵਿਕਰਮ ਕੁਮਾਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਉਨ੍ਹਾਂ ਦੱਸਿਆ ਕਿ ਬੈਡਮਿੰਟਨ ਅੰਡਰ-14 ਲੜਕਿਆਂ ਦੇ ਮੁਕਾਬਲਿਆਂ ਵਿੱਚ ਆਰਵ ਗਰਗ ਪਹਿਲੇ, ਅਨੁਗ੍ਰਹ ਮਰਵਾਲਾ ਦੂਜੇ ਅਤੇ ਹੇਆਨ ਕਪਿਲਾ ਤੀਜੇ ਸਥਾਨ 'ਤੇ ਰਹੇ। ਬੈਡਮਿੰਟਨ ਅੰਡਰ-17 ਲੜਕਿਆਂ ਦੇ ਮੁਕਾਬਲਿਆਂ ਵਿੱਚ ਦੇਵ ਸੇਤੀਆ ਨੇ ਪਹਿਲਾ, ਰਾਘਵ ਕੱਕੜ ਨੇ ਦੂਜਾ ਅਤੇ ਸਿਧਾਂਤ ਭਾਟੀਆ ਨੇ ਤੀਜਾ ਸਥਾਨ ਹਾਸਲ ਕੀਤਾ।

ਖੇਡ ਅਫਸਰ ਨੇ ਦੱਸਿਆ ਕਿ ਕਿੱਕ ਬਾਕਸਿੰਗ ਅੰਡਰ-14 ਲੜਕੇ (ਲਾਈਟ ਕਾਂਟੈਕਟ) ਵਰਗ ਵਿੱਚ ਹਰਮਿਲਾਪ ਸਿੰਘ ਪਹਿਲੇ, ਇਸ਼ਮੀਤ ਸਿੰਘ ਦੂਜੇ ਅਤੇ ਅਸ਼ੂ ਕੁਮਾਰ ਤੀਜੇ ਸਥਾਨ 'ਤੇ ਰਹੇ। ਇਸੇ ਤਰ੍ਹਾਂ ਕਿੱਕ ਬਾਕਸਿੰਗ ਅੰਡਰ-17 ਲੜਕੇ (ਲਾਈਟ ਕਾਂਟੈਕਟ) ਵਰਗ ਵਿੱਚ ਮੋਹਿਤ ਵਰਮਾ ਨੇ ਪਹਿਲਾ ਅਤੇ ਸ਼ਿਵਮ ਗੁਪਤਾ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਸਕੇਟਿੰਗ ਅੰਡਰ-14 ਲੜਕੀਆਂ (ਇਨਲਾਈਨ 2000 ਮੀਟਰ) ਵਿੱਚ ਸੈਕਰਡ ਹਾਰਟ ਸਕੂਲ, ਜਲਾਲਪੁਰ ਦੀ ਸੀਰਤ ਮਾਵੀ ਪਹਿਲੇ ਸਥਾਨ 'ਤੇ ਰਹੀ, ਜਦਕਿ ਗੋਬਿੰਦਗੜ੍ਹ ਪਬਲਿਕ ਸਕੂਲ ਦੀ ਸਹਿਜ ਕੌਰ ਨੇ ਦੂਜਾ, ਵਿਸਡਮ ਟਰੀ ਇੰਟਰਨੈਸ਼ਨਲ ਸਕੂਲ ਸਰਹਿੰਦ ਦੀ ਸਮਰੀਤ ਕੌਰ ਨੇ ਤੀਜਾ ਅਤੇ ਓ.ਪੀ. ਬਾਂਸਲ ਸਕੂਲ ਮੰਡੀ ਗੋਬਿੰਦਗੜ੍ਹ ਦੀ ਅਮਾਇਰਾ ਅਰੋੜਾ ਨੇ ਚੌਥਾ ਸਥਾਨ ਹਾਸਲ ਕੀਤਾ।

# ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਹੋਵੇ ਅਪਰਾਧਿਕ ਮਾਮਲਾ ਦਰਜ : ਮਹੰਤ ਖਨੌੜਾ

**ਪਟਿਆਲਾ, 29 ਸਤੰਬਰ**
**-ਅਮਨਦੀਪ ਸੱਭਰਵਾਲ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਦੇਸ਼ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵੱਲੋਂ ਭਾਜਪਾ ਦੀ ਸ਼ਹਿ ਤੇ ਐਸ ਆਈ ਆਰ ਦੇ ਸਹਾਰੇ ਵੋਟਰ ਸੂਚੀਆਂ ਚੋਂ 13 ਕਰੋੜ ਤੋਂ ਵੱਧ ਵੋਟਰਾਂ ਦੇ ਨਾ ਕੱਟ ਕੇ ਵੋਟ ਚੋਰੀ ਕੀਤੀ ਗਈ ਹੈ ਜਿਸ ਨੂੰ ਲੈ ਕੇ ਅਜ ਮੁੱਖ ਚੋਣ ਕਮਿਸ਼ਨ ਖਿਲਾਫ ਸੰਗੀਨ ਧਰਾਵਾਂ ਤਹਿਤ ਮਾਮਲਾ ਦਰਜ ਕਰਕੇ ਇਸਨੂੰ ਜੇਲ ਭੇਜਣਾ ਚਾਹੀਦਾ ਹੈ ਜਿਸ ਨੇ ਦੇਸ਼ ਦੀ ਜਨਤਾ ਦੀਆਂ ਅੱਖਾਂ ਵਿੱਚ ਵੋਟਾਂ ਕੱਟ ਕੇ ਆਪਣੇ ਦੇਸ਼ ਅੰਦਰ ਹੀ ਵੱਡਾ ਧੋਖਾ ਕੀਤਾ ਅਜਿਹੇ ਵਿਅਕਤੀ ਖਿਲਾਫ ਦੇਸ਼ ਧਰੋਹ ਦਾ ਮਾਮਲਾ ਦਰਜ ਹੋਣਾ ਚਾਹੀਦਾ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪਟਿਆਲਾ ਦੇ ਦਿਹਾਤੀ ਦੇ ਸੀਨੀਅਰ ਕਾਂਗਰਸੀ ਆਗੂ ਮਹੰਤ ਹਰਵਿੰਦਰ ਖਨੌੜਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ ਖਨੌੜਾ ਨੇ ਕਿਹਾ ਕਿ ਇਸ ਨੂੰ ਤੁਰੰਤ ਨੌਕਰੀ ਨੂੰ ਲਾਂਭੇ ਕਰਕੇ ਗ੍ਰਿਫਤਾਰ ਕਰਨਾ ਚਾਹੀਦਾ ਹੈ ਤਾਂ ਜੋ ਮੁੜ ਤੋਂ ਕੋਈ ਵੀ ਅਧਿਕਾਰੀ ਕਿਸੇ ਪਾਰਟੀ ਦੀ ਸ਼ਹਿ ਤੇ ਅਜਿਹੀ ਘਨੂਣੀ ਹਰਕਤ ਨਾ ਕਰ ਸਕੇ ਉਹਨਾਂ ਕਿਹਾ ਕਿ ਇਹ ਪੂਰਾ ਵਿਵਾਦ ਇੱਕ ਮੀਡੀਆ ਰਿਪੋਰਟ ਦੇ ਸਾਹਮਣੇ ਆਉਣ ਤੋਂ ਸ਼ੁਰੂ ਹੋਇਆ ਹੈ ਜਿਸ ਤੋਂ ਸਾਫ ਪਤਾ ਚੱਲਦਾ ਹੈ ਕਿ ਦੇਸ਼ ਦੀ ਕੇਂਦਰ ਸਰਕਾਰ ਅਧਿਕਾਰੀਆਂ ਦੀ ਦੁਰਵਰਤੋਂ ਕਰਕੇ ਆਪਣੇ ਨਿਜੀ ਫਾਇਦਿਆਂ ਲਈ ਕਾਨੂੰਨ ਨੂੰ ਛਿੱਕੇ ਟੰਗ ਰਹੀ ਹੈ ਉਹਨਾਂ ਕਿਹਾ ਕਿ ਦੇਸ਼ ਦੇ ਵੱਖ-ਵੱਖ ਸਟੇਟਾਂ ਵਿੱਚ ਹੋਈਆਂ ਚੋਣਾਂ ਅੰਦਰ ਮੁੱਖ ਚੋਣ ਕਮਿਸ਼ਨਰ ਗਿਆਨੀਸ਼ ਕੁਮਾਰ ਵੱਲੋਂ ਭਾਜਪਾ ਨੂੰ ਜਿਤਾਉਣ ਵਿੱਚ ਅਹਿਮ ਰੋਲਾ ਅਦਾ ਕੀਤਾ ਹੈ ਜਿਸ ਨੂੰ ਲੈ ਕੇ ਅਜਿਹੇ ਵਿਅਕਤੀ ਖਿਲਾਫ ਸਖਤ ਤੋਂ ਸਖਤ ਕਾਰਵਾਈ ਹੋਣੀ ਚਾਹੀਦੀ ਹੈ ਤਾਂ ਜੋ ਭਵਿੱਖ ਚ ਆ ਰਹੀਆਂ ਚੋਣਾਂ ਅੰਦਰ ਕੋਈ ਵੀ ਅਧਿਕਾਰੀ ਇੱਕ ਪਾਰਟੀ ਦਾ ਹੱਥ ਠੋਕਾ ਨਾ ਬਣ ਸਕੇ ਉਹਨਾਂ ਕਿਹਾ ਕਿ ਅਜਿਹੇ ਅਧਿਕਾਰੀ ਦੀਆਂ ਕਰਤੂਤਾਂ ਕਾਰਨ ਭਾਜਪਾ ਦਾ ਚਿਹਰਾ ਨੰਗਾ ਹੋ ਚੁੱਕਾ ਹੈ ਕਿ ਹੁਣ ਤੱਕ ਭਾਜਪਾ ਅਜਿਹੇ ਗਲਤ ਹਥ ਕੰਢੇ ਵਰਤ ਕੇ ਹੀ ਚੋਣਾਂ ਲੁੱਟਣ ਵਿੱਚ ਲੱਗੀ ਹੋਈ ਹੈ ਜਿਸ ਨਾਲ ਦੇਸ਼ ਦੇ ਆਪਸੀ ਭਾਈਚਾਰੇ ਦਾ ਨੁਕਸਾਨ ਹੋਇਆ ਹੈ ਉਹਨੇ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਮੁੱਖ ਚੋਣ ਕਮਿਸ਼ਨਰ ਗਿਆਨੇਸ ਕੁਮਾਰ ਖਿਲਾਫ ਆਰ ਪਾਰ ਦੀ ਜੰਗ ਦਾ ਐਲਾਨ ਕਰ ਚੁੱਕੀ ਹੈ ਉਹਨਾਂ ਕਿਹਾ ਕਿ ਕਾਂਗਰਸ ਦੇ ਕੇਂਦਰੀ ਲੀਡਰ ਰਾਹੁਲ ਗਾਂਧੀ ਦੀ ਅਗਵਾਈ ਹੇਠ ਮੁੱਖ ਚੋਣ ਕਮਿਸ਼ਨਰ ਖਿਲਾਫ ਦੇਸ਼ ਧਰੋਹ ਦਾ ਮੁਕਦਮਾ ਦਰਜ ਕਰਨ ਲਈ ਲਗਾਤਾਰ ਦੇਸ਼ ਦੇ ਸਮੁੱਚੇ ਸੂਬਿਆਂ ਅੰਦਰ ਰੋਸ ਮੁਜਾਹਰੇ ਕਰ ਰਹੀ ਹੈ ਤਾਂ ਜੋ ਅਜਿਹੇ ਅਧਿਕਾਰੀ ਨੂੰ ਆਪਣੇ ਕੀਤੀਆ ਗਲਤੀਆਂ ਦਾ ਪਤਾ ਚੱਲ ਸਕੇ ਅਤੇ ਭਵਿੱਖ ਵਿੱਚ ਲੱਗਣ ਵਾਲੇ ਹੋਰ ਅਧਿਕਾਰੀਆਂ ਲਈ ਇਸ ਨੂੰ ਦਿੱਤੀ ਸਜ਼ਾ ਤੋਂ ਸਬਕ ਮਿਲ ਸਕੇ ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਵੀ ਭਾਜਪਾ ਦੀ ਬੀ ਟੀਮ ਹੈ ਜੋ ਭਾਜਪਾ ਨੂੰ ਫਾਇਦਾ ਦੇਣ ਲਈ ਵੱਖ-ਵੱਖ ਹੱਥ ਕੰਡੇ ਆਪਣਾ ਰਹੀ ਹੈ ਲਿਹਾਜਾ ਭਵਿੱਖ ਵਿੱਚ ਆ ਰਹੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਅੰਦਰ ਪੰਜਾਬ ਅੰਦਰੋਂ ਕਾਂਗਰਸ ਪਾਰਟੀ ਹੂੰਝਾ ਫੇਰ ਜਿੱਤ ਹਾਸਲ ਕਰੇਗੀ ਭਾਜਪਾ ਅਤੇ ਆਪ ਨੂੰ ਸੂਬੇ ਦੇ ਲੋਕ ਘਰ ਦਾ ਰਸਤਾ ਦਿਖਾਉਣਗੇ

# ਕਾਰਵਾਈ ਰਜਿਸਟਰ ਮਾਮਲੇ 'ਚ ਨਗਰ ਕੌਂਸਲ ਪ੍ਰਧਾਨ ਤੇ ਸਾਬਕਾ ਪ੍ਰਧਾਨ ਆਹਮੋ-ਸਾਹਮਣੇ

**ਮੂਨਕ, 29 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਨਗਰ ਕੌਂਸਲ ਲਹਿਰਾਗਾਗਾ ਦੇ ਕਾਰਵਾਈ ਰਜਿਸਟਰ ਨੂੰ ਲੈ ਕੇ ਚੱਲ ਰਿਹਾ ਵਿਵਾਦ ਸੁਲਘ ਰਿਹਾ ਹੈ।
ਇਸੇ ਸੰਦਰਭ ਵਿਚ ਸਾਬਕਾ ਪ੍ਰਧਾਨ ਅਤੇ ਮੌਜੂਦਾ ਕੌਂਸਲਰ ਬਲਵਿੰਦਰ ਕੌਰ ਦੀ ਗ੍ਰਿਫ਼ਤਾਰੀ ਦੇ ਵਿਰੋਧ ਵਿੱਚ ਥਾਣੇ ਅੱਗੇ ਧਰਨਾ ਲਗਾਏ ਜਾਣ ਤੋਂ ਬਾਅਦ ਮੌਜੂਦਾ ਪ੍ਰਧਾਨ ਕਾਂਤਾ ਗੋਇਲ ਨੇ ਪ੍ਰੈੱਸ ਕਾਨਫਰੰਸ ਕਰਕੇ ਸਾਥੀ ਕੌਂਸਲਰਾਂ ਦੀ ਹਾਜ਼ਰੀ ਵਿਚ ਆਪਣਾ ਵੀ ਪੱਖ ਰੱਖਿਆ। ਸ਼੍ਰੀਮਤੀ ਕਾਂਤਾ ਗੋਇਲ ਨੇ ਕਿਹਾ ਕਿ ਬਲਵਿੰਦਰ ਕੌਰ ਵੱਲੋਂ ਨਗਰ ਕੌਂਸਲ ਦਾ ਸਰਕਾਰੀ ਕਾਰਵਾਈ ਰਜਿਸਟਰ ਦਫ਼ਤਰ ਤੋਂ ਬਾਹਰ ਲੈ ਕੇ ਜਾਣਾ ਨਿਯਮਾਂ ਅਨੁਸਾਰ ਠੀਕ ਨਹੀਂ ਹੈ। ਉਨ੍ਹਾਂ ਕਿਹਾ ਕਿ ਜੇਕਰ ਉਨ੍ਹਾਂ ਜਾ ਕਿਸੇ ਹੋਰ ਕੌਂਸਲਰ ਨੂੰ ਕੌਂਸਲ ਦੀ ਕਾਰਵਾਈ ਸਬੰਧੀ ਕੋਈ ਇਤਰਾਜ਼ ਜਾਂ ਦਿੱਕਤ ਸੀ ਤਾਂ ਉਹ ਲਿਖਤੀ ਰੂਪ ਵਿੱਚ ਆਪਣੀ ਗੱਲ ਨਗਰ ਕੌਂਸਲ ਕੋਲ ਰੱਖ ਸਕਦੇ ਹਨ।
ਦੂਜੇ ਪਾਸੇ ਸਾਬਕਾ ਪ੍ਰਧਾਨ ਬਲਵਿੰਦਰ ਕੌਰ ਨੇ ਕਿਹਾ ਕਿ ਕਾਰਵਾਈ ਰਜਿਸਟਰ ਵਿੱਚ ਖਾਲੀ ਪੰਨੇ ਛੱਡ ਕੇ ਅੱਗੇ ਦਸਤਖ਼ਤ ਕਰਵਾਉਣੇ ਠੀਕ ਨਹੀਂ ਹਨ। ਉਨ੍ਹਾਂ ਕਿਹਾ ਕਿ ਅਜਿਹੀ ਸਥਿਤੀ ਵਿੱਚ ਰਜਿਸਟਰ 'ਤੇ ਦਸਤਖ਼ਤ ਕਰਵਾਉਣ ਦੀ ਪ੍ਰਕਿਰਿਆ ਅਤੇ ਇਸ ਪਿੱਛੇ ਨਗਰ ਕੌਂਸਲ ਦੇ ਪਦਾਧਿਕਾਰੀਆਂ ਦੀ ਮਨਸ਼ਾ ਬਾਰੇ ਸਵਾਲ ਉੱਠਦੇ ਹਨ।
ਬਲਵਿੰਦਰ ਕੌਰ ਨੇ ਮਤੇ ਆਨਲਾਈਨ ਭੇਜਣ ਦੇ ਮਾਮਲੇ 'ਤੇ ਵੀ ਸਵਾਲ ਚੁੱਕਦਿਆਂ ਕਿਹਾ ਕਿ ਮਤਾ ਆਨਲਾਈਨ ਭੇਜਣ ਤੋਂ ਪਹਿਲਾਂ ਉਸ ਨੂੰ ਕਾਰਵਾਈ ਰਜਿਸਟਰ ਵਿੱਚ ਦਰਜ ਕੀਤਾ ਜਾਣਾ ਚਾਹੀਦਾ ਹੈ ਅਤੇ ਇਸ ਤੋਂ ਬਾਅਦ ਹੀ ਉਸ ਦੀ ਪੀਡੀਐੱਫ ਭੇਜੀ ਜਾਣੀ ਚਾਹੀਦੀ ਹੈ। ਉਨ੍ਹਾਂ ਇਸ ਸਬੰਧੀ ਨਗਰ ਕੌਂਸਲ ਤੋਂ ਸਥਿਤੀ ਸਪੱਸ਼ਟ ਕਰਨ ਦੀ ਮੰਗ ਕੀਤੀ।
ਇਸੇ ਦੌਰਾਨ ਪ੍ਰਧਾਨ ਕਾਂਤਾ ਗੋਇਲ ਨੇ ਕੌਂਸਲਰ ਬਲਵਿੰਦਰ ਕੌਰ 'ਤੇ ਕੌਂਸਲ ਦੀਆਂ ਮੀਟਿੰਗਾਂ ਵਿੱਚ ਰੁਕਾਵਟ ਪਾਉਣ ਦੇ ਇਲਜ਼ਾਮ ਲਾਉਂਦਿਆ ਕਿਹਾ ਕਿ ਬਲਵਿੰਦਰ ਕੌਰ ਵੱਲੋਂ ਮੀਟਿੰਗਾਂ ਦੀ ਕਾਰਵਾਈ ਵਿੱਚ ਰੁਕਾਵਟ ਪਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਰਹੀ ਹੈ ਅਤੇ ਆਪਣੇ ਵਾਰਡ ਨਾਲ ਸਬੰਧਤ ਵਿਕਾਸ ਦੇ ਮੁੱਦੇ ਵੀ ਮੀਟਿੰਗਾਂ ਵਿੱਚ ਕੋਈ ਸਵਾਲ ਨਹੀਂ ਚੁੱਕੇ ਗਏ।
ਸਾਬਕਾ ਪ੍ਰਧਾਨ ਦੀ ਗ੍ਰਿਫਤਾਰੀ ਤੋਂ ਬਾਅਦ ਥਾਣੇ ਅੱਗੇ ਲਗਾਏ ਧਰਨੇ ਨੂੰ ਲੈਕੇ ਪ੍ਰਧਾਨ ਕਾਂਤਾ ਗੋਇਲ ਨੇ ਕਿਹਾ ਕਿ ਇਹ ਮਾਮਲੇ ਨੂੰ ਸਿਆਸੀ ਰੰਗਤ ਦੇਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਰਾਜਨੀਤਿਕ ਪਾਰਟੀਆਂ ਨੂੰ ਸਿਆਸੀ ਰੋਟੀਆਂ ਸੇਕਣ ਲਈ ਮੁੱਦਾ ਚਾਹੀਦਾ ਹੈ। ਇਸ ਮੌਕੇ ਕੌਂਸਲਰ ਕਪਲਾਸ਼ ਤਾਇਲ ਅਤੇ ਹਰ ਕੌਂਸਲਰਾਂ ਨੇ ਵੀ ਆਪਣਾ ਪੱਖ ਰੱਖਿਆ। ਕੌਂਸਲਰਾਂ ਮੁਤਾਬਕ ਜਿਸ ਦਿਨ ਰਜਿਸਟਰ ਨੂੰ ਲੈ ਕੇ ਵਿਵਾਦ ਹੋਇਆ, ਉਸ ਦਿਨ ਦੀ ਮੀਟਿੰਗ ਵਿੱਚ ਸਫਾਈ ਸੇਵਕਾਂ ਨੂੰ ਪੱਕਾ ਕਰਨ ਨਾਲ ਸਬੰਧਤ ਮਾਮਲੇ 'ਤੇ ਵੀ ਵਿਚਾਰ ਕੀਤਾ ਜਾਣਾ ਸੀ। ਕੌਂਸਲਰ ਰਜਨੀਸ਼ ਗੁਪਤਾ ਨੇ ਕਿਹਾ ਕਿ ਨਗਰ ਕੌਂਸਲ ਦੀ ਕਾਰਵਾਈ ਨਿਯਮਾਂ ਅਨੁਸਾਰ ਹੋਣੀ ਚਾਹੀਦੀ ਹੈ ਅਤੇ ਸਰਕਾਰੀ ਦਸਤਾਵੇਜ਼ਾਂ ਨਾਲ ਸਬੰਧਤ ਮਾਮਲਿਆਂ ਨੂੰ ਨਿਯਮਾਂ ਮੁਤਾਬਕ ਹੀ ਨਿਪਟਾਇਆ ਜਾਣਾ ਚਾਹੀਦਾ ਹੈ। ਫਿਲਹਾਲ ਕਾਰਵਾਈ ਰਜਿਸਟਰ ਨੂੰ ਲੈ ਕੇ ਦੋਵਾਂ ਧਿਰਾਂ ਵੱਲੋਂ ਵੱਖ-ਵੱਖ ਦਾਅਵੇ ਕੀਤੇ ਜਾ ਰਹੇ ਹਨ। ਮਾਮਲੇ ਸਬੰਧੀ ਦੋਵਾਂ ਪੱਖਾਂ ਦੇ ਦਾਅਵਿਆਂ ਦੀ ਅਧਿਕਾਰਤ ਪੁਸ਼ਟੀ ਹੋਣੀ ਬਾਕੀ ਹੈ ਅਤੇ ਇਹ ਵਿਵਾਦ ਲਹਿਰਾਗਾਗਾ ਦੀ ਸਥਾਨਕ ਸਿਆਸਤ ਵਿੱਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ।


SEA DESIGN COMPANY
Customized and Designer



- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags
Opp. Gurudwara Dukhniwaran Sahib Srihind Road, Patiala

# ਨਾਟਕ ਜਿਸ ਲਾਹੌਰ ਨਹੀਂ ਵੇਖਿਆ ਓ ਜੰਮਿਆ ਨਹੀਂ ਦੇ ਮੰਚਨ ਦੌਰਾਨ ਹਰਪਾਲ ਟਿਵਾਣਾ ਦੀ ਵਿਰਾਸਤ ਮੁੜ ਸੁਰਜੀਤ ਹੋਈ

**➢ ਦਰਸ਼ਕਾਂ ਨੂੰ ਭਾਵੁਕ ਕਰ ਗਿਆ 'ਮਾਈ' (ਨਿਰਮਲ ਰਿਸ਼ੀ) ਵੱਲੋਂ ਲਾਹੌਰ ਛੱਡਣ ਲਈ ਆਪਣਾ ਸਮਾਨ ਚੁੱਕ ਕੇ ਜਾਣ ਦਾ ਸੀਨ ➢ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਪਦਮਸ਼੍ਰੀ ਨਿਰਮਲ ਰਿਸ਼ੀ ਤੇ ਹੋਰ ਕਲਾਕਾਰਾਂ ਦਾ ਸਨਮਾਨ ਕੀਤਾ**

**ਪਟਿਆਲਾ, 29 ਸਤੰਬਰ**
**-ਜੀ. ਐਸ. ਤੁੰਗ-**



ਪਟਿਆਲਾ ਦੇ 'ਹਰਪਾਲ ਟਿਵਾਣਾ ਸੈਂਟਰ ਆਫ਼ ਪਰਫਾਰਮਿੰਗ ਆਰਟਸ' ਵਿਖੇ ਨਾਟਕ ਜਿਸ ਲਾਹੌਰ ਨਹੀਂ ਵੇਖਿਆ ਓ ਜੰਮਿਆ ਨਹੀਂ ਦਾ ਮੰਚਨ ਦੌਰਾਨ ਮਰਹੂਮ ਨਾਟਕਕਾਰ ਹਰਪਾਲ ਟਿਵਾਣਾ ਦੀ ਵਿਰਾਸਤ ਮੁੜ ਸੁਰਜੀਤ ਹੋ ਉੱਠੀ ਕਿਉਂਕਿ ਪਰਿਵਾਰ ਦੀ ਤੀਜੀ ਪੀੜ੍ਹੀ ਨੇ ਇਸ ਜ਼ਿੰਮੇਵਾਰੀ ਨੂੰ ਅੱਗੇ ਵਧਾਇਆ। ਇਸ ਮੌਕੇ ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਪਦਮਸ਼੍ਰੀ ਨਿਰਮਲ ਰਿਸ਼ੀ ਤੇ ਹੋਰ ਕਲਾਕਾਰਾਂ ਦਾ ਸਨਮਾਨ ਕੀਤਾ। ਨਾਟਕ ਦੀ ਕਹਾਣੀ 1947 ਦੀ ਵੰਡ ਤੋਂ ਬਾਅਦ ਲਾਹੌਰ ਵਿੱਚ ਰਹਿ ਗਈ ਇੱਕ ਹਿੰਦੂ ਔਰਤ ਦੁਆਲੇ ਘੁੰਮਦੀ ਹੈ। ਲਖਨਊ ਤੋਂ ਆ ਕੇ ਉਸ ਦੇ ਘਰ ਵਿੱਚ ਰਹਿਣ ਵਾਲਾ ਇੱਕ ਮੁਸਲਿਮ ਪਰਿਵਾਰ ਸ਼ੁਰੂ ਵਿੱਚ ਉਸਨੂੰ ਘਰ ਵਿੱਚ ਰੱਖਣ ਤੋਂ ਝਿਜਕਦਾ ਹੈ ਅਤੇ ਚਾਹੁੰਦਾ ਹੈ ਕਿ ਉਹ ਚਲੀ ਜਾਵੇ, ਪਰ ਹੌਲੀ-ਹੌਲੀ ਉਹ ਪਰਿਵਾਰ ਦਾ ਹਿੱਸਾ ਬਣ ਜਾਂਦੀ ਹੈ ਅਤੇ ਉਹ ਸਾਰੇ ਤਿਉਹਾਰ, ਇੱਥੋਂ ਤੱਕ ਕਿ ਦੀਵਾਲੀ ਵੀ, ਇਕੱਠੇ ਮਨਾਉਂਦੇ ਹਨ। ਕਹਾਣੀ ਇਹ ਵੀ ਦਿਖਾਉਂਦੀ ਹੈ ਕਿ ਕਿਵੇਂ ਕੁਝ ਕੱਟੜਪੰਥੀ ਲੋਕ ਇਸ ਨੂੰ ਬਰਦਾਸ਼ਤ ਨਹੀਂ ਕਰ ਸਕਦੇ ਅਤੇ ਅੰਤ ਵਿੱਚ ਉਸ ਮੌਲਵੀ ਨੂੰ ਮਾਰ ਕੇ ਸਕਾਰਾਤਮਕ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕਰਦੇ ਹਨ।

ਇਹ ਨਾਟਕ ਉਸ ਵੇਲੇ ਦਰਸ਼ਕਾਂ ਨੂੰ ਭਾਵੁਕ ਕਰਦਾ ਹੈ ਜਦੋਂ 'ਮਾਈ' (ਨਿਰਮਲ ਰਿਸ਼ੀ) ਲਾਹੌਰ ਛੱਡਣ ਲਈ ਆਪਣਾ ਸਮਾਨ ਚੁੱਕ ਕੇ ਲਿਜਾ ਰਹੀ ਹੁੰਦੀ ਹੈ ਤਾਂ ਲਾਹੌਰ ਦੇ ਜੌਹਰੀਆਂ ਮੁਹੱਲੇ ਦੇ ਲੋਕ ਉਸ ਨੂੰ ਰੋਕ ਲੈਂਦੇ ਹਨ ਤੇ ਉਸਦੇ ਅੰਤਿਮ ਸਮੇਂ ਤੱਕ ਉਸਦਾ ਸਾਥ ਦਿੰਦੇ ਹਨ। ਨਾਟਕ ਵਿੱਚ ਮਰਹੂਮ ਹਰਪਾਲ ਟਿਵਾਣਾ ਦੇ ਦੋ ਪੋਤਰੇ, ਅੰਗਦ ਟਿਵਾਣਾ ਅਤੇ ਯਸ਼ ਹਰਪਾਲ ਟਿਵਾਣਾ, ਨੇ ਇਸ ਨਾਟਕ ਵਿੱਚ ਅਹਿਮ ਭੂਮਿਕਾਵਾਂ ਨਿਭਾਈਆਂ; ਉਨ੍ਹਾਂ ਦੇ ਨਾਲ ਉਨ੍ਹਾਂ ਦੇ ਪਿਤਾ ਤੇ ਨਾਟਕ ਦੇ ਨਿਰਦੇਸ਼ਕ ਮਨਪਾਲ ਟਿਵਾਣਾ ਨੇ ਵੀ ਇਸ ਨਾਟਕ ਵਿੱਚ ਅਹਿਮ ਰੋਲ ਨਿਭਾਇਆ।ਇਸ ਨਾਟਕ ਵਿੱਚ ਪਦਮ ਸ਼੍ਰੀ ਨਿਰਮਲ ਰਿਸ਼ੀ ਮੁੱਖ ਅਦਾਕਾਰਾ ਵਜੋਂ ਸ਼ਾਮਲ ਹੋਏ। ਆਪਣੇ ਦਾਦਾ-ਦਾਦੀ, ਨੀਨਾ ਅਤੇ ਹਰਪਾਲ ਟਿਵਾਣਾ, 1965 ਵਿੱਚ 'ਨੈਸ਼ਨਲ ਸਕੂਲ ਆਫ਼ ਡਰਾਮਾ' ਤੋਂ ਗ੍ਰੈਜੂਏਟ ਹੋਣ ਵਾਲੇ ਪਹਿਲੇ ਪੰਜਾਬੀ ਦੇ ਨਕਸ਼ੇ ਕਦਮਾਂ 'ਤੇ ਚਲਦਿਆਂ ਯਸ਼ ਹਰਪਾਲ ਟਿਵਾਣਾ ਆਪਣੀ ਅਦਾਕਾਰੀ ਦੇ ਹੁਨਰ ਨੂੰ ਨਿਖਾਰਨ ਲਈ ਵਿੱਚ ਸਿਖਲਾਈ ਲੈਣ ਜਾ ਰਹੇ ਹਨ।

ਇਸ ਨਾਟਕ ਦੀਆਂ ਕਈ ਹੋਰ ਵਿਸ਼ੇਸ਼ਤਾਵਾਂ ਵੀ ਹਨ; ਹਾਲ ਹੀ ਵਿੱਚ, ਇਸ ਨਾਟਕ ਦੇ ਲੇਖਕ ਅਸਗਰ ਵਜਾਹਤ ਦੀ ਸਕ੍ਰਿਪਟ 'ਤੇ ਆਮਿਰ ਖਾਨ ਪ੍ਰੋਡਕਸ਼ਨਜ਼ ਦੁਆਰਾ 'ਬਟਵਾਰਾ 1947' ਨਾਮਕ ਫਿਲਮ ਬਣਾਈ ਗਈ ਸੀ। ਨਾਟਕ ਨੂੰ ਵਿਕਾਸ ਜੁਨੇਜਾ ਨੇ ਤਕਨੀਕੀ ਤੌਰ 'ਤੇ ਤਿਆਰ ਕੀਤਾ ਹੈ, ਜਿਸ ਵਿੱਚ ਆਧੁਨਿਕ ਲਾਈਟਿੰਗ ਅਤੇ ਐਲਈਡੀ ਪ੍ਰੋਜੈਕਸ਼ਨ ਦੀ ਵਰਤੋਂ ਕੀਤੀ ਗਈ ਹੈ। ਨਾਟਕ ਦੀ ਬਾਕੀ ਕਲਾਕਾਰ ਟੀਮ ਵਿੱਚ ਕਈ 'ਓਲਡ ਯਾਦਵਿੰਦਰੀਅਨ' ਸ਼ਾਮਲ ਸਨ, ਖਾਸ ਤੌਰ 'ਤੇ ਫਤਿਹ ਇੰਦਰ ਗਰਗ, ਦੇਵਨਾ ਮੰਗਲਾ, ਗੁਣਵੰਤ ਕੌਰ ਅਤੇ ਸੋਹਰਾਬ ਸਿੱਧੂ; ਇਨ੍ਹਾਂ ਦੇ ਨਾਲ ਪੇਸ਼ੇਵਰ ਕਲਾਕਾਰ ਸੁਖਵਿੰਦਰ ਸੋਹੀ ਅਤੇ ਵਕੀਲਾ ਮਾਨ ਸਮੇਤ ਸਕੂਲ ਦੇ ਪੰਜਾਬੀ ਵਿਭਾਗ ਦੇ ਮੁਖੀ ਸੁਖਪਾਲ ਸਿੰਘ ਵੀ ਸ਼ਾਮਲ ਸਨ।

# ਪਸ਼ੂ ਪਾਲਣ ਵਿਭਾਗ ਵੱਲੋਂ ਸਿਵਲ ਪਸ਼ੂ ਹਸਪਤਾਲ ਸਨੌਰ ਵਿਖੇ ਮੁਫ਼ਤ ਐਂਟੀ-ਰੈਬੀਜ਼ ਵੈਕਸੀਨੇਸ਼ਨ ਕੈਂਪ



**ਪਟਿਆਲਾ, 29 ਸਤੰਬਰ**
**-ਛਤਰਪਾਲ ਸਿੰਘ-**

ਪਸ਼ੂਆਂ ਦੀ ਸਿਹਤ ਅਤੇ ਜਨਤਕ ਸੁਰੱਖਿਆ ਨੂੰ ਸਮਰਪਿਤ ਇੱਕ ਮਹੱਤਵਪੂਰਨ ਪਹਿਲਕਦਮੀ ਤਹਿਤ, ਪਸ਼ੂ ਪਾਲਣ ਵਿਭਾਗ, ਜ਼ਿਲ੍ਹਾ ਪਟਿਆਲਾ ਵੱਲੋਂ ਸਿਵਲ ਪਸ਼ੂ ਹਸਪਤਾਲ (ਸੀ.ਵੀ.ਐਚ.), ਸਨੌਰ ਵਿਖੇ ਇੱਕ ਮੁਫ਼ਤ ਐਂਟੀ-ਰੈਬੀਜ਼ ਵੈਕਸੀਨੇਸ਼ਨ ਕੈਂਪ ਲਗਾਇਆ ਗਿਆ।

ਪੰਜਾਬ ਦੇ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਆਦੇਸ਼ਾਂ, ਪ੍ਰਮੁੱਖ ਸਕੱਤਰ (ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ) ਰਾਹੁਲ ਭੰਡਾਰੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਡਾ. ਪਰਮਦੀਪ ਸਿੰਘ ਵਾਲੀਆ ਦੀ ਰਹਿਨੁਮਾਈ ਹੇਠ ਲਗਾਏ ਇਸ ਕੈਂਪ ਦਾ ਮੁੱਖ ਉਦੇਸ਼ ਇਲਾਕੇ ਦੇ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਜਾਨਲੇਵਾ ਬਿਮਾਰੀ ਰੈਬੀਜ਼ ਦੀ ਰੋਕਥਾਮ ਅਤੇ ਵੈਕਸੀਨ ਦੀ ਅਹਿਮੀਅਤ ਬਾਰੇ ਦੱਸਿਆ ਅਤੇ ਪਾਲਤੂ ਜਾਨਵਰਾਂ ਦੀ ਦੇਖਭਾਲ ਪ੍ਰਤੀ ਜਾਗਰੂਕਤਾ ਫੈਲਾਉਣਾ ਸੀ।

ਪਸ਼ੂ ਪਾਲਣ ਪਟਿਆਲਾ ਦੇ ਡਿਪਟੀ ਡਾਇਰੈਕਟਰ ਡਾ. ਸੋਨਿੰਦਰ ਕੌਰ ਅਤੇ ਸੀਨੀਅਰ ਵੈਟਰਨਰੀ ਅਫ਼ਸਰ ਡਾ. ਵਿਜੇ ਕੁਮਾਰ ਨੇ ਦੱਸਿਆ ਕਿ ਕੈਂਪ ਦੌਰਾਨ ਸਨੌਰ ਅਤੇ ਆਸ-ਪਾਸ ਦੇ ਪਿੰਡਾਂ ਤੋਂ ਲਿਆਂਦੇ ਗਏ ਵੱਡੀ ਗਿਣਤੀ ਵਿੱਚ ਕੁੱਤਿਆਂ ਅਤੇ ਬਿੱਲੀਆਂ ਨੂੰ ਮੁਫ਼ਤ ਐਂਟੀ-ਰੈਬੀਜ਼ ਟੀਕੇ ਲਗਾਏ ਗਏ।

ਡਾ. ਸੋਨਿੰਦਰ ਕੌਰ ਨੇ ਦੱਸਿਆ ਕਿ ਜਾਨਵਰਾਂ ਨੂੰ ਰੈਬੀਜ਼ ਵਰਗੀ ਜਾਨਲੇਵਾ ਬਿਮਾਰੀ ਤੋਂ ਬਚਾਉਣ ਲਈ ਹਰ ਸਾਲ ਵੈਕਸੀਨ ਲਗਵਾਉਣਾ ਅਤਿ ਜ਼ਰੂਰੀ ਹੈ। ਪਾਲਤੂ ਜਾਨਵਰਾਂ ਦਾ ਬਚਾਅ ਕਰਨ ਨਾਲ ਮਨੁੱਖੀ ਜਾਨਾਂ ਦੀ ਸੁਰੱਖਿਆ ਵੀ ਯਕੀਨੀ ਹੁੰਦੀ ਹੈ।

ਇਸ ਕੈਂਪ ਦਾ ਮੁੱਖ ਪ੍ਰਬੰਧ ਸਟੇਸ਼ਨ ਇੰਚਾਰਜ ਡਾ. ਮੋਹਿਤ ਸਿੰਘ (ਵੈਟਰਨਰੀ ਅਫ਼ਸਰ, ਸੀ.ਵੀ.ਐਚ. ਸਨੌਰ) ਨੇ ਸਨੌਰ ਕਲੱਸਟਰ ਦੇ ਸਮੂਹ ਵੈਟਰਨਰੀ ਇੰਸਪੈਕਟਰਾਂ ਸਰਬਜੀਤ ਸਿੰਘ (ਸੀ.ਵੀ.ਐਚ. ਸਨੌਰ), ਕਸ਼ਿਸ਼ ਗਰੋਵਰ (ਸੀ.ਵੀ.ਡੀ. ਬੱਤਾ), ਰਾਹੁਲ (ਸੀ.ਵੀ.ਡੀ. ਉਦੈਪੁਰ) ਅਤੇ ਗਗਨਦੀਪ (ਸੀ.ਵੀ.ਡੀ. ਨੂਰਖੇੜੀਆਂ) ਸਮੇਤ ਦਰਜਾ ਚਾਰ ਸੰਜੀਵ ਕੁਮਾਰ, ਏ.ਆਈ. ਵਰਕਰ ਰਣਜੀਤ (ਫ਼ਤੇਹ ਮੈਡੀਕਲ ਹਾਲ, ਸਨੌਰ) ਦੇ ਸਹਿਯੋਗ ਨਾਲ ਕੀਤਾ ਗਿਆ।

ਇਸ ਮੌਕੇ ਇਲਾਕੇ ਦੇ ਕਿਸਾਨਾਂ, ਪਸ਼ੂ ਪਾਲਕਾਂ ਅਤੇ ਪੈਟ ਮਾਲਕਾਂ ਨੇ ਇਸ ਉਪਰਾਲੇ ਪ੍ਰਤੀ ਭਾਰੀ ਉਤਸ਼ਾਹ ਦਿਖਾਇਆ ਅਤੇ ਪਸ਼ੂ ਪਾਲਣ ਵਿਭਾਗ ਦਾ ਧੰਨਵਾਦ ਕੀਤਾ। ਲੋਕਾਂ ਨੇ ਕਿਹਾ ਕਿ ਅਜਿਹੇ ਕੈਂਪਾਂ ਨਾਲ ਪੇਂਡੂ ਖੇਤਰਾਂ ਵਿੱਚ ਜਾਨਵਰਾਂ ਦੀ ਸਿਹਤ ਸੰਭਾਲ ਆਸਾਨ ਹੋ ਜਾਂਦੀ ਹੈ। ਵਿਭਾਗ ਨੇ ਭਵਿੱਖ ਵਿੱਚ ਵੀ ਅਜਿਹੇ ਜਾਗਰੂਕਤਾ ਅਤੇ ਵੈਕਸੀਨੇਸ਼ਨ ਕੈਂਪ ਜਾਰੀ ਰੱਖਣ ਦੀ ਵਚਨਬੱਧਤਾ ਦੁਹਰਾਈ।

# ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਪਟਿਆਲਾ ਵਿਖੇ ਗ੍ਰੀਨਬਾਕਸ, ਇੰਡਸਟਰੀਅਲ ਅਸਟੇਟ ਦਾ ਪਲੇਸਮੈਂਟ ਕੈਂਪ

**ਪਟਿਆਲਾ, 29 ਸਤੰਬਰ**
**-ਬਲਜੀਤ ਸਰਨਾ-**

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਪਟਿਆਲਾ ਵਿਖੇ ਮਿਤੀ 1 ਅਕਤੂਬਰ 2026 ਦਿਨ ਵੀਰਵਾਰ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਗ੍ਰੀਨ ਬਾਕਸ, ਇੰਡਸਟਰੀਅਲ ਅਸਟੇਟ ਪਟਿਆਲਾ ਦੇ ਵਲੋਂ ਡਿਲੀਵਰੀ ਐਸੋਸੀਏਟ ਦੀਆਂ ਅਸਾਮੀਆਂ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਬਿਊਰੋ ਆਫ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਦੇ ਡਿਪਟੀ ਡਾਇਰੈਕਟਰ ਰਵਿੰਦਰਪਾਲ ਸਿੰਘ ਨੇ ਦੱਸਿਆ ਕਿ ਗ੍ਰੀਨ ਬਾਕਸ, ਇੰਡਸਟਰੀਅਲ ਅਸਟੇਟ ਪਟਿਆਲਾ ਦੇ ਨਿਯੋਜਕ ਵਲੋਂ ਡਿਲੀਵਰੀ ਐਸੋਸੀਏਟ ਦੀਆਂ ਅਸਾਮੀਆਂ ਲਈ ਉਮੀਦਵਾਰਾਂ ਦੀ ਮੰਗ ਕੀਤੀ ਗਈ ਹੈ।ਜਿਸ ਲਈ ਕੇਵਲ ਮਰਦ ਜਿਨ੍ਹਾਂ ਦੀ ਵਿੱਦਿਅਕ ਯੋਗਤਾ ਦਸਵੀਂ ਅਤੇ ਬਾਰਵੀਂ ਅਤੇ ਪ੍ਰਾਰਥੀ ਕੋਲ ਆਪਣੇ ਵਹੀਕਲ ਦੇ ਨਾਲ ਆਧਾਰ ਕਾਰਡ, ਪੈਨ ਕਾਰਡ, ਡਰਾਈਵਿੰਗ ਲਾਇਸੰਸ, ਬੈਂਕ ਡੀਟੇਲ, ਰਜਿਊਮੇ ਅਤੇ 2 ਪਾਸਪੋਰਟ ਸਾਈਜ਼ ਫੋਟੋਆਂ, ਉਮਰ 18 ਸਾਲ ਤੋਂ ਵੱਧ ਹੋਵੇ ਉਹ ਇੰਟਰਵਿਊ ਦੇ ਸਕਦੇ ਹਨ।

ਨੌਕਰੀ ਦੇ ਚਾਹਵਾਨ ਉਮੀਦਵਾਰ ਇਸ ਪਲੇਸਮੇਂਟ ਕੈਂਪ ਵਿੱਚ ਭਾਗ ਲੈਣ ਲਈ ਆਪਣੀ ਯੋਗਤਾ ਦੇ ਸਾਰੇ ਅਸਲ ਸਰਟੀਫਿਕੇਟ, ਉਨ੍ਹਾਂ ਦੀਆਂ ਫੋਟੋ ਕਾਪੀਆਂ ਅਤੇ ਰਜ਼ਿਊਮੇ ਨਾਲ ਲੈ ਕੇ ਮਿਤੀ 01-10-2026 ਦਿਨ ਵੀਰਵਾਰ ਸਵੇਰੇ 10 ਵਜੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਬਲਾਕ ਡੀ, ਮਿੰਨੀ ਸਕੱਤਰੇਤ, ਨੇੜੇ ਸੇਵਾ ਕੇਂਦਰ, ਪਟਿਆਲਾ ਵਿਖੇ ਪਹੁੰਚ ਕੇ ਇਸ ਕੈਂਪ ਵਿੱਚ ਹਿੱਸਾ ਲੈਣ। ਵਧੇਰੇ ਜਾਣਕਾਰੀ ਲਈ ਦਫ਼ਤਰ ਦੇ ਹੈਲਪਲਾਈਨ ਨੰਬਰ 98776-10877 'ਤੇ ਸੰਪਰਕ ਕਰ ਸਕਦੇ ਹਨ। ਇਸ ਪਲੇਸਮੈਂਟ ਕੈਂਪ ਲਈ ਕੋਈ ਟੀ.ਏ./ਡੀ.ਏ. ਮਿਲਣਯੋਗ ਨਹੀਂ ਹੋਵੇਗਾ।

# ਗੁਰਨਾਮ ਸਿੰਘ ਡੱਲਾ ਨੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨਾਲ ਕੀਤੀ ਮੁਲਾਕਾਤ

**ਮਾਛੀਵਾੜਾ ਸਾਹਿਬ, 29 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿ.ਲ੍ਹਾ ਕਾਂਗਰਸ ਕਮੇਟੀ ਐਸ. ਸੀ. ਡਿਪਾਰਟਮੈਂਟ ਖੰਨਾ ਦੇ ਉਪ ਚੇਅਰਮੈਨ ਗੁਰਨਾਮ ਸਿੰਘ ਡੱਲਾ ਸਾਬਕਾ ਸਰਪੰਚ ਪਿੰਡ ਮਹੱਦੀਪੁਰ ਨੇ ਪੰਜਾਬ ਦੇ ਜਲੰਧਰ ਤੋਂ ਮੈਂਬਰ ਪਾਰਲੀਮੈਂਟ ਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨਾਲ ਮੁਲਾਕਾਤ ਕੀਤੀ।



ਉਹਨਾਂ ਕਿਹਾ ਕਿ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਪੰਜਾਬ ਦੇ ਲੋਕਾਂ ਦੇ ਦਿਲਾਂ ਵਿੱਚ ਵਸੇ ਹੋਏ ਹਨ ਤੇ ਉਹਨਾਂ ਦੀ ਅਗਵਾਈ ਵਾਲੀ ਕਾਂਗਰਸ ਦੀ ਸਰਕਾਰ ਵੱਲੋਂ ਆਪਣੇ ਤਿੰਨ ਮਹੀਨੇ ਦੇ ਕਾਰਜਕਾਲ ਦੌਰਾਨ ਪੰਜਾਬ ਦੇ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਕੀਤੇ ਗਏ ਕੰਮਾਂ ਕਰਕੇ ਅੱਜ ਪੰਜਾਬ ਦੇ ਲੋਕ ਉਹਨਾਂ ਨੂੰ ਪਿਆਰ ਕਰਦੇ ਹਨ।

ਜ਼ਿਲ੍ਹਾ ਉਪ ਚੇਅਰਮੈਨ ਗੁਰਨਾਮ ਸਿੰਘ ਡੱਲਾ ਨੇ ਕਿਹਾ ਕਿ ਚਰਨਜੀਤ ਸਿੰਘ ਚੰਨੀ ਦੀ ਹਰਮਨ ਪਿਆਰਤਾ ਸਦਕੇ ਹੀ ਕਾਂਗਰਸ ਪਾਰਟੀ 2027 ਦੀਆਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਹੂੰਝਾ ਫਿਰ ਜਿੱਤ ਪ੍ਰਾਪਤ ਕਰਕੇ ਪੰਜਾਬ ਦੇ ਵਿੱਚ ਸਰਕਾਰ ਬਣਾਵੇਗੀ। ਗੁਰਨਾਮ ਸਿੰਘ ਡੱਲਾ ਨੇ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਤੇ ਤੰਜ ਕਸਦਿਆਂ ਕਿਹਾ ਕਿ ਪੰਜਾਬ ਦੇ ਲੋਕਾਂ ਦੀ ਭਲਾਈ ਲਈ ਕੁਝ ਵੀ ਨਹੀਂ ਕੀਤਾ ਜਿਸ ਕਰਕੇ ਅੱਜ ਪੰਜਾਬ ਦੇ ਲੋਕਾਂ ਦਾ ਆਮ ਆਦਮੀ ਪਾਰਟੀ ਤੋਂ ਮੋਹ ਭੰਗ ਹੋ ਚੁੱਕਾ ਹੈ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ ਉਤਾਵਲੇ ਹਨ।

# ਖੇਡਾਂ ਦੌਰਾਨ ਖਿੜੇ ਨੰਨ੍ਹੇ ਚਿਹਰਿਆਂ 'ਤੇ ਖੁਸ਼ੀ ਦੇ ਰੰਗ, '72 ਮੈਡ ਸਟ੍ਰੀਟ' 'ਚ ਬੱਚਿਆਂ ਨੇ ਕੀਤੀ ਖੂਬ ਮਸਤੀ



**ਜੈਤੋ, 29 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਿਲਵਰ ਓਕਸ ਸਕੂਲ, ਸੇਵੇਵਾਲਾ ਵੱਲੋਂ ਨਰਸਰੀ ਤੋਂ ਦੂਜੀ ਜਮਾਤ ਤੱਕ ਦੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਅਤੇ ਮਨੋਰੰਜਨ ਨੂੰ ਧਿਆਨ ਵਿੱਚ ਰੱਖਦਿਆਂ ਵਿਸ਼ੇਸ਼ 'ਫਨ ਟੂਰ' ਕਰਵਾਇਆ ਗਿਆ। ਇਸ ਤਹਿਤ ਬੱਚਿਆਂ ਨੂੰ ਡੱਬਵਾਲੀ ਰੋਡ, ਬਠਿੰਡਾ ਸਥਿਤ ਗੇਮਿੰਗ ਜ਼ੋਨ '72 ਮੈਡ ਸਟ੍ਰੀਟ' ਵਿਖੇ ਲਿਜਾਇਆ ਗਿਆ।

ਸਕੂਲ ਤੋਂ ਰਵਾਨਾ ਹੋਣ ਸਮੇਂ ਹੀ ਬੱਚਿਆਂ ਵਿੱਚ ਖਾਸਾ ਉਤਸ਼ਾਹ ਅਤੇ ਖੁਸ਼ੀ ਦੇਖਣ ਨੂੰ ਮਿਲ ਰਹੀ ਸੀ। ਗੇਮਿੰਗ ਜ਼ੋਨ ਵਿੱਚ ਪਹੁੰਚ ਕੇ ਵਿਦਿਆਰਥੀਆਂ ਨੇ ਵੱਖ-ਵੱਖ ਤਰ੍ਹਾਂ ਦੀਆਂ ਖੇਡਾਂ, ਰੋਮਾਂਚਕ ਝੂਲਿਆਂ ਅਤੇ ਰਚਨਾਤਮਕ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ। ਬੱਚਿਆਂ ਨੇ ਆਪਣੇ ਸਹਿਪਾਠੀਆਂ ਨਾਲ ਮਿਲ ਕੇ ਖੇਡਾਂ ਦਾ ਖੂਬ ਆਨੰਦ ਮਾਣਿਆ, ਜਿਸ ਨਾਲ ਉਨ੍ਹਾਂ ਵਿੱਚ ਆਪਸੀ ਸਹਿਯੋਗ, ਮਿਲਵਰਤਣ ਅਤੇ ਟੀਮ ਭਾਵਨਾ ਨੂੰ ਹੋਰ ਮਜ਼ਬੂਤੀ ਮਿਲੀ।

ਮਨੋਰੰਜਕ ਗਤੀਵਿਧੀਆਂ ਤੋਂ ਬਾਅਦ ਸਕੂਲ ਪ੍ਰਬੰਧਨ ਵੱਲੋਂ ਬੱਚਿਆਂ ਲਈ ਪੌਸ਼ਟਿਕ ਅਤੇ ਸਵਾਦਿਸ਼ਟ ਭੋਜਨ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਬੱਚਿਆਂ ਨੇ ਆਪਣੇ ਅਧਿਆਪਕਾਂ ਅਤੇ ਸਹਿਪਾਠੀਆਂ ਨਾਲ ਬੈਠ ਕੇ ਭੋਜਨ ਦਾ ਆਨੰਦ ਮਾਣਿਆ। ਇਸ ਦੌਰਾਨ ਬੱਚਿਆਂ ਦੀਆਂ ਵੱਖ-ਵੱਖ ਗਤੀਵਿਧੀਆਂ ਅਤੇ ਖੁਸ਼ੀ ਭਰੇ ਪਲਾਂ ਨੂੰ ਤਸਵੀਰਾਂ ਰਾਹੀਂ ਵੀ ਯਾਦਗਾਰ ਬਣਾਇਆ ਗਿਆ।

ਸਕੂਲ ਦੀ ਪ੍ਰਿੰਸੀਪਲ ਪ੍ਰਿਯੰਕਾ ਮਹਿਤਾ ਨੇ ਕਿਹਾ ਕਿ ਕਿਤਾਬੀ ਗਿਆਨ ਦੇ ਨਾਲ ਬੱਚਿਆਂ ਦੇ ਮਾਨਸਿਕ, ਸਰੀਰਕ ਅਤੇ ਸਮਾਜਿਕ ਵਿਕਾਸ ਲਈ ਮਨੋਰੰਜਕ ਗਤੀਵਿਧੀਆਂ ਵੀ ਜ਼ਰੂਰੀ ਹਨ। ਅਜਿਹੇ ਸਮਾਗਮ ਬੱਚਿਆਂ ਵਿੱਚ ਆਤਮ-ਵਿਸ਼ਵਾਸ, ਸਮਾਜਿਕ ਹੁਨਰ ਅਤੇ ਨਵੀਆਂ ਚੀਜ਼ਾਂ ਸਿੱਖਣ ਦੀ ਉਤਸੁਕਤਾ ਨੂੰ ਉਤਸ਼ਾਹਿਤ ਕਰਦੇ ਹਨ।

ਟੂਰ ਦੌਰਾਨ ਅਧਿਆਪਕਾਂ ਵੱਲੋਂ ਬੱਚਿਆਂ ਦੀ ਸੁਰੱਖਿਆ ਅਤੇ ਸਹੂਲਤ ਦਾ ਵਿਸ਼ੇਸ਼ ਧਿਆਨ ਰੱਖਿਆ ਗਿਆ। ਦਿਨ ਭਰ ਦੀਆਂ ਮਨੋਰੰਜਕ ਗਤੀਵਿਧੀਆਂ ਤੋਂ ਬਾਅਦ ਬੱਚੇ ਖੁਸ਼ੀ-ਖੁਸ਼ੀ ਸਕੂਲ ਵਾਪਸ ਪਰਤੇ ਅਤੇ ਆਪਣੇ ਨਾਲ ਇਸ ਯਾਦਗਾਰ ਯਾਤਰਾ ਦੀਆਂ ਖੂਬਸੂਰਤ ਯਾਦਾਂ ਲੈ ਕੇ ਆਏ।

ਬੱਚਿਆਂ ਦੇ ਮਾਪਿਆਂ ਨੇ ਵੀ ਸਕੂਲ ਪ੍ਰਬੰਧਨ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

# ਡੀ.ਆਈ.ਜੀ, ਡੀ.ਸੀ, ਐੱਸ.ਐੱਸ.ਪੀ. ਨੇ ਕੀਤੀ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਨਾਲ ਮੁਲਾਕਾਤ



**ਤਲਵੰਡੀ ਸਾਬੋ/ਬਠਿੰਡਾ, 29 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਡੀ.ਆਈ.ਜੀ ਬਠਿੰਡਾ ਰੇਂਜ ਸ਼੍ਰੀ ਹਰਜੀਤ ਸਿੰਘ, ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ ਅਤੇ ਐੱਸ.ਐੱਸ.ਪੀ ਬਠਿੰਡਾ ਸ਼੍ਰੀ ਸੁਹੇਲ ਕਾਸਿਮ ਮੀਰ ਅੱਜ ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਵਿਖੇ ਵਿਦਿਆਰਥੀਆਂ ਦੇ ਰੂ-ਬ-ਰੂ ਹੋਏ। ਨਾਲ ਹੀ ਕੇਂਦਰੀ ਯੂਨੀਵਰਸਿਟੀ ਪੰਜਾਬ, ਘੁੱਦਾ ਵਿਖੇ ਵੀ ਡੀ.ਆਈ.ਜੀ ਸ਼੍ਰੀ ਹਰਜੀਤ ਸਿੰਘ ਅਤੇ ਐੱਸ.ਐੱਸ.ਪੀ ਸ਼੍ਰੀ ਸੁਹੇਲ ਕਾਸਿਮ ਮੀਰ ਨੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ।

ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਵਿਖੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਕਿਸੇ ਵੀ ਪ੍ਰਕਾਰ ਦੀ ਅਫਵਾਹਾਂ ਉੱਤੇ ਵਿਸ਼ਵਾਸ ਨਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਅੱਜ ਦੇ ਯੁੱਗ ਵਿੱਚ ਇੱਕ ਥਾਂ ਉੱਤੇ ਵਾਪਰੀ ਘਟਨਾ ਦੀ ਜਾਣਕਾਰੀ ਦੂਜੀ ਥਾਂ ਉੱਤੇ ਬਹੁਤ ਤੇਜੀ ਨਾਲ ਪਹੁੰਚ ਜਾਂਦੀ ਹੈ, ਜਿਸ ਦੌਰਾਨ ਜਾਣਕਾਰੀ ਦੀ ਪ੍ਰਮਾਣਿਕਤਾ ਦੀ ਜਾਂਚ ਕਰਨ ਦਾ ਸਮਾਂ ਘੱਟ ਮਿਲਦਾ ਹੈ।

ਇਸ ਕਰਕੇ ਇਹ ਜ਼ਰੂਰੀ ਹੈ ਕਿ ਕਿਸੇ ਵੀ ਖ਼ਬਰ, ਖਾਸਕਰ ਸੋਸ਼ਲ ਮੀਡੀਆ ਉੱਤੇ ਨਸ਼ਰ ਹੋਈਆਂ ਖ਼ਬਰਾਂ ਉੱਤੇ ਕਿਸੇ ਵੀ ਕਿਸਮ ਦੀ ਪ੍ਰਕਿਰਿਆ ਦੇਣ ਤੋਂ ਪਹਿਲਾਂ ਉਸ ਦੀ ਪ੍ਰਮਾਣਿਕਤਾ ਦੀ ਜਾਂਚ ਕਰਨੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਬਠਿੰਡਾ ਦਾ ਸਿਵਿਲ ਅਤੇ ਪੁਲਸ ਪ੍ਰਸ਼ਾਸਨ ਵਿਦਿਆਰਥੀਆਂ ਲਈ ਹਰ ਸਮਾਂ ਉਪਲੱਬਧ ਹੈ।

ਜੇਕਰ ਵਿਦਿਆਰਥੀਆਂ ਨੂੰ ਕਿਸੇ ਪ੍ਰਕਾਰ ਦੀ ਮਦਦ ਦੀ ਲੋੜ ਹੈ ਤਾਂ ਉਹ 112 ਜਾਂ 0164-2214006 ਨੰਬਰ ਪੁਲਸ ਨਾਲ ਸੰਪਰਕ ਕਰ ਸਕਦੇ ਹਨ। ਨਾਲ ਹੀ ਜੇਕਰ ਕੋਈ ਵਟਸਐਪ ਉੱਤੇ ਪੁਲਿਸ ਨਾਲ ਸੰਪਰਕ ਕਰਨਾ ਚਾਹੀਦਾ ਹੈ ਤਾਂ ਉਹ 7508009080, 9878421400 'ਤੇ ਮੈਸੇਜ ਭੇਜ ਸਕਦਾ ਹੈ।

ਗੁਰੂ ਕਾਸ਼ੀ ਯੂਨੀਵਰਸਿਟੀ ਅਤੇ ਕੇਂਦਰੀ ਯੂਨੀਵਰਸਿਟੀ ਪੰਜਾਬ ਘੁੱਦਾ ਦੇ ਵਿਦਿਆਰਥੀਆਂ ਨੇ ਆਪਣੀ ਸਮੱਸਿਆਵਾਂ ਸਾਂਝੀਆਂ ਕੀਤੀਆਂ।

ਇਸ ਮੌਕੇ ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਦੇ ਡਾ. ਬਲਰਾਜ ਸਿੰਘ ਵਾਇਸ ਚਾਂਸਲਰ, ਡਾ. ਜਗਤਾਰ ਸਿੰਘ ਧੀਮਾਨ ਪ੍ਰੋ: ਵਾਇਸ ਚਾਂਸਲਰ ਹਾਜ਼ਰ ਸਨ। ਇਸੇ ਤਰ੍ਹਾਂ ਕੇਂਦਰੀ ਯੂਨੀਵਰਸਿਟੀ ਵਿਖੇ ਡਾ ਰਾਮਾਕਰਿਸ਼ਨਾ ਵੁਸਿਰਿਕਾ, ਪੱਤਰਕਾਰਤਾ ਵਿਭਾਗ ਤੋਂ ਪ੍ਰੋ: ਰੂਬਲ ਕਨੋਜ਼ੀਆ ਡੀ.ਐੱਸ.ਪੀ ਐਚ ਐੱਸ ਸਰਾਂ, ਡੀ.ਐੱਸ.ਪੀ. ਗੁਰਪ੍ਰੀਤ ਸਿੰਘ, ਐੱਸ.ਐਚ.ਓ ਸੁਖਵਿੰਦਰ ਸਿੰਘ ਬਰਾੜ ਅਤੇ ਹੋਰ ਅਫ਼ਸਰ ਹਾਜ਼ਰ ਸਨ।

# ਬਠਿੰਡਾ ਵਿੱਚ 29 ਖੇਡਾਂ ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਦਾ ਸ਼ਾਨਦਾਰ ਆਗਾਜ਼



**ਬਠਿੰਡਾ, 29 ਸਤੰਬਰ**
**-ਗੁਰਤੇਜ ਅਤਲਾ-**

ਖੇਡਾਂ ਵਤਨ ਪੰਜਾਬ ਦੀਆਂ-2026÷ ਤਹਿਤ ਜ਼ਿਲ੍ਹਾ ਬਠਿੰਡਾ ਵਿੱਚ ਅੱਜ 29 ਖੇਡਾਂ ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਦਾ ਸ਼ਾਨਦਾਰ ਆਗਾਜ਼ ਹੋਇਆ। ਮੁੱਖ ਮੰਤਰੀ ਸ਼੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿੱਚ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ, ਪਿੰਡਾਂ ਤੋਂ ਉਭਰ ਰਹੀ ਪ੍ਰਤਿਭਾ ਨੂੰ ਮੰਚ ਪ੍ਰਦਾਨ ਕਰਨ ਅਤੇ ਪੰਜਾਬ ਨੂੰ ਖੇਡਾਂ ਦੇ ਖੇਤਰ ਵਿੱਚ ਹੋਰ ਮਜ਼ਬੂਤ ਬਣਾਉਣ ਦੇ ਮੰਤਵ ਨਾਲ ਇਹ ਖੇਡਾਂ ਕਰਵਾਈਆਂ ਜਾ ਰਹੀਆਂ ਹਨ।

ਜ਼ਿਲ੍ਹਾ ਬਠਿੰਡਾ ਵਿੱਚ ਇਹ ਮੁਕਾਬਲੇ ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ ਦੇ ਜਾਰੀ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਖੇਡ ਅਫ਼ਸਰ ਸ਼੍ਰੀ ਰੁਪਿੰਦਰ ਸਿੰਘ ਬਰਾੜ ਦੀ ਵਿਸ਼ੇਸ਼ ਅਗਵਾਈ ਹੇਠ ਕਰਵਾਏ ਜਾ ਰਹੇ ਹਨ। ਜ਼ਿਲ੍ਹੇ ਭਰ ਤੋਂ ਸੈਂਕੜੇ ਖਿਡਾਰੀਆਂ ਨੇ ਉਤਸ਼ਾਹ ਅਤੇ ਖੇਡ ਭਾਵਨਾ ਨਾਲ ਭਾਗ ਲੈ ਕੇ ਪਹਿਲੇ ਦਿਨ ਹੀ ਖੇਡ ਮੈਦਾਨਾਂ ਨੂੰ ਰੌਣਕਾਂ ਨਾਲ ਭਰ ਦਿੱਤਾ। ਪ੍ਰਸ਼ਾਸਨ ਵੱਲੋਂ ਖਿਡਾਰੀਆਂ ਲਈ ਪੌਸ਼ਟਿਕ ਦੁਪਹਿਰ ਦੇ ਭੋਜਨ, ਪੀਣ ਵਾਲੇ ਸਾਫ਼ ਪਾਣੀ, ਮੈਡੀਕਲ ਸਹੂਲਤਾਂ ਅਤੇ ਹੋਰ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਗਏ, ਜਿਸ ਦੀ ਖਿਡਾਰੀਆਂ ਅਤੇ ਕੋਚਾਂ ਵੱਲੋਂ ਸ਼ਲਾਘਾ ਕੀਤੀ ਗਈ।

ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਬਠਿੰਡਾ ਦੇ ਵੱਖ-ਵੱਖ ਖੇਡ ਮੈਦਾਨਾਂ ਅਤੇ ਸਿੱਖਿਆ ਸੰਸਥਾਵਾਂ ਨੂੰ ਖੇਡ ਕੇਂਦਰ ਵਜੋਂ ਸਥਾਪਿਤ ਕੀਤਾ ਗਿਆ ਹੈ। ਅਥਲੈਟਿਕਸ, ਪਾਵਰਲਿਫਟਿੰਗ, ਵੇਟਲਿਫਟਿੰਗ ਅਤੇ ਕੁਸ਼ਤੀ ਦੇ ਮੁਕਾਬਲੇ ਸਪੋਰਟਸ ਸਕੂਲ ਘੁੱਦਾ ਵਿਖੇ ਕਰਵਾਏ ਜਾ ਰਹੇ ਹਨ। ਸ਼ਹੀਦ ਭਗਤ ਸਿੰਘ ਖੇਡ ਸਟੇਡੀਅਮ ਬਠਿੰਡਾ ਵਿਖੇ ਕਬੱਡੀ ਨੈਸ਼ਨਲ, ਗੱਤਕਾ, ਜੂਡੋ, ਕਿੱਕ ਬਾਕਸਿੰਗ ਅਤੇ ਨੈਟਬਾਲ ਦੇ ਮੁਕਾਬਲੇ ਚੱਲ ਰਹੇ ਹਨ।

ਚੈੱਸ ਹਰਿਕ੍ਰਿਸ਼ਨ ਪਬਲਿਕ ਸਕੂਲ, ਟੇਬਲ ਟੈਨਿਸ ਐਮ.ਐਸ.ਡੀ. ਸਕੂਲ ਸੰਤਪੁਰਾ, ਸ਼ੂਟਿੰਗ ਬਠਿੰਡਾ ਸ਼ੂਟਿੰਗ ਅਕੈਡਮੀ ਤਲਵੰਡੀ ਸਾਬੋ, ਬਾਕਸਿੰਗ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਸਾਬੋ, ਖੋ-ਖੋ ਅਤੇ ਵਾਲੀਬਾਲ ਸਮੈਸ਼ਿੰਗ ਸ਼੍ਰੀ ਗੁਰੂ ਨਾਨਕ ਦੇਵ ਪਬਲਿਕ ਕਾਨਵੈਂਟ ਸਕੂਲ, ਹੈਂਡਬਾਲ, ਸਾਫਟਬਾਲ ਅਤੇ ਬਾਸਕਟਬਾਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਬਠਿੰਡਾ, ਹਾਕੀ ਹਾਕੀ ਟਰਫ ਸਟੇਡੀਅਮ, ਅਰਚਰੀ, ਬੈਡਮਿੰਟਨ ਅਤੇ ਫੁੱਟਬਾਲ ਮਹਾਰਾਜਾ ਰਣਜੀਤ ਸਿੰਘ ਟੈਕਨੀਕਲ ਯੂਨੀਵਰਸਿਟੀ, ਲਾਅਨ ਟੈਨਿਸ ਪ੍ਰਾਈਮ ਟੈਨਿਸ ਅਕੈਡਮੀ, ਤੈਰਾਕੀ ਅਤੇ ਕ੍ਰਿਕਟ ਦਿੱਲੀ ਪਬਲਿਕ ਸਕੂਲ, ਰੋਲਰ ਸਕੇਟਿੰਗ ਪੈਰਿਸ ਸਿਟੀ ਕਲੋਨੀ, ਫੈਂਸਿੰਗ ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ, ਜਦਕਿ ਕਬੱਡੀ ਸਰਕਲ ਅਤੇ ਵਾਲੀਬਾਲ ਸ਼ੂਟਿੰਗ ਦੇ ਮੁਕਾਬਲੇ ਡੀ.ਏ.ਵੀ. ਕਾਲਜ ਬਠਿੰਡਾ ਵਿਖੇ ਕਰਵਾਏ ਜਾ ਰਹੇ ਹਨ।

ਪਹਿਲੇ ਦਿਨ ਕਈ ਖੇਡਾਂ ਵਿੱਚ ਜੇਤੂਆਂ ਦਾ ਐਲਾਨ ਕੀਤਾ ਗਿਆ। ਟੇਬਲ ਟੈਨਿਸ ਅੰਡਰ-14 ਲੜਕੀਆਂ ਵਿੱਚ ਕ੍ਰਿਤਿਕਾ ਨੇ ਪਹਿਲਾ, ਰੇਵਿਕਾ ਸ਼ਰਮਾ ਨੇ ਦੂਜਾ ਅਤੇ ਜੀਆ ਕੁਮਾਰੀ ਨੇ ਤੀਜਾ ਸਥਾਨ ਹਾਸਲ ਕੀਤਾ। ਤਲਵਾਰਬਾਜ਼ੀ (ਇੱਪੀ) ਅੰਡਰ-17 ਲੜਕੀਆਂ ਵਿੱਚ ਅਨੁਰੀਤ (ਸੇਂਟ ਜੇਵੀਅਰ ਸਕੂਲ ਰਾਮਪੁਰਾ) ਨੇ ਸੋਨ ਤਗਮਾ ਜਿੱਤਿਆ, ਚਾਰਵੀ ਨੇ ਚਾਂਦੀ ਅਤੇ ਯਾਸਮੀਨ (ਗਰਲਜ਼ ਸਕੂਲ ਮੌੜ ਮੰਡੀ) ਨੇ ਕਾਂਸੀ ਦਾ ਤਗਮਾ ਹਾਸਲ ਕੀਤਾ। ਤਲਵਾਰਬਾਜ਼ੀ (ਫੁਆਇਲ) ਅੰਡਰ-17 ਵਿੱਚ ਅਨੂਰੀਤ ਕੌਰ ਨੇ ਪਹਿਲਾ, ਚਾਰਵੀ ਨੇ ਦੂਜਾ ਅਤੇ ਵੈਦਿਕਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ, ਜਦਕਿ ਤਲਵਾਰਬਾਜ਼ੀ ਦੇ ਹੋਰ ਅੰਡਰ-17 ਮੁਕਾਬਲਿਆਂ ਵਿੱਚ ਖੁਸ਼ੀ ਪਹਿਲੇ ਅਤੇ ਹਨੀਸ਼ਾ ਦੂਜੇ ਸਥਾਨ 'ਤੇ ਰਹੀ। ਟੀਮ ਖੇਡਾਂ ਵਿੱਚ ਵੀ ਖਿਡਾਰੀਆਂ ਨੇ ਦਮਦਾਰ ਪ੍ਰਦਰਸ਼ਨ ਕੀਤਾ। ਕਬੱਡੀ ਨੈਸ਼ਨਲ ਅੰਡਰ-14 ਲੜਕੀਆਂ ਵਿੱਚ ਪਿੰਡ ਲਹਿਰੀ (ਤਲਵੰਡੀ ਸਾਬੋ ਬਲਾਕ) ਦੀ ਟੀਮ ਨੇ ਪਹਿਲਾ, ਪਿੰਡ ਅਬਲੂ (ਗੋਨਿਆਣਾ ਬਲਾਕ) ਨੇ ਦੂਜਾ ਅਤੇ ਪਿੰਡ ਕੋਟੜਾ ਕੋੜਾ (ਰਾਮਪੁਰਾ ਬਲਾਕ) ਨੇ ਤੀਜਾ ਸਥਾਨ ਹਾਸਲ ਕੀਤਾ।

# ਤਿਉਹਾਰਾਂ ਦੌਰਾਨ ਮਠਿਆਈਆਂ ਦੀ ਗੁਣਵੱਤਾ ਨੂੰ ਬਰਕਰਾਰ ਰੱਖਿਆ ਜਾਵੇ : ਵਧੀਕ ਡਿਪਟੀ ਕਮਿਸ਼ਨਰ

**ਤਰਨ ਤਾਰਨ, 29 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਅੱਜ ਜ਼ਿਲ੍ਹਾ ਪ੍ਰਬੰਧਕੀ ਕੈਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਆਦਿੱਤਿਆ ਸ਼ਰਮਾ ਦੀ ਪ੍ਰਧਾਨਗੀ ਹੇਠ ਫੂਡ ਸੇਫਟੀ ਦੀ ਜ਼ਿਲ੍ਹਾ ਪੱਧਰੀ ਅਡਵਾਇਜ਼ਰੀ ਕਮੇਟੀ ਦੀ ਮੀਟਿੰਗ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸ਼ਹਿਰ ਦੇ ਹਰੇਕ ਫੂਡ ਉਪਰੇਟਰ ਲਈ ਫੂਡ ਦਾ ਲਾਇਸੰਸ ਅਤੇ ਰਜ਼ਿਸਟ੍ਰੇਸ਼ਨ ਲਾਜ਼ਮੀ ਹੈ। ਜੇਕਰ ਕੋਈ ਵੀ ਦੁਕਾਨਦਾਰ, ਰੈਸਟੋਰੈਂਟ, ਢਾਬੇ ਵਾਲਾ, ਲਾਇਸੰਸ ਜਾਂ ਰਜ਼ਿਸਟ੍ਰੇਸ਼ਨ ਲਈ ਅਪਲਾਈ ਨਹੀਂ ਕਰਦਾ ਤਾਂ ਉਸਦੇ ਉੱਪਰ ਫੂਡ ਐਕਟ ਮੁਤਾਬਿਕ ਕਾਰਵਾਈ ਕੀਤੀ ਜਾਵੇਗੀ। ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਿੰਨੇ ਵੀ ਪੁਰਾਣੇ ਫੂਡ ਸੈਂਪਲਿੰਗ ਸਬੰਧੀ ਕੋਰਟ ਕੇਸ ਚੱਲ ਰਹੇ ਹਨ, ਉਨ੍ਹਾਂ ਦਾ ਨਿਪਟਾਰਾ ਛੇਤੀ ਤੋਂ ਛੇਤੀ ਕੀਤਾ ਜਾਵੇ।

ਇਸ ਮੌਕੇ ਜ਼ਿਲ੍ਹਾ ਸਿਹਤ ਅਫ਼ਸਰ ਡਾ. ਸੁਖਬੀਰ ਕੌਰ (ਕਨਵੀਨਰ) ਨੇ ਸਾਰੇ ਮੈਂਬਰਾਂ ਨੂੰ ਅਪ੍ਰੈਲ ਤੋਂ ਅਗਸਤ ਮਹੀਨੇ ਤੱਕ ਫੂਡ ਸੇਫ਼ਟੀ ਦੀਆਂ ਹੋਈਆਂ ਗਤੀਵਿਧੀਆਂ ਬਾਰੇ ਜਾਗਰੂਕ ਕਰਵਾਇਆ। ਉਨ੍ਹਾਂ ਨੇ ਸਕੂਲਾਂ ਨਾਲ ਸਬੰਧਿਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਕੂਲਾਂ ਅਤੇ ਆਂਗਣਵਾੜੀਆਂ ਵਿੱਚ ਫੂਡ ਸੇਫਟੀ ਦੀ ਰਜ਼ਿਸਟ੍ਰੇਸ਼ਨ ਜਲਦ ਤੋਂ ਜਲਦ ਕਰਵਾਈ ਜਾਵੇ ਅਤੇ ਬੱਚਿਆਂ ਨੂੰ ਦਿੱਤੇ ਜਾਣ ਵਾਲੇ ਭੋਜਨ ਨੂੰ ਫੂਡ ਸੇਫਟੀ ਦੀਆਂ ਹਦਾਇਤਾਂ ਅਨੁਸਾਰ ਬਣਾਇਆ ਜਾਵੇ। ਉਨ੍ਹਾਂ ਨੇ ਸਕੂਲਾਂ ਵਿੱਚ ਅਤੇ ਸਕੂਲਾਂ ਦੇ ਆਸ-ਪਾਸ ਅਨਰਜੀ ਡਰਿੰਕਸ ਦੀ ਵਿਕਰੀ ਤੇ ਲੱਗੀ ਪਾਬੰਦੀ ਦੀ ਜਾਣਕਾਰੀ ਸਾਰਿਆਂ ਨਾਲ ਸਾਂਝੀ ਕੀਤੀ। ਵਧੀਕ ਡਿਪਟੀ ਕਮਿਸ਼ਨਰ (ਜ) ਵੱਲੋਂ ਆਪਣੀ- ਆਪਣੀ ਥਾਂ 'ਤੇ ਸਭ ਨੂੰ ਸਹੀ ਭੋਜਨ ਬਿਹਤਰ ਜੀਵਨ ਬਾਰੇ ਜਾਗਰੂਕ ਕਰਨ ਦੀ ਹਦਾਇਤ ਕੀਤੀ।

# ਸੀਟੀ ਯੂਨੀਵਰਸਿਟੀ ਦੀ ਪਾਵਰਲਿਫਟਰ ਸਨੇਹਾ ਘਰਾਮੀ ਨੇ ਵਿਨੀਪੈਗ ਵਿੱਚ ਰਚਿਆ ਇਤਿਹਾਸ

**ਤਿੰਨ ਸੋਨੇ ਦੇ ਤਮਗੇ, ਤਿੰਨ ਕਾਮਨਵੈਲਥ ਰਿਕਾਰਡ ਅਤੇ 500 ਕਿਲੋਗ੍ਰਾਮ ਦੀ ਸ਼ਾਨਦਾਰ ਲਿਫਟ**

**ਲੁਧਿਆਣਾ, 29 ਸਤੰਬਰ**
**-ਜਗਮੇਲ ਸਿੰਘ ਢਿਲੋਂ-**

ਸੀਟੀ ਯੂਨੀਵਰਸਿਟੀ ਦੀ ਪਾਵਰਲਿਫਟਰ ਸਨੇਹਾ ਘਰਾਮੀ ਨੇ ਕੈਨੇਡਾ ਦੇ ਵਿਨੀਪੈਗ ਵਿੱਚ ਹੋਈ ਕਾਮਨਵੈਲਥ ਪਾਵਰਲਿਫਟਿੰਗ ਚੈਂਪੀਅਨਸ਼ਿਪ 2026 ਦੇ ਜੂਨੀਅਰ 76 ਕਿਲੋਗ੍ਰਾਮ ਭਾਰ ਵਰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਤਿੰਨ ਸੋਨੇ ਦੇ ਤਮਗੇ ਜਿੱਤੇ।




ਸਨੇਹਾ ਨੇ ਸਕੁਐਟ ਵਿੱਚ 190 ਕਿਲੋਗ੍ਰਾਮ, ਬੈਂਚ ਪ੍ਰੈੱਸ ਵਿੱਚ 120 ਕਿਲੋਗ੍ਰਾਮ ਅਤੇ ਡੈੱਡਲਿਫਟ ਵਿੱਚ 190 ਕਿਲੋਗ੍ਰਾਮ ਭਾਰ ਚੁੱਕ ਕੇ ਤਿੰਨਾਂ ਮੁਕਾਬਲਿਆਂ ਵਿੱਚ ਨਵੇਂ ਕਾਮਨਵੈਲਥ ਰਿਕਾਰਡ ਕਾਇਮ ਕੀਤੇ। ਉਸ ਨੇ ਕੁੱਲ 500 ਕਿਲੋਗ੍ਰਾਮ ਭਾਰ ਨਾਲ ਓਵਰਆਲ ਸੋਨੇ ਦਾ ਤਮਗਾ ਵੀ ਆਪਣੇ ਨਾਮ ਕੀਤਾ।

ਸੀਟੀ ਯੂਨੀਵਰਸਿਟੀ ਦੇ ਚਾਂਸਲਰ ਸਰਦਾਰ ਚਰਨਜੀਤ ਸਿੰਘ ਚੰਨੀ ਨੇ ਸਨੇਹਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਉਪਲਬਧੀ ਯੂਨੀਵਰਸਿਟੀ ਪਰਿਵਾਰ ਲਈ ਮਾਣ ਵਾਲਾ ਪਲ ਹੈ। ਪ੍ਰੋ-ਚਾਂਸਲਰ ਡਾ. ਮਨਬੀਰ ਸਿੰਘ ਨੇ ਵੀ ਸਨੇਹਾ ਦੀ ਮਿਹਨਤ, ਅਨੁਸ਼ਾਸਨ ਅਤੇ ਸਮਰਪਣ ਦੀ ਸ਼ਲਾਘਾ ਕੀਤੀ।

ਯੂਨੀਵਰਸਿਟੀ ਦੇ ਡੀਐਸਡਬਲਯੂ ਡਾਇਰੈਕਟਰ ਇੰਜੀਨੀਅਰ ਦਵਿੰਦਰ ਸਿੰਘ ਅਤੇ ਖੇਡ ਮੁਖੀ ਗੁਰਦੀਪ ਸਿੰਘ ਦੇ ਸਹਿਯੋਗ ਨੂੰ ਵੀ ਇਸ ਸਫਲਤਾ ਵਿੱਚ ਮਹੱਤਵਪੂਰਨ ਦੱਸਿਆ ਗਿਆ। ਯੂਨੀਵਰਸਿਟੀ ਨੇ ਕਿਹਾ ਕਿ ਸਨੇਹਾ ਦੀ ਇਹ ਉਪਲਬਧੀ ਨੌਜਵਾਨ ਖਿਡਾਰੀਆਂ ਲਈ ਪ੍ਰੇਰਣਾ ਦਾ ਸਰੋਤ ਹੈ।

# ਖੇਡਾਂ ਵਤਨ ਪੰਜਾਬ ਦੀਆਂ ਦੇ ਜ਼ਿਲ੍ਹਾ ਪੱਧਰੀ ਟੂਰਨਾਮੈਂਟ ਦੀ ਸ਼ੁਰੂਆਤ ਡਿਪਟੀ ਕਮਿਸ਼ਨਰ ਸ੍ਰੀ ਆਦਿਤਿਆ ਡੇਚਲਵਾਲ ਨੇ ਕੀਤਾ ਉਦਘਾਟਨ

**ਰੂਪਨਗਰ, 29 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ -4 ਦੇ ਜ਼ਿਲ੍ਹਾ ਪੱਧਰੀ ਟੂਰਨਾਮੈਂਟ ਦੀ ਸ਼ੁਰੂਆਤ ਹੋਈ। ਇਨ੍ਹਾਂ ਮੁਕਾਬਲਿਆਂ ਦਾ ਉਦਘਾਟਨ ਡਿਪਟੀ ਕਮਿਸ਼ਨਰ ਸ੍ਰੀ ਆਦਿਤਿਆ ਡੇਚਲਵਾਲ ਨੇ ਖੇਡਾਂ ਸ਼ੁਰੂ ਕਰਨ ਦੇ ਐਲਾਨ ਨਾਲ ਅਸਮਾਨ ਵਿੱਚ ਰੰਗ ਬਰੰਗੇ ਗੁਬਾਰੇ ਛੱਡ ਕੇ ਕੀਤਾ। ਉਨ੍ਹਾਂ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਵਰਗੀ ਅਲਾਮਤ ਤੋਂ ਬਚਾਉਣ ਲਈ ਉਨ੍ਹਾਂ ਦਾ ਖੇਡਾਂ ਨਾਲ ਜੁੜਨਾ ਬੇਹੱਦ ਮਹੱਤਵਪੂਰਨ ਹੈ।



ਉਨ੍ਹਾਂ ਜੇਤੂ ਖਿਡਾਰੀਆਂ ਨੂੰ ਇਨਾਮਾਂ ਦੀ ਵੰਡ ਵੀ ਕੀਤੀ। ਇਸ ਮੌਕੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਇੰਦਰਜੀਤ ਸਿੰਘ , ਵਿਨੋਦ ਸ਼ਰਮਾ, ਜਸ਼ਨਦੀਪ ਸਿੰਘ ਵੀ ਹਾਜ਼ਰ ਸਨ। ਜ਼ਿਲ੍ਹਾ ਖੇਡ ਅਫ਼ਸਰ ਜਗਜੀਵਨ ਸਿੰਘ ਦੀ ਦੇਖਰੇਖ ਹੇਠ ਕਰਵਾਏ ਜਾ ਰਹੇ ਇਨ੍ਹਾਂ ਖੇਡ ਮੁਕਾਬਲਿਆਂ ਦੇ ਅੱਜ ਦੇ ਨਤੀਜਿਆਂ ਵਿੱਚ ਅਥਲੈਟਿਕਸ, ਬਾਸਕਟਬਾਲ,ਖੋ-ਖੋ , ਟੈਨਿਸ ਬਾਲ ਕ੍ਰਿਕਟ ਅਤੇ ਫੁੱਟਬਾਲ ਦੇ ਮੁਕਾਬਲੇ ਨਹਿਰੂ ਸਟੇਡੀਅਮ ਰੂਪਨਗਰ, ਹਾਕੀ ਦੇ ਮੁਕਾਬਲੇ ਹਾਕਸ ਕਲੱਬ, ਵਾਲੀਬਾਲ, ਕਿੱਕ ਬਾਕਸਿੰਗ, ਚੈੱਸ ਦੇ ਮੁਕਾਬਲੇ ਸਰਕਾਰੀ ਪੌਲੀ ਟੈਕਨੀਕਲ ਕਾਲਜ, ਹੈਂਡਬਾਲ ਖਾਲਸਾ ਸਕੂਲ, ਸ਼ੂਟਿੰਗ ਮੁਕਾਬਲੇ ਸਾਹਿਬਜ਼ਾਦਾ ਅਜੀਤ ਸਿੰਘ ਅਕੈਡਮੀ, ਨੈੱਟਬਾਲ ਨੇਤਾ ਸਕੂਲ ਵਿੱਚ ਕਰਵਾਏ ਜਾ ਰਹੇ ਹਨ। ਅੱਜ ਹੋਏ ਮੁਕਾਬਲਿਆਂ ਵਿੱਚ ਸੌ ਮੀਟਰ ਉਮਰ ਵਰਗ ਇੱਕੀ ਸਾਲ ਲੜਕਿਆਂ ਦੇ ਮੁਕਾਬਲੇ ਵਿੱਚ ਜਸਕਰਨ ਸਿੰਘ ਨੇ ਪਹਿਲਾ, ਗੌਰਵ ਗੁਪਤਾ ਨੇ ਦੂਜਾ ਅਤੇ ਰਾਜਵਿੰਦਰ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਉਮਰ ਵਰਗ ਦੇ ਲੜਕੀਆਂ ਦੇ ਮੁਕਾਬਲੇ ਵਿੱਚ ਕਰਿਤਕਾ ਨੇ ਪਹਿਲਾ, ਭਾਰਤੀ ਕੁਮਾਰੀ ਨੇ ਦੂਜਾ ਅਤੇ ਹਰਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ।ਇਸੇ ਉਮਰ ਵਰਗ ਦੇ ਲੜਕਿਆਂ ਦੇ 100 ਮੀਟਰ ਮੁਕਾਬਲੇ ਵਿੱਚ ਮਨਰੀਤ ਕੌਰ ਨੇ ਪਹਿਲਾ, ਸੰਦੀਪ ਕੌਰ ਨੇ ਦੂਜਾ ਅਤੇ ਹਰਲੀਨ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਲੜਕਿਆਂ ਦੇ ਇਸੇ ਵਰਗ ਦੇ 100 ਮੀਟਰ ਮੁਕਾਬਲੇ ਵਿੱਚ ਦੇਵਵਿਸ਼ਵਜੀਤ ਸਿੰਘ ਪਹਿਲੇ, ਅਸ਼ੀਸ਼ ਕੁਮਾਰ ਨੇ ਦੂਜਾ ਅਤੇ ਏਕਮਦੀਪ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ।

ਲੜਕਿਆਂ ਦੀ 60 ਮੀਟਰ ਰੇਸ ਵਿੱਚ ਨਿਸ਼ਾਨਦੀਪ ਸਿੰਘ ਨੇ ਪਹਿਲਾ, ਦਲਜੀਤ ਸਿੰਘ ਨੇ ਦੂਜਾ ਅਤੇ ਚੇਤਨਪ੍ਰੀਤ ਸਿੰਘ ਮਾਨ ਨੇ ਤੀਜਾ ਸਥਾਨ ਹਾਸਲ ਕੀਤਾ।ਵਾਕ ਰੇਸ ਦੇ ਸਤਾਰਾਂ ਸਾਲਾ ਉਮਰ ਵਰਗ ਦੇ ਲੜਕਿਆਂ ਦੇ ਮੁਕਾਬਲੇ ਵਿੱਚ ਜਪਜੋਤ ਸਿੰਘ ਪਹਿਲੇ ਅਤੇ ਜਸਦੀਪ ਦੂਜੇ ਸਥਾਨ 'ਤੇ ਰਹੇ। ਇਨ੍ਹਾਂ ਖੇਡਾਂ ਨੂੰ ਸਫਲਤਾ ਪੂਰਵਕ ਕਰਵਾਉਣ ਵਿੱਚ ਹਰਿੰਦਰ ਸਿੰਘ, ਸ਼ੀਲ ਭਗਤ,ਵੰਦਨਾ ਬਾਹਰੀ , ਲਵਜੀਤ ਸਿੰਘ ਕੰਗ, ਲੈਕਚਰਰ ਰਾਬਿੰਦਰ ਸਿੰਘ ਰੱਬੀ , ਧਰਮਿੰਦਰ ਸਿੰਘ ਭੰਗੂ , ਰਣਧੀਰ ਸਿੰਘ, ਅਮਰਜੀਤ ਸਿੰਘ, ਗੁਰਜਿੰਦਰ ਸਿੰਘ ਚੀਮਾ, ਸੁਸ਼ੀਲ ਕੁਮਾਰ, ਜਗਰੂਪ ਸਿੰਘ, ਇੰਦਰਜੀਤ ਸਿੰਘ, ਹਰਵਿੰਦਰ ਕੌਰ, ਅੰਮ੍ਰਿਤ ਕੌਰ, ਰਵਿੰਦਰ ਕੌਰ, ਪਿੰਕਾਸ਼ ਧੀਮਾਨ, ਕਰਨਦੀਪ, ਦਰਪਾਲ ਸਿੰਘ, ਨਰੇਸ਼ ਰਾਜੌਰੀਆ, ਰਿਤੂ ਬਾਲਾ, ਹਰਿੰਦਰ ਸਿੰਘ, ਨਵਦੀਪ ਸਿੰਘ, ਸੁਨੀਤਾ ਰਾਣੀ, ਸਤਨਾਮ ਸਿੰਘ, ਅਮਨਦੀਪ ਸਿੰਘ ਢੰਗਰਾਲੀ, ਗੁਰ ਇੰਦਰਜੀਤ ਸਿੰਘ ਮਾਨ, ਕੁਲਵੰਤ ਸਿੰਘ ਕੋਟਲਾ ਨਿਹੰਗ, ਗੁਰਮੀਤ ਸਿੰਘ ਆਦਿ ਨੇ ਮਹੱਤਵ ਪੂਰਨ ਯੋਗਦਾਨ ਪਾ ਰਹੇ ਹਨ।

# ਡੋਪ ਟੈਸਟ ਨੂੰ ਲੈ ਕੇ ਖੰਨਾ ਹਸਪਤਾਲ ਵਿੱਚ ਮਚਿਆ ਸਿਆਸੀ ਘਮਸਾਣ; ਖੰਨਾ ਦੇ ਸਿਵਲ ਹਸਪਤਾਲ ਵਿੱਚ ਮੰਤਰੀ ਦੇ ਡੋਪ ਟੈਸਟ ਦੀ ਪ੍ਰਕਿਰਿਆ ਨੂੰ ਲੈ ਕੇ ਆਹੋ-ਆਹਮਣੇ ਹੋਏ 'ਆਪ' ਅਤੇ ਵਿਰੋਧੀ ਧਿਰਾਂ ਦੇ ਆਗੂ

**ਖੰਨਾ, 29 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨਸ਼ਿਆਂ ਦੇ ਮੁੱਦੇ 'ਤੇ ਸਿਵਲ ਹਸਪਤਾਲ ਖੰਨਾ ਵਿਖੇ ਸਿਆਸੀ ਆਗੂਆਂ ਦੇ ਹੋਣ ਵਾਲੇ ਡੋਪ ਟੈਸਟ ਮੌਕੇ ਵੱਡਾ ਵਿਵਾਦ ਹੋ ਗਿਆ। ਜਿਸ ਨੇ ਡੋਪ ਟੈਸਟ ਰਿਪੋਰਟ ਦੀ ਥਾਂ ਸੈਂਪਲ ਇੱਕਠਾ ਕਰਨ ਦੀ ਪ੍ਰਕਿਰਿਆ ਅਤੇ ਹਸਪਤਾਲ ਪ੍ਰਬੰਧਨ ਦੀ ਭੂਮਿਕਾ 'ਤੇ ਸਵਾਲ ਖੜ੍ਹੇ ਕੀਤੇ। ਪੰਜਾਬ ਦੇ ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਦੀ ਡੋਪ ਟੈਸਟ ਰਿਪੋਰਟ ਨੈਗੇਟਿਵ ਆਉਣ ਤੋਂ ਬਾਅਦ ਅਕਾਲੀ ਦਲ, ਕਾਂਗਰਸ ਅਤੇ ਭਾਜਪਾ ਆਗੂਆਂ ਨੇ ਗੰਭੀਰ ਸਵਾਲ ਉਠਾਏ।

ਵਿਵਾਦ ਉਦੋਂ ਸ਼ੁਰੂ ਹੋਇਆ ਜਦੋਂ ਡੋਪ ਟੈਸਟ ਸਵੇਰੇ 11 ਵਜੇ ਨਿਰਧਾਰਤ ਕੀਤਾ ਗਿਆ ਸੀ ਅਤੇ ਮੰਤਰੀ ਸੌਂਦ ਸਰਕਾਰੀ ਹਸਪਤਾਲ ਵਿੱਚ ਲਗਪਗ 10 ਮਿੰਟ ਪਹਿਲਾਂ ਪਹੁੰਚੇ। ਉਹ ਸਿੱਧੇ ਐੱਸ.ਐੱਮ.ਓ. ਡਾ. ਮਨਿੰਦਰ ਸਿੰਘ ਭਸੀਨ ਦੇ ਕਮਰੇ ਵਿੱਚ ਗਏ ਅਤੇ ਟੈਸਟ ਲਈ ਨਮੂਨਾ ਦਿੱਤਾ ਅਤੇ ਕੁਝ ਮਿੰਟਾਂ ਬਾਅਦ ਟੈਸਟ ਦਾ ਨਤੀਜਾ ਨੈਗੇਟਿਵ ਘੋਸ਼ਿਤ ਕੀਤਾ ਗਿਆ। ਜਦੋਂ ਅਕਾਲੀ ਦਲ ਦੇ ਹਲਕਾ ਇੰਚਾਰਜ ਯਾਦਵਿੰਦਰ ਸਿੰਘ ਯਾਦੂ, ਸਾਬਕਾ ਕਾਂਗਰਸੀ ਮੰਤਰੀ ਗੁਰਕੀਰਤ ਸਿੰਘ ਕੋਟਲੀ ਅਤੇ ਭਾਜਪਾ ਆਗੂ ਅਨਿਲ ਦੱਤ ਫੱਲੀ, ਅਨੁਜ ਛਾਹੜੀਆ ਅਤੇ ਐਡਵੋਕੇਟ ਚਿਰਾਂਸ਼ੂ ਰਤਨ ਸਵੇਰੇ 11 ਵਜੇ ਦੇ ਕਰੀਬ ਹਸਪਤਾਲ ਪਹੁੰਚੇ ਤਾਂ ਸਥਿਤੀ ਗਰਮਾ ਗਈ।

ਉਨ੍ਹਾਂ ਸਵਾਲ ਕੀਤਾ ਕਿ ਮੰਤਰੀ ਦਾ ਸੈਂਪਲ ਸਮੇਂ ਤੋਂ ਪਹਿਲਾਂ ਕਿਉਂ ਲਿਆ ਗਿਆ ਜਦੋਂ ਕਿ ਸਾਰਿਆਂ ਲਈ ਨਿਰਧਾਰਤ ਸਮਾਂ ਤੈਅ ਕੀਤਾ ਗਿਆ ਸੀ। ਉਨ੍ਹਾਂ ਦੋਸ਼ ਲਾਇਆ ਕਿ ਹਸਪਤਾਲ ਵਿੱਚ ਮੌਜੂਦ ਹੋਰ ਲੈਬ ਟੈਕਨੀਸ਼ੀਅਨਾਂ ਦੀ ਥਾਂ ਮੰਤਰੀ ਦਾ ਸੈਂਪਲ ਲੈਣ ਲਈ ਇੱਕ ਮਹਿਲਾ ਕਰਮਚਾਰੀ ਨੂੰ ਨਿਯੁਕਤ ਕੀਤਾ ਗਿਆ ਸੀ। ਇਸ ਲਈ ਸਵਾਲ ਪੈਦਾ ਹੁੰਦਾ ਹੈ ਕਿ ਜੇਕਰ ਹਸਪਤਾਲ ਵਿੱਚ ਹੋਰ ਪੁਰਸ਼ ਲੈਬ ਟੈਕਨੀਸ਼ੀਅਨ ਮੌਜੂਦ ਸਨ ਤਾਂ ਮੰਤਰੀ ਦੀ ਡਿਊਟੀ ਇੱਕ ਮਹਿਲਾ ਕਰਮਚਾਰੀ ਨੂੰ ਕਿਉਂ ਸੌਂਪੀ ਗਈ।



ਵਿਰੋਧੀ ਧਿਰਾਂ ਨੇ ਦੋਸ਼ ਲਗਾਇਆ ਕਿ ਸੈਂਪਲ ਲੈਣ ਦੀ ਪ੍ਰਕਿਰਿਆ ਪੂਰੀ ਤਰ੍ਹਾਂ ਪਾਰਦਰਸ਼ੀ ਹੋਣੀ ਚਾਹੀਦੀ ਸੀ। ਉਨ੍ਹਾਂ ਕਿਹਾ ਕਿ ਜੇਕਰ ਸਾਰੀਆਂ ਸਿਆਸੀ ਪਾਰਟੀਆਂ ਡੋਪ ਟੈਸਟ ਲਈ ਇੱਕੋ ਜਗ੍ਹਾ ਅਤੇ ਸਮੇਂ 'ਤੇ ਪਹੁੰਚੀਆਂ ਸਨ ਤਾਂ ਇਹ ਪ੍ਰਕਿਰਿਆ ਸਾਰਿਆਂ ਲਈ ਇਕਸਾਰ ਕਿਉਂ ਨਹੀਂ ਸੀ? ਇਨ੍ਹਾਂ ਸਵਾਲਾਂ ਨੂੰ ਲੈ ਕੇ ਐੱਸ.ਐੱਮ.ਓ. ਦਫ਼ਤਰ ਵਿਖੇ 'ਆਪ', ਅਕਾਲੀ ਦਲ, ਕਾਂਗਰਸ ਅਤੇ ਭਾਜਪਾ ਦੇ ਆਗੂਆਂ ਵਿਚਕਾਰ ਬਹਿਸ ਛਿੜ ਗਈ ਜਿਸ ਨੂੰ ਮੌਜੂਦ ਪੁਲੀਸ ਅਧਿਕਾਰੀਆਂ ਨੇ ਦਖ਼ਲ ਦੇ ਕੇ ਮੰਤਰੀ ਸੌਂਦ ਨੂੰ ਕਮਰੇ ਤੋਂ ਬਾਹਰ ਕੱਢਿਆ। ਇਸ ਦੌਰਾਨ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਅਤੇ ਵਰਕਰਾਂ ਨੇ ਇੱਕ ਦੂਜੇ ਵਿਰੁੱਧ ਨਾਅਰੇਬਾਜ਼ੀ ਕੀਤੀ।

ਇਸ ਮੌਕੇ ਯਾਦਵਿੰਦਰ ਸਿੰਘ ਯਾਦੂ ਅਤੇ ਗੁਰਕੀਰਤ ਸਿੰਘ ਕੋਟਲੀ ਨੇ ਵੀ ਡੋਪ ਟੈਸਟ ਕਰਵਾਏ ਜੋ ਨੈਗੇਟਿਵ ਆਏ। ਮੰਤਰੀ ਸੌਂਦ ਨੇ ਕਿਹਾ ਕਿ ਵਿਰੋਧੀ ਧਿਰ ਕੋਲ ਕੋਈ ਮੁੱਦਾ ਨਹੀਂ ਹੈ ਜੋ ਜਾਣਬੁੱਝ ਕੇ ਬੇਬੁਨਿਆਦ ਦੋਸ਼ ਲਗਾ ਰਹੀ ਹੈ। ਵਿਰੋਧੀ ਧਿਰ ਕੋਲ ਨਾ ਤਾਂ ਵਿਕਾਸ ਦੇ ਮੁੱਦਿਆਂ 'ਤੇ ਬਹਿਸ ਕਰਨ ਦੀ ਤਾਕਤ ਹੈ ਅਤੇ ਨਾ ਹੀ ਡੋਪ ਟੈਸਟ ਦੀ ਚੁਣੌਤੀ ਦਾ ਸਾਹਮਣਾ ਕਰਨ ਤੋਂ ਬਾਅਦ ਕੋਈ ਮੁੱਦਾ ਬਚਿਆ ਹੈ।

ਯਾਦੂ ਨੇ ਕਿਹਾ ਕਿ ਮੰਤਰੀ ਦੀ ਰਿਪੋਰਟ ਝੂਠੀ ਤਿਆਰ ਕੀਤੀ ਗਈ ਸੀ। ਜੇਕਰ ਮੰਤਰੀ ਨੂੰ ਰਿਪੋਰਟ 'ਤੇ ਪੂਰਾ ਭਰੋਸਾ ਹੈ ਤਾਂ ਡੋਪ ਟੈਸਟ ਲਈ ਉਨ੍ਹਾਂ ਨਾਲ ਪੀ.ਜੀ.ਆਈ. ਚੰਡੀਗੜ੍ਹ ਅਤੇ ਅੰਬਾਲਾ ਜਾਣਾ ਚਾਹੀਦਾ ਹੈ। ਸਾਬਕਾ ਕਾਂਗਰਸੀ ਮੰਤਰੀ ਕੋਟਲੀ ਨੇ ਦੋਸ਼ ਲਗਾਇਆ ਕਿ ਸੌਂਦ ਦਾ ਡੋਪ ਟੈਸਟ ਸੈਂਪਲ ਪਾਰਦਰਸ਼ੀ ਨਹੀਂ ਸੀ।

## ਸੁਨੀਲ ਸਿਲਕ ਸਟੋਰ ਮਾਛੀਵਾੜਾ ਵਿਖੇ ਹੋਇਆ ਚੇਅਰਮੈਨ ਦੀਪਕ ਸ਼ਾਹ ਦਾ ਸਨਮਾਨ



**ਮਾਛੀਵਾੜਾ ਸਾਹਿਬ, 29 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬੀਤੇ ਦਿਨੀ ਵਿਸ਼ਵ ਸੂਫੀ ਸੰਤ ਸਮਾਜ ਭਲਾਈ ਬੋਰਡ ਪੰਜਾਬ ਸਰਕਾਰ ਚੇਅਰਮੈਨ ਦੀਪਕ ਸ਼ਾਹ ਮਾਛੀਵਾੜਾ ਸਾਹਿਬ ਵਿਖੇ ਖੰਡਾ ਚੌਕ ਨਜ਼ਦੀਕ ਸੁਨੀਲ ਸਿਲਕ ਸਟੋਰ ਵਾਲਿਆਂ ਦੀ ਦੁਕਾਨ ਤੇ ਪੁੱਜੇ ਜਿੱਥੇ ਉਹਨਾਂ ਦਾ ਸਨਮਾਨ ਕੀਤਾ ਗਿਆ । ਹਲਕਾ ਫਤਿਹਗੜ੍ਹ ਸਾਹਿਬ ਤੋਂ ਸੂਫੀ ਸੰਤ ਸਮਾਜ ਦੇ ਇੰਚਾਰਜ ਬਾਬਾ ਸੁਖਦੇਵ ਸਿੰਘ ਈਸਾਪੁਰ ਵਾਲਿਆਂ ਨੇ ਦੱਸਿਆ ਕਿ ਬੀਤੇ ਦਿਨੀ ਪੰਜਾਬ ਦਾ ਪਹਿਲਾ ਵਿਸ਼ਵ ਸੂਫੀ ਸੰਤ ਸੰਮੇਲਨ ਮਾਛੀਵਾੜਾ ਸਾਹਿਬ ਵਿਖੇ ਕਰਵਾਇਆ ਗਿਆ ਸੀ ਜਿਸ ਵਿੱਚ ਪੂਰੇ ਪੰਜਾਬ ਭਰ ਵਿੱਚੋਂ ਡੇਰੇਦਾਰਾਂ ਅਤੇ ਸੂਫੀ ਸੰਤ, ਫਕੀਰਾਂ ਨੇ ਸ਼ਿਰਕਤ ਕੀਤੀ ਸੀ। ਉਸਦੀ ਅਪਾਰ ਸਫਲਤਾ ਤੋਂ ਬਾਅਦ ਚੇਅਰਮੈਨ ਦੀਪਕ ਸ਼ਾਹ ਉਚੇਚੇ ਤੌਰ ਤੇ ਉਹਨਾਂ ਨੂੰ ਮਾਛੀਵਾੜਾ ਸਾਹਿਬ ਮਿਲਣ ਲਈ ਪੁੱਜੇ ਸਨ।
ਉਹਨਾਂ ਦੱਸਿਆ ਕਿ ਸੁਨੀਲ ਸਿਲਕ ਸਟੋਰ ਮਾਛੀਵਾੜੇ ਵਾਲਿਆਂ ਦਾ ਚੇਅਰਮੈਨ ਦੀਪਕ ਸ਼ਾਹ ਨਾਲ ਨਿੱਘਾ ਪਿਆਰ ਅਤੇ ਸਤਿਕਾਰ ਹੈ। ਚੇਅਰਮੈਨ ਦੀਪਕ ਸ਼ਾਹ ਦਾ ਸੁਨੀਲ ਸਿਲਕ ਸਟੋਰ ਵਾਲਿਆਂ ਵੱਲੋਂ ਆਪਣੀ ਦੁਕਾਨ ਉੱਤੇ ਪੁੱਜਣ ਤੇ ਭਰਵਾਂ ਸਵਾਗਤ ਕਰਦਿਆਂ ਸਨਮਾਨ ਕੀਤਾ ਗਿਆ।

ਇਸ ਮੌਕੇ ਚੇਅਰਮੈਨ ਦੀਪਕ ਸ਼ਾਹ ਨੇ ਕਿਹਾ ਕਿ ਪੰਜਾਬ ਭਰ ਵਿੱਚ ਡੇਰੇਦਾਰਾਂ ਸੂਫੀ ਸੰਤ ਫਕੀਰ ਲੋਕਾਂ ਨੂੰ ਆ ਰਹੀਆਂ ਸਮੱਸਿਆਵਾਂ ਦੇ ਹੱਲ ਲਈ ਵਿਸ਼ਵ ਸੂਫੀ ਸੰਤ ਸਮਾਜ ਭਲਾਈ ਬੋਰਡ ਪੰਜਾਬ ਦਾ ਗਠਨ ਕੀਤਾ ਗਿਆ ਹੈ। ਤੇ ਪੂਰੇ ਪੰਜਾਬ ਭਰ ਵਿੱਚ ਡੇਰੇਦਾਰਾਂ ਨੂੰ ਆ ਰਹੀਆਂ ਸਮੱਸਿਆਵਾਂ ਪ੍ਰਤੀ ਸ਼ਿਕਾਇਤਾਂ ਮਿਲਣ ਉਪਰੰਤ ਉਹਨਾਂ ਦਾ ਤੁਰੰਤ ਨਿਪਟਾਰਾ ਕੀਤਾ ਜਾ ਰਿਹਾ ਹੈ। ਇਸ ਮੌਕੇ ਹਲਕਾ ਸਮਰਾਲਾ ਇੰਚਾਰਜ ਹਰਦੇਵ ਸਿੰਘ ਬਾਗ ਵਾਲੇ, ਸੁਨੀਲ ਕੁਮਾਰ, ਪਰਮਜੀਤ ਸਿੰਘ ਤਾਜੋਵਾਲ ਦੁਆਬਾ ਜੋਨ ਸੈਕਟਰੀ, ਸੁਰਪ੍ਰੀਤ ਸਿੰਘ ਸੈਕਟਰੀ ਭੁਲੱਥ ਵੀ ਮੌਜੂਦ ਸਨ।

# ਰੂਸੀ ਸਰਹੱਦ 'ਤੇ NATO ਨੇ ਵਧਾਇਆ ਫ਼ੌਜੀ ਜਮਾਵੜਾ

**ਰੀਗਾ, 29 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਰੂਸੀ ਸਰਹੱਦ ਨੇੜੇ NATO ਨੇ ਆਪਣੀ ਫ਼ੌਜੀ ਮੌਜੂਦਗੀ ਨੂੰ ਸਤੰਬਰ 'ਚ ਤੇਜ਼ੀ ਨਾਲ ਵਧਾਇਆ ਹੈ। ਉਸ ਨੇ ਉੱਤਰ-ਪੂਰਬੀ ਮੋਰਚੇ 'ਤੇ ਬਹੁ-ਰਾਸ਼ਟਰੀ ਬਟਾਲੀਅਨ ਤਾਇਨਾਤ ਕਰ ਦਿੱਤੀ ਹੈ ਅਤੇ ਫ਼ਰੰਟ ਲਾਈਨ 'ਚ ਫ਼ੌਜੀਆਂ ਦੀ ਗਿਣਤੀ ਨੂੰ ਕਾਫ਼ੀ ਵਧਾ ਦਿੱਤਾ ਹੈ। NATO ਨੇ ਲਾਤਵੀਆ 'ਚ ਤਾਇਨਾਤ ਆਪਣੇ ਮਲਟੀਨੈਸ਼ਨਲ ਬੈਟਲ ਗਰੁੱਪ ਦਾ ਵਿਸਥਾਰ ਕਰ ਕੇ ਉਸ ਨੂੰ NATO ਮਲਟੀਨੈਸ਼ਨਲ ਬ੍ਰਿਗੇਡ ਲਾਤਵੀਆ ਦੇ ਰੂਪ 'ਚ ਅੱਪਗ੍ਰੇਡ ਕੀਤਾ ਹੈ। ਇਸ ਬ੍ਰਿਗੇਡ ਨੇ ਆਪਣੀ ਪੂਰੀ ਜੰਗੀ ਤਿਆਰੀ ਹਾਸਿਲ ਕਰ ਲਈ ਹੈ। ਇਸ ਨਵੀਂ ਬ੍ਰਿਗੇਡ 'ਚ 3,500 ਤੋਂ ਵੱਧ ਫ਼ੌਜੀ ਸ਼ਾਮਿਲ ਹਨ। ਇਸ ਫ਼ੌਜੀ ਟੁਕੜੀ ਦੀ ਅਗਵਾਈ ਕੈਨੇਡਾ ਕਰ ਰਿਹਾ ਹੈ ਅਤੇ ਉਸ ਦੇ ਆਪਣੇ 2, 200 ਫ਼ੌਜੀ ਇਸ 'ਚ ਤਾਇਨਾਤ ਹਨ। ਇੱਥੇ ਕੁੱਲ 14 ਦੇਸ਼ਾਂ ਦੇ ਫ਼ੌਜੀ ਆਧੁਨਿਕ ਹਥਿਆਰਾਂ ਨਾਲ ਡਟੇ ਹੋਏ ਹਨ। ਹਾਲ ਹੀ 'ਚ ਲਾਤਵੀਆਈ ਹਵਾਈ ਖੇਤਰ 'ਚ ਰੂਸੀ ਡਰੋਨਾਂ ਦੀ ਘੁਸਪੈਠ ਤੋਂ ਬਾਅਦ ਜਰਮਨੀ ਨੇ ਵੀ ਇੱਥੇ ਆਪਣੇ ਚਾਰ ਯੂਰੋਫਾਈਟਰ ਜੈੱਟ ਅਤੇ ਵਾਧੂ ਫ਼ੌਜੀ ਤਾਇਨਾਤ ਕੀਤੇ ਹਨ।

**12 ਹਜ਼ਾਰ ਫ਼ੌਜੀ ਕਰਨਗੇ ਜੰਗੀ ਅਭਿਆਸ:** ਰੂਸੀ ਸਰਹੱਦ ਨੇੜੇ ਲਾਤਵੀਆ ਦੇ ਪੂਰਬੀ ਖੇਤਰ ਡੌਗਾਵਪਿਲਸ 'ਚ NATO ਫ਼ੌਜੀਆਂ ਦੀ ਮੌਜੂਦਗੀ ਨੂੰ ਸਥਾਈ ਕਰ ਦਿੱਤਾ ਗਿਆ ਹੈ। ਉੱਥੇ ਲਾਤਵੀਆਈ ਫ਼ੌਜ ਅਤੇ NATO ਦੇਸ਼ ਮਿਲ ਕੇ ਨਾਮੇਜਸ-2026 ਨਾਂ ਤੋਂ ਜੰਗੀ ਅਭਿਆਸ ਕਰ ਰਹੇ ਹਨ ਜਿਸ 'ਚ 12 ਹਜ਼ਾਰ ਤੋਂ ਵੱਧ ਫ਼ੌਜੀ ਹਿੱਸਾ ਲੈ ਰਹੇ ਹਨ। ਇਹ ਅਭਿਆਸ ਅਕਤੂਬਰ ਤਕ ਚੱਲੇਗਾ। **ਪੂਰਬੀ ਮੋਰਚੇ 'ਤੇ ਇਨ੍ਹਾਂ ਦੇਸ਼ਾਂ 'ਚ NATO ਨੇ ਸਤੰਬਰ 'ਚ ਵਧਾਈ ਤਾਇਨਾਤੀ।** ਫ਼ਿਨਲੈਂਡ 'ਚ F-35: ਇਹ ਰੂਸ ਨਾਲ ਲੱਗਦੀ NATO ਦੀ ਸਭ ਤੋਂ ਲੰਬੀ ਸਰਹੱਦ ਹੈ। ਇਸ ਨੂੰ ਮਜ਼ਬੂਤ ਕਰਨ ਲਈ F-35 ਸਟੈੱਲਥ ਫ਼ਾਈਟਰ ਜੈੱਟਾਂ ਦੀ ਪਹਿਲੀ ਖੇਪ ਤਾਇਨਾਤ ਕੀਤੀ ਜਾ ਰਹੀ ਹੈ। ਫ਼ਿਨਲੈਂਡ ਨੇ 14 ਸਤੰਬਰ ਨੂੰ ਫ਼ਰਾਂਸ ਦੇ ਫ਼ਾਰਵਰਡ ਡੈਟਰੈਂਸ ਪ੍ਰਮਾਣੂ ਪ੍ਰੋਗਰਾਮ 'ਚ ਸ਼ਾਮਿਲ ਹੋਣ ਦਾ ਐਲਾਨ ਕੀਤਾ ਹੈ। **ਪੋਲੈਂਡ ਹਾਈ ਐਲਰਟ 'ਤੇ:** ਇਸ ਦੀ ਸਰਹੱਦ ਯੂਕ੍ਰੇਨ ਅਤੇ ਬੇਲਾਰੂਸ ਨਾਲ ਲੱਗਦੀ ਹੈ। 17 ਸਤੰਬਰ ਨੂੰ ਪੋਲੈਂਡ ਸਰਹੱਦ ਨੇੜੇ ਯੂਕ੍ਰੇਨ 'ਤੇ ਰੂਸ ਨੇ ਭਿਆਨਕ ਹਮਲਾ ਕੀਤਾ ਸੀ। ਉਸ ਤੋਂ ਬਾਅਦ ਪੋਲੈਂਡ ਦੀ ਹਵਾਈ ਸੁਰੱਖਿਆ ਅਤੇ ਰੇਡਾਰ ਪ੍ਰਣਾਲੀਆਂ ਹਾਈ ਅਲਰਟ 'ਤੇ ਹਨ। ਉਸ ਨੇ ਯੂਕ੍ਰੇਨ ਸਰਹੱਦੀ ਚੌਕੀਆਂ ਨੇੜੇ ਬਲਾਸਟ ਵਾਲ, ਬੰਕਰਾਂ ਦਾ ਨਿਰਮਾਣ ਸ਼ੁਰੂ ਕਰ ਦਿੱਤਾ ਹੈ।



ਨੌਰਵੇ-ਰੂਸ ਸਰਹੱਦ: ਰੂਸ ਨਾਲ 198 ਕਿਲੋਮੀਟਰ ਲੰਬੀ ਉੱਤਰੀ ਸਰਹੱਦ ਲੱਗਦੀ ਹੈ। ਇਸੇ ਸਰਹੱਦ ਨੇੜੇ ਰੂਸ ਦਾ ਉੱਤਰੀ ਸਮੁੰਦਰੀ ਫ਼ੌਜੀ ਬੇੜਾ ਤਾਇਨਾਤ ਹੈ। ਇਸ ਲਈ ਸਤੰਬਰ 'ਚ NATO ਨੇ ਇੱਥੇ ਆਪਣੀ ਫ਼ੌਜੀ ਮੌਜੂਦਗੀ ਨੂੰ ਤੇਜ਼ੀ ਨਾਲ ਵਧਾਇਆ ਹੈ। ਪੋਰਸਾਂਗਮੋਇਨ ਬੇਸ 'ਤੇ ਆਰਕਟਿਕ ਬ੍ਰਿਗੇਡ ਦੀ ਮਾਰੂ ਹਥਿਆਰਾਂ ਦੀ ਸਮਰੱਥਾ ਨੂੰ ਕਈ ਗੁਣਾ ਵਧਾਇਆ ਗਿਆ ਹੈ।

**ਐਸਟੋਨੀਆ:** ਰੂਸ ਨਾਲ 294 ਕਿਲੋਮੀਟਰ ਪੂਰਬੀ ਸਰਹੱਦ ਸਾਂਝੀ ਕਰਦਾ ਹੈ। 21 ਸਤੰਬਰ ਤੋਂ NATO ਹਵਾਈ ਫ਼ੌਜ ਨੇ ਐਸਟੋਨੀਆਈ ਹਵਾਈ ਖੇਤਰ 'ਚ ਲੋਅ-ਐਲਟੀਟਿਊਡ ਅਤੇ ਸੁਪਰਸੋਨਿਕ ਲੜਾਕੂ ਜਹਾਜ਼ਾਂ ਦੀਆਂ ਟ੍ਰੇਨਿੰਗ ਉਡਾਣਾਂ ਸ਼ੁਰੂ ਕੀਤੀਆਂ ਹਨ।

## ਰਾਜ ਮਿਸਤਰੀ ਦੀ ਬੰਦ ਕਮਰੇ 'ਚ ਖ਼ੂਨ ਨਾਲ ਅੱਧ ਨੰਗੀ ਮਿਲੀ ਲਾਸ਼, ਪੁਲਿਸ ਨੇ ਜਾਂਚ ਕੀਤੀ ਸ਼ੁਰੂ

**ਮਾਛੀਵਾੜਾ ਸਾਹਿਬ, 29 ਸਤੰਬਰ**
**ਸ਼ਹੀਦ-ਏ-ਆਜ਼ਮ-ਬਿਊਰੋ-**

ਸਥਾਨਕ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਨੇੜ੍ਹੇ ਇੱਕ ਬੰਦ ਕਮਰੇ ਵਿਚ ਰਾਜਮਿਸਤਰੀ ਚਰਨਜੀਤ ਸਿੰਘ ਉਰਫ਼ ਬਿੱਲਾ (50) ਦੀ ਖ਼ੂਨ ਨਾਲ ਲੱਥਪੱਥ ਅੱਧ ਨਗਨ ਹਾਲਤ ਵਿਚ ਲਾਸ਼ ਮਿਲੀ ਜਿਸ ਨਾਲ ਇਲਾਕੇ ਵਿਚ ਸਨਸਨੀ ਫੈਲ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਚਰਨਜੀਤ ਸਿੰਘ ਮਾਛੀਵਾੜਾ ਸ਼ਹਿਰ ਵਿਚ ਰਹਿੰਦੇ ਆਪਣੇ ਪਰਿਵਾਰ ਤੋਂ ਅਲੱਗ ਹੋ ਕੇ ਕਮਰਾ ਕਿਰਾਏ 'ਤੇ ਲੈ ਕੇ ਰਹਿ ਰਿਹਾ ਸੀ। ਕਮਰੇ ਦਾ ਦਰਵਾਜਾ ਅੰਦਰੋਂ ਲੱਗਾ ਹੋਇਆ ਸੀ ਤਾਂ ਆਸਪਾਸ ਦੇ ਲੋਕਾਂ ਨੇ ਦੇਖਿਆ ਕਿ ਕਮਰੇ 'ਚੋਂ ਖ਼ੂਨ ਨਿਕਲ ਕੇ ਬਾਹਰ ਆ ਰਿਹਾ ਹੈ ਤਾਂ ਉਨ੍ਹਾਂ ਤੁਰੰਤ ਪੁਲਸ ਨੂੰ ਸੂਚਿਤ ਕੀਤਾ। ਘਟਨਾ ਦੀ ਸੂਚਨਾ ਮਿਲਦੇ ਹੀ ਥਾਣਾ ਮੁਖੀ ਕਰਮਜੀਤ ਸਿੰਘ ਮੌਕੇ 'ਤੇ ਪਹੁੰਚ ਗਏ ਅਤੇ ਜਦੋਂ ਉਨ੍ਹਾਂ ਦਰਵਾਜਾ ਤੋੜ ਕੇ ਦੇਖਿਆ ਤਾਂ ਅੰਦਰ ਚਰਨਜੀਤ ਸਿੰਘ ਖ਼ੂਨ ਨਾਲ ਲੱਥਪੱਥ ਅੱਧ ਨਗਨ ਹਾਲਤ ਵਿਚ ਪਿਆ ਸੀ।

ਚਰਨਜੀਤ ਸਿੰਘ ਦੇ ਸਿਰ ਪਿੱਛੇ ਸੱਟ ਲੱਗੀ ਹੋਈ ਸੀ ਜਿੱਥੋਂ ਖ਼ੂਨ ਵਹਿ ਕੇ ਕਮਰੇ ਤੋਂ ਬਾਹਰ ਤੱਕ ਆ ਗਿਆ ਸੀ ਅਤੇ ਉਸਦੇ ਮੂੰਹ 'ਤੇ ਵੀ ਸੱਟ ਦੇ ਨਿਸ਼ਾਨ ਲੱਗ ਰਹੇ ਸਨ। ਮ੍ਰਿਤਕ ਚਰਨਜੀਤ ਸਿੰਘ ਦੇ ਪਰਿਵਾਰ ਨੂੰ ਪੁਲਸ ਨੇ ਸੂਚਿਤ ਕੀਤਾ ਤਾਂ ਉਸਦੀ ਪਤਨੀ ਜਸਪ੍ਰੀਤ ਕੌਰ ਨੇ ਦੱਸਿਆ ਕਿ ਉਸਦਾ ਪਤੀ ਸ਼ਰਾਬ ਪੀਣ ਦਾ ਆਦੀ ਸੀ ਅਤੇ ਘਰ ਵਿਚ ਲੜਾਈ-ਝਗੜਾ ਕਰਦਾ ਰਹਿੰਦਾ ਸੀ। ਪਿਛਲੇ ਕਰੀਬ 4 ਸਾਲ ਤੋਂ ਉਹ ਪਰਿਵਾਰ ਨਾਲੋਂ ਅਲੱਗ ਰਹਿ ਰਿਹਾ ਸੀ ਅਤੇ ਉਸਦਾ ਪਰਿਵਾਰਕ ਮੈਂਬਰਾਂ ਨਾਲ ਕੋਈ ਸਬੰਧ ਨਹੀਂ ਸੀ। ਅੱਜ ਸਵੇਰੇ ਉਨ੍ਹਾਂ ਨੂੰ ਪੁਲਸ ਰਾਹੀਂ ਸੂਚਨਾ ਮਿਲੀ ਕਿ ਚਰਨਜੀਤ ਸਿੰਘ ਕਮਰੇ ਅੰਦਰ ਮ੍ਰਿਤਕ ਹਾਲਤ ਵਿਚ ਪਿਆ ਹੈ। ਪੁਲਸ ਵਲੋਂ ਫਿਲਹਾਲ ਲਾਸ਼ ਨੂੰ ਕਬਜੇ 'ਚ ਕਰ ਪੋਸਟ ਮਾਰਟਮ ਲਈ ਭੇਜ ਦਿੱਤਾ ਗਿਆ ਹੈ।

ਥਾਣਾ ਮੁਖੀ ਕਰਮਜੀਤ ਸਿੰਘ ਨੇ ਦੱਸਿਆ ਕਿ ਜੋ ਮ੍ਰਿਤਕ ਦੇ ਸੱਟਾਂ ਹਨ ਉਹ ਡਿੱਗਣ ਕਾਰਨ ਲੱਗੀਆਂ ਹਨ ਜਾਂ ਕਿਸੇ ਨੇ ਉਸ ਨੂੰ ਮਾਰ ਕੇ ਕਤਲ ਕੀਤਾ ਹੈ, ਇਸ ਸਬੰਧੀ ਪੋਸਟ ਮਾਰਟਮ ਰਿਪੋਰਟ ਆਉਣ ਤੋਂ ਬਾਅਦ ਪਤਾ ਲੱਗੇਗਾ। ਉਨ੍ਹਾਂ ਕਿਹਾ ਕਿ ਪੁਲਸ ਵਲੋਂ ਆਸਪਾਸ ਲੱਗੇ ਸੀਸੀਟੀਵੀ ਕੈਮਰੇ ਤੇ ਜਿਹੜੇ ਵਿਅਕਤੀਆਂ ਨਾਲ ਮ੍ਰਿਤਕ ਚਰਨਜੀਤ ਸਿੰਘ ਦਾ ਮੇਲ-ਮਿਲਾਪ ਸੀ ਉਨ੍ਹਾਂ ਤੋਂ ਵੀ ਪੁੱਛਗਿੱਛ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮਾਛੀਵਾੜਾ ਪੁਲਸ ਜਲਦ ਇਸ ਮਾਮਲੇ ਨੂੰ ਸੁਲਝਾ ਲਵੇਗੀ।

# ਅਮਰਜੀਤ ਚਾਵਲਾ ਬਲਾਤਕਾਰ ਮਾਮਲਾ: ਡਰਾਈਵਰ ਮੋਹਨ ਸਿੰਘ ਜਾਂਚ ਵਿੱਚ ਸ਼ਾਮਲ, ਰੂਪਨਗਰ ਪੁਲਿਸ ਅੱਗੇ ਬਿਆਨ ਦਰਜ ਕਰਵਾਇਆ

## ਡਰਾਈਵਰ ਨੇ ਖੁਲਾਸਾ ਕੀਤਾ ਕਿ ਮੁਲਜ਼ਮ ਚਾਵਲਾ ਨੇ ਪੀੜਤ ਔਰਤ ਦੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੀਆਂ ਸਰਾਂਵਾਂ ਵਿੱਚ ਅੱਠ ਮਹੀਨਿਆਂ ਦੇ ਰਹਿਣ, ਖਾਣ-ਪੀਣ ਅਤੇ ਆਵਾਜਾਈ ਦਾ ਪ੍ਰਬੰਧ ਕੀਤਾ ਸੀ: ਡੀਐਸਪੀ ਜਸ਼ਨਦੀਪ ਸਿੰਘ ਮਾਨ

**ਚੰਡੀਗੜ੍ਹ, 29 ਸਤੰਬਰ**
**-ਜੀ. ਐਸ. ਤੁੰਗ-**

ਸਾਬਕਾ ਐਸਜੀਪੀਸੀ ਮੈਂਬਰ ਅਮਰਜੀਤ ਸਿੰਘ ਚਾਵਲਾ ਵਿਰੁੱਧ ਦਰਜ ਬਲਾਤਕਾਰ ਮਾਮਲੇ ਦੀ ਚੱਲ ਰਹੀ ਜਾਂਚ ਵਿੱਚ, ਕਾਨੂੰਨੀ ਨੋਟਿਸ ਮਿਲਣ ਉਪਰੰਤ ਗੁਰਦੁਆਰਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਤਾਇਨਾਤ ਡਰਾਈਵਰ ਅੱਜ ਜਾਂਚ ਵਿੱਚ ਸ਼ਾਮਲ ਹੋਇਆ ਅਤੇ ਉਸ ਨੇ ਰੂਪਨਗਰ ਪੁਲਿਸ ਅੱਗੇ ਆਪਣਾ ਬਿਆਨ ਦਰਜ ਕਰਵਾਇਆ।

ਵੇਰਵੇ ਦਿੰਦਿਆਂ, ਡਿਪਟੀ ਸੁਪਰਡੈਂਟ ਆਫ਼ ਪੁਲਿਸ (ਡੀਐਸਪੀ) ਸ੍ਰੀ ਆਨੰਦਪੁਰ ਸਾਹਿਬ, ਜਸ਼ਨਦੀਪ ਸਿੰਘ ਮਾਨ ਨੇ ਦੱਸਿਆ ਕਿ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ (ਬੀਐਨਐਸਐਸ) ਦੀ ਧਾਰਾ 35 ਤਹਿਤ ਡਰਾਈਵਰ ਮੋਹਨ ਸਿੰਘ ਵਾਸੀ ਮੁਹੱਲਾ ਕੁਹਾਲੀਵਾਲਾ, ਸ੍ਰੀ ਆਨੰਦਪੁਰ ਸਾਹਿਬ ਨੂੰ ਨੋਟਿਸ ਜਾਰੀ ਕੀਤਾ ਗਿਆ ਸੀ। ਇਸ ਨੋਟਿਸ ਰਾਹੀਂ ਉਸਨੂੰ ਪੁਲਿਸ ਸਟੇਸ਼ਨ ਸ੍ਰੀ ਆਨੰਦਪੁਰ ਸਾਹਿਬ ਵਿਖੇ ਭਾਰਤੀ ਨਿਆ ਸੰਹਿਤਾ ਦੀਆਂ ਧਾਰਾਵਾਂ 64, 127(2) ਅਤੇ 351(2) ਤਹਿਤ ਦਰਜ ਕੀਤੀ ਗਈ ਦਰਜ ਐਫਆਈਆਰ ਨੰਬਰ 149 ਮਿਤੀ 21.08.2026 ਦੇ ਸਬੰਧ ਵਿੱਚ ਜਾਂਚ ਵਿੱਚ ਸ਼ਾਮਲ ਹੋਣ ਲਈ ਕਿਹਾ ਗਿਆ ਸੀ।

ਨੋਟਿਸ ਦੀ ਪਾਲਣਾ ਕਰਦਿਆਂ, ਮੋਹਨ ਸਿੰਘ ਪੁਲਿਸ ਚੌਕੀ ਸਿਟੀ ਸ੍ਰੀ ਆਨੰਦਪੁਰ ਸਾਹਿਬ ਵਿਖੇ ਪੇਸ਼ ਹੋਇਆ ਅਤੇ ਜਾਂਚ ਟੀਮ ਵੱਲੋਂ ਉਸ ਤੋਂ ਲਗਭਗ ਛੇ ਘੰਟੇ ਤੱਕ ਵਿਸਥਾਰਪੂਰਵਕ ਪੁੱਛਗਿੱਛ ਕੀਤੀ ਗਈ। ਪੁੱਛਗਿੱਛ ਦੌਰਾਨ ਹੋਏ ਖੁਲਾਸਿਆਂ ਬਾਰੇ ਜਾਣਕਾਰੀ ਦਿੰਦਿਆਂ ਡੀਐਸਪੀ ਨੇ ਦੱਸਿਆ ਕਿ ਮੋਹਨ ਸਿੰਘ ਨੇ ਗੁਰਦੁਆਰਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਡਰਾਈਵਰ ਵਜੋਂ ਆਪਣੀ ਨੌਕਰੀ ਦੀ ਪੁਸ਼ਟੀ ਕੀਤੀ। ਡਰਾਈਵਰ ਨੇ ਦੱਸਿਆ ਕਿ ਸ਼ਿਕਾਇਤਕਰਤਾ/ਪੀੜਤ ਔਰਤ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਨੇੜੇ ਸਥਿਤ ਵੱਖ-ਵੱਖ ਸਰਾਂਵਾਂ ਵਿੱਚ ਲਗਭਗ ਅੱਠ ਮਹੀਨਿਆਂ ਤੱਕ ਰਹੀ ਸੀ। ਮੋਹਨ ਸਿੰਘ ਨੇ ਦੱਸਿਆ ਕਿ ਉਹ ਆਪਣੀ ਡਿਊਟੀ ਦੇ ਹਿੱਸੇ ਵਜੋਂ ਕਈ ਵਾਰ ਪੀੜਤ ਔਰਤ ਨੂੰ ਨੇੜਲੇ ਗੁਰਦੁਆਰਿਆਂ ਤੱਕ ਲੈ ਕੇ ਗਿਆ ਸੀ।

ਡਰਾਈਵਰ ਨੇ ਅੱਗੇ ਦੱਸਿਆ ਕਿ ਪੀੜਤ ਔਰਤ ਦੇ ਰਹਿਣ-ਸਹਿਣ, ਖਾਣ-ਪੀਣ ਅਤੇ ਸਥਾਨਕ ਆਵਾਜਾਈ ਸਬੰਧੀ ਸਾਰੇ ਜ਼ਰੂਰੀ ਪ੍ਰਬੰਧ ਮੁਲਜ਼ਮ ਅਮਰਜੀਤ ਸਿੰਘ ਚਾਵਲਾ ਵੱਲੋਂ ਗੁਰਦੁਆਰਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੀਆਂ ਸਰਾਂਵਾਂ ਵਿੱਚ ਕੀਤੇ ਗਏ ਸਨ ਅਤੇ ਚਾਵਲਾ ਉਸ ਨਾਲ ਲਗਾਤਾਰ ਸੰਪਰਕ ਵਿੱਚ ਰਹਿੰਦਾ ਸੀ। ਉਸਨੇ ਦੱਸਿਆ ਕਿ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੀਆਂ ਸਰਾਂਵਾਂ ਦੇ ਰੋਜ਼ਾਨਾ ਪ੍ਰਸ਼ਾਸਨਿਕ ਕੰਮਕਾਜ ਦੀ ਦੇਖ-ਰੇਖ ਕਰਨ ਵਾਲੇ ਐਸਜੀਪੀਸੀ ਦੇ ਕਰਮਚਾਰੀ ਇਨ੍ਹਾਂ ਪ੍ਰਬੰਧਾਂ ਅਤੇ ਅਮਰਜੀਤ ਸਿੰਘ ਚਾਵਲਾ ਤੇ ਪੀੜਤ ਔਰਤ ਵਿਚਕਾਰ ਚੱਲ ਰਹੇ ਸੰਪਰਕ ਬਾਰੇ ਪੂਰੀ ਤਰ੍ਹਾਂ ਜਾਣੂ ਸਨ।

ਨਿਰਪੱਖ ਅਤੇ ਡੂੰਘੀ ਜਾਂਚ ਪ੍ਰਤੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਡੀਐਸਪੀ ਜਸ਼ਨਦੀਪ ਸਿੰਘ ਮਾਨ ਨੇ ਕਿਹਾ ਕਿ ਸਾਰੇ ਤੱਥਾਂ ਅਤੇ ਬਿਆਨਾਂ ਦੀ ਵਿਆਪਕ ਪੱਧਰ 'ਤੇ ਤਸਦੀਕ ਕੀਤੀ ਜਾ ਰਹੀ ਹੈ ਅਤੇ ਕਾਨੂੰਨ ਅਨੁਸਾਰ ਅਗਲੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਰੋਪੜ ਰੋਡ ਤੋਂ ਰਾਹੋਂ ਰੋਡ ਫਿਰਨੀ ਦਾ ਵਿਧਾਇਕ ਦਿਆਲਪੁਰਾ ਨੇ ਕੀਤਾ ਉਦਘਾਟਨ



**ਮਾਛੀਵਾੜਾ ਸਾਹਿਬ, 29 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਾਲਤ ਬਹੁਤ ਖਸਤਾ ਹੋ ਚੁੱਕੀ ਸੀ ਜਿਸ ਕਾਰਨ ਦੁਕਾਨਦਾਰਾਂ ਨੂੰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਉਸ ਸੜਕ ਦਾ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਅਤੇ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਵੱਲੋਂ ਸਾਂਝੇ ਤੌਰ 'ਤੇ ਉਦਘਾਟਨ ਕੀਤਾ ਗਿਆ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਪ੍ਰਧਾਨ ਮੋਹਿਤ ਕੁੰਦਰਾ ਨੇ ਦੱਸਿਆ ਕਿ ਉਕਤ ਸੜਕ ਉੱਪਰੋਂ ਵੱਡੀ ਗਿਣਤੀ 'ਚ ਆਵਾਜਾਈ ਵੀ ਹਰ ਰੋਜ਼ ਗੁਜ਼ਰਦੀ ਹੈ। ਉਨ੍ਹਾਂ ਨੇ ਦੱਸਿਆ ਕਿ ਇਸ ਰੋਡ ਦਾ ਟੈਂਡਰ 19 ਲੱਖ ਰੁਪਏ ਦੇ ਨਾਲ ਪੂਰਾ ਹੋ ਚੁੱਕਿਆ ਹੈ ਜੋ ਕਿ 1 ਮਹੀਨੇ ਅੰਦਰ-ਅੰਦਰ ਬਣ ਕੇ ਤਿਆਰ ਹੋ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਜਿੱਥੇ ਸੜਕ ਇੰਟਰਲਾਕ ਨਾਲ ਬਣੀ ਹੈ ਉੱਥੇ ਟਾਈਲ ਲਗਾਈ ਜਾਵੇਗੀ ਅਤੇ ਮੁਰੰਮਤ ਵਾਲੀ ਥਾਂ ਨੂੰ ਠੀਕ ਕੀਤਾ ਜਾਵੇਗਾ। ਦੁਕਾਨਦਾਰਾਂ ਨੇ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਦਾ ਧੰਨਵਾਦ ਕੀਤਾ ਜਿਨ੍ਹਾਂ ਵਲੋਂ ਪਹਿਲੀ ਵਾਰ ਵਿਚ ਹੀ ਸੜਕ ਦੇ ਨਿਰਮਾਣ ਸ਼ੁਰੂ ਕਰਵਾ ਦਿੱਤਾ। ਨਗਰ ਕੌਂਸਲ ਪ੍ਰਧਾਨ ਨੇ ਕਿਹਾ ਕਿ ਇਸ ਤੋਂ ਇਲਾਵਾ 1 ਕਰੋੜ ਦੇ ਹੋਰ ਟੈਂਡਰ ਦੀ ਸ਼ਹਿਰ ਨੂੰ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਨ ਲਈ ਪੂਰੇ ਹੋ ਚੁੱਕੇ ਹਨ ਜੋ ਜਲਦ ਤੋਂ ਜਲਦ ਉਹ ਕੰਮ ਵੀ ਸ਼ੁਰੂ ਕੀਤੇ ਜਾਣਗੇ। ਇਸ ਤੋਂ ਇਲਾਵਾ ਜਦੋਂ ਜਦੋਂ ਨਗਰ ਕੌਂਸਲ ਪ੍ਰਧਾਨ ਨੂੰ ਖਾਲਸਾ ਚੌਂਕ ਦੇ ਨਵੀਨੀਕਰਨ ਮੁਕੰਮਲ ਹੋਣ ਬਾਰੇ ਪੁੱਛਿਆ ਗਿਆ ਤਾਂ ਉਨ੍ਹਾਂ ਕਿਹਾ ਕਿ ਖਾਲਸਾ ਚੌਂਕ ਦਾ ਕੰਮ ਸਿਰਫ 50 ਪ੍ਰਤੀਸ਼ਤ ਹੀ ਹੋਇਆ ਹੈ ਜਿਸ ਦਾ 4 ਲੱਖ ਰੁਪਏ ਦਾ ਹੋਰ ਟੈਂਡਰ ਲਗਾਇਆ ਗਿਆ ਸੀ ਜੋ ਕਿ ਪਾਸ ਹੋ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਇਸ ਵਿਚ ਖੰਡਾ ਲਗਾਉਣ ਤੋਂ ਬਾਅਦ ਦਿੱਖ ਨੂੰ ਹੋਰ ਸੁੰਦਰ ਬਣਾਇਆ ਜਾਵੇਗਾ ਜੋ ਕਿ ਆਉਣ ਜਾਣ ਵਾਲੇ ਰਾਹਗੀਰਾਂ ਲਈ ਆਕਰਸ਼ਣ ਦਾ ਕੇਂਦਰ ਬਣੇਗਾ। ਇਸ ਮੌਕੇ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਅਮਨਦੀਪ ਸਿੰਘ ਤਨੇਜਾ, ਨੀਰਜ ਕੁਮਾਰ, ਜਸਵੀਰ ਸਿੰਘ ਭੱਟੀਆਂ ਵਾਲੇ, ਕਿਸ਼ੋਰ ਕੁਮਾਰ (ਸਾਰੇ ਕੌਂਸਲਰ), ਪਰਵੀਨ ਮੱਕੜ, ਜਸਵੀਰ ਸਿੰਘ ਗਿੱਲ ਵੀ ਮੌਜੂਦ ਸਨ।

# ਮੁੱਖ ਚੋਣ ਕਮਿਸ਼ਨਰ ਖ਼ਿਲਾਫ਼ ਸੜਕਾਂ 'ਤੇ ਉੱਤਰੀ ਕਾਂਗਰਸ

**ਚੰਡੀਗੜ੍ਹ, 29 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕਾਂਗਰਸ ਵੱਲੋਂ ਦੇਸ਼ ਭਰ ਵਿੱਚ ਭਾਰਤੀ ਚੋਣ ਕਮਿਸ਼ਨ ਦੀ ਕਾਰਗੁਜ਼ਾਰੀ ਨੂੰ ਲੈ ਕੇ ਲਗਾਤਾਰ ਸਵਾਲ ਚੁੱਕੇ ਜਾ ਰਹੇ ਹਨ। ਇਸੇ ਦੌਰਾਨ ਅੱਜ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖ਼ਿਲਾਫ਼ ਕਾਂਗਰਸ ਪੰਜਾਬ ਦੀਆਂ ਸੜਕਾਂ 'ਤੇ ਉੱਤਰ ਆਈ। ਪਾਰਟੀ ਵੱਲੋਂ ਪੰਜਾਬ ਭਰ ਵਿੱਚ ਜ਼ਿਲ੍ਹਾ ਪੱਧਰ 'ਤੇ ਗਿਆਨੇਸ਼ ਕੁਮਾਰ ਖ਼ਿਲਾਫ਼ ਮੁਜ਼ਾਹਰੇ ਕੀਤੇ ਗਏ ਅਤੇ ਗਿਆਨੇਸ਼ ਕੁਮਾਰ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੁਤਲੇ ਸਾੜੇ ਗਏ।



ਇਸ ਮੌਕੇ ਗਿਆਨੇਸ਼ ਕੁਮਾਰ ਨੂੰ ਹਟਾਉਣ ਅਤੇ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ ਗਈ।

ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਹੇਠ ਵੱਡੀ ਗਿਣਤੀ ਕਾਂਗਰਸੀਆਂ ਨੇ ਫਿਰੋਜ਼ਪੁਰ ਵਿਖੇ ਪ੍ਰਦਰਸ਼ਨ ਕੀਤਾ ਗਿਆ। ਇਸ ਤੋਂ ਇਲਾਵਾ ਹੋਰ ਜ਼ਿਲ੍ਹਿਆਂ ਵਿੱਚ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਅਤੇ ਸੀਨੀਅਰ ਆਗੂਆਂ ਦੀ ਅਗਵਾਈ ਹੇਠ ਪ੍ਰਦਰਸ਼ਨ ਕੀਤੇ ਗਏ। ਕਾਂਗਰਸੀਆਂ ਨੇ ਕਿਹਾ ਕਿ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਦੇਸ਼ ਦੀ ਚੋਣ ਪ੍ਰਕਿਰਿਆ ਨੂੰ ਖਰਾਬ ਕਰ ਦਿੱਤਾ ਹੈ। ਚੋਣ ਕਮਿਸ਼ਨ ਵੱਲੋਂ ਦੇਸ਼ ਭਰ ਵਿੱਚ ਕਰਵਾਈ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ (ਐੱਸ ਆਈ ਆਰ) ਦੌਰਾਨ 14 ਕਰੋੜ ਦੇ ਕਰੀਬ ਵੋਟਰਾਂ ਦੀਆਂ ਵੋਟਾਂ ਕੱਟੀਆਂ ਗਈਆਂ ਹਨ, ਜਿਨ੍ਹਾਂ ਸੂਬਿਆਂ ਵਿੱਚ ਐੱਸ ਆਈ ਆਰ ਦੌਰਾਨ ਵੋਟਾਂ ਕੱਟੀਆਂ ਗਈਆਂ ਹਨ, ਉੱਥੇ ਭਾਜਪਾ ਨੇ ਆਪਣੀ ਸਰਕਾਰ ਬਣਾਉਣ ਵਿੱਚ ਕਾਮਯਾਬੀ ਹਾਸਲ ਕੀਤੀ ਹੈ। ਇਸ ਵਿੱਚ ਸਭ ਤੋਂ ਵੱਧ ਬਿਹਾਰ, ਪੱਛਮੀ ਬੰਗਾਲ, ਮੱਧ ਪ੍ਰਦੇਸ਼, ਛੱਤੀਸਗੜ੍ਹ ਤੇ ਹਰਿਆਣਾ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਵੀ ਐੱਸ ਆਈ ਆਰ ਦੌਰਾਨ 20 ਲੱਖ ਤੋਂ ਵੱਧ ਵੋਟਰਾਂ ਦੀਆਂ ਵੋਟਾਂ ਕੱਟੀਆਂ ਜਾ ਰਹੀਆਂ ਹਨ। ਇਸ ਲਈ ਪੰਜਾਬ ਦੀਆਂ ਚੋਣਾਂ ਪੁਰਾਣੀ ਵੋਟਰ ਸੂਚੀਆਂ ਦੇ ਆਧਾਰ 'ਤੇ ਕਰਵਾਈ ਜਾਣੀਆਂ ਚਾਹੀਦੀਆਂ ਹਨ।

# ਝੋਨੇ ਦੀ ਖ਼ਰੀਦ ਲਈ 42,786 ਕਰੋੜ ਦੀ ਨਗਦ ਕਰਜ਼ਾ ਹੱਦ ਮਨਜ਼ੂਰ

**ਚੰਡੀਗੜ੍ਹ, 29 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਨੇ ਸੂਬੇ ਵਿੱਚ ਪਹਿਲੀ ਅਕਤੂਬਰ ਤੋਂ ਸ਼ੁਰੂ ਹੋਣ ਵਾਲੀ ਝੋਨੇ ਦੀ ਸਰਕਾਰੀ ਖ਼ਰੀਦ ਲਈ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ। ਇਸ ਦੇ ਨਾਲ ਹੀ ਕੇਂਦਰ ਸਰਕਾਰ ਨੇ ਪੰਜਾਬ ਵਿੱਚ ਝੋਨੇ ਦੀ ਖ਼ਰੀਦ ਤੋਂ ਪਹਿਲਾਂ ਅਕਤੂਬਰ ਮਹੀਨੇ ਲਈ 42786.68 ਕਰੋੜ ਰੁਪਏ ਦੀ ਨਗਦ ਕਰਜ਼ਾ ਹੱਦ (ਸੀ ਸੀ ਐੱਲ) ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸ ਗੱਲ ਦਾ ਪ੍ਰਗਟਾਵਾ ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕੀਤਾ ਹੈ।



ਉਨ੍ਹਾਂ ਦੱਸਿਆ ਕਿ ਸੀ ਸੀ ਐੱਲ ਦੀ ਮਨਜ਼ੂਰੀ ਮਿਲਣ ਨਾਲ ਸੂਬਾ ਸਰਕਾਰ ਵੱਲੋਂ ਖ਼ਰੀਦੇ ਜਾਣ ਵਾਲੇ ਝੋਨੇ ਲਈ ਕਿਸਾਨਾਂ ਨੂੰ ਤੁਰੰਤ ਅਤੇ ਨਿਰਵਿਘਨ ਭੁਗਤਾਨ ਯਕੀਨੀ ਬਣਾਇਆ ਜਾ ਸਕੇਗਾ। ਇਸ ਤੋਂ ਇਲਾਵਾ ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਭਰਾਈ ਲਈ 5 ਲੱਖ ਬਾਰਦਾਨਾ ਵੀ ਪਹੁੰਚ ਗਿਆ ਹੈ। ਪੰਜਾਬ ਸਰਕਾਰ ਨੇ ਝੋਨੇ ਦੇ ਖ਼ਰੀਦ ਸੀਜ਼ਨ 2026-27 ਦੌਰਾਨ 180 ਲੱਖ ਮੀਟਰਿਕ ਟਨ ਝੋਨੇ ਦੀ ਖ਼ਰੀਦ ਦਾ ਟੀਚਾ ਮਿਥਿਆ ਹੈ। ਇਸ ਸੀਜ਼ਨ ਦੌਰਾਨ ਸੂਬਾ ਸਰਕਾਰ ਵੱਲੋਂ ਕਿਸਾਨਾਂ ਦੀ ਫ਼ਸਲ 2461 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਖਰੀਦੀ ਜਾਵੇਗੀ।

ਝੋਨੇ ਦੀ ਖ਼ਰੀਦ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਸੂਬੇ ਭਰ ਵਿੱਚ 1887 ਮੰਡੀਆਂ ਨੋਟੀਫਾਈ ਕੀਤੀਆਂ ਜਾ ਚੁੱਕੀਆਂ ਹਨ ਅਤੇ ਜ਼ਰੂਰਤ ਅਨੁਸਾਰ ਹੋਰ ਮੰਡੀਆਂ ਵੀ ਕਾਰਜਸ਼ੀਲ ਕੀਤੀਆਂ ਜਾਣਗੀਆਂ। ਉਨ੍ਹਾਂ ਸਪੱਸ਼ਟ ਕੀਤਾ ਕਿ ਪੰਜਾਬ ਸਰਕਾਰ ਫ਼ਸਲ ਦਾ ਇੱਕ-ਇੱਕ ਦਾਣਾ ਖ਼ਰੀਦੇਗੀ ਅਤੇ ਬਾਹਰੀ ਸੂਬਿਆਂ ਤੋਂ ਪੰਜਾਬ ਦੀਆਂ ਮੰਡੀਆਂ 'ਚ ਇੱਕ ਵੀ ਦਾਣਾ ਨਹੀਂ ਆਉਣ ਦਿੱਤਾ ਜਾਵੇਗਾ। ਕੈਬਨਿਟ ਮੰਤਰੀ ਨੇ ਭਰੋਸਾ ਦਿਵਾਇਆ ਕਿ ਖ਼ਰੀਦ ਸੀਜ਼ਨ ਦੌਰਾਨ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਖ਼ਰੀਦ ਪ੍ਰਕਿਰਿਆ ਦਾ ਜਾਇਜ਼ਾ ਲੈਣ ਅਤੇ ਇਸ ਦਾ ਨਿਰਵਿਘਨ ਸੰਚਾਲਨ ਯਕੀਨੀ ਬਣਾਉਣ ਲਈ ਉਹ ਖ਼ੁਦ ਅਤੇ ਪੰਜਾਬ ਦੇ ਸਾਰੇ ਮੰਤਰੀ ਤੇ ਵਿਧਾਇਕ ਮੰਡੀਆਂ ਦਾ ਖ਼ੁਦ ਦੌਰਾ ਕਰਨਗੇ।

# ਗੋਲਡੀ ਬਰਾੜ ਦੇ ਸਿਰ 'ਤੇ ਸਾਢੇ ਨੌਂ ਕਰੋੜ ਰੁਪਏ ਦਾ ਇਨਾਮ ਐਲਾਨਿਆ; ਅਮਰੀਕਾ ਦੀ 10 ਮੋਸਟ ਵਾਂਟੇਡ ਸੂਚੀ ਵਿੱਚ ਸ਼ਾਮਲ ਹੈ ਗੋਲਡੀ ਬਰਾੜ ਦਾ ਨਾਂ

**ਵੈਨਕੂਵਰ, 29 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅਮਰੀਕਾ ਦੀ ਪ੍ਰਮੁੱਖ ਜਾਂਚ ਏਜੰਸੀ ਫੈਡਰਲ ਬਿਊਰੋ ਆਫ਼ ਇਨਵੈਸਟੀਗੇਸ਼ਨ (ਐੱਫ.ਬੀ.ਆਈ.) ਨੇ ਕਈ ਕਥਿਤ ਵੱਡੇ ਅਪਰਾਧਾਂ ਵਿੱਚ ਨਾਮਜ਼ਦ ਕੀਤੇ ਹੋਏ ਭਾਰਤੀ ਮੂਲ ਦੇ ਸਤਿੰਦਰਜੀਤ ਸਿੰਘ ਉਰਫ਼ ਗੋਲਡੀ ਬਰਾੜ ਦੇ ਸਿਰ 'ਤੇ ਰੱਖਿਆ ਇਨਾਮ 1 ਲੱਖ ਡਾਲਰ ਤੋਂ ਵਧਾ ਕੇ 10 ਲੱਖ ਡਾਲਰ ਕਰਨ ਦਾ ਐਲਾਨ ਕੀਤਾ ਹੈ। ਉਸ ਉੱਤੇ ਜੂਨ 2023 ਵਿੱਚ ਸਰੀ ਦੇ ਗੁਰਦੁਆਰਾ ਸਾਹਿਬ ਦੀ ਪਾਰਕਿੰਗ ਵਿੱਚ ਮਾਰੇ ਗਏ ਹਰਦੀਪ ਸਿੰਘ ਨਿੱਝਰ ਦੇ ਕਤਲ ਦੀ ਸਾਜ਼ਿਸ਼ ਦਾ ਵੀ ਦੋਸ਼ ਹੈ। ਮਾਰੇ ਜਾਣ ਮੌਕੇ ਨਿੱਝਰ ਉਸੇ ਗੁਰਦੁਆਰਾ ਕਮੇਟੀ ਦਾ ਪ੍ਰਧਾਨ ਸੀ। ਕੈਨੇਡਾ ਪੁਲੀਸ ਵੱਲੋਂ ਉਸ ਕਤਲ ਦੇ ਦੋਸ਼ ਵਿੱਚ ਤਿੰਨ ਜਣਿਆਂ ਨੂੰ ਗ੍ਰਿਫ਼ਤਾਰ ਕਰਕੇ ਦੋਸ਼ ਆਇਦ ਕੀਤੇ ਗਏ ਸਨ ਅਤੇ ਮਾਮਲਾ ਅਦਾਲਤੀ ਸੁਣਵਾਈ ਅਧੀਨ ਹੈ।

ਐੱਫ.ਬੀ.ਆਈ. ਦੇ ਸਹਾਇਕ ਨਿਰਦੇਸ਼ਕ ਪੈਟਰਿਕ ਗਰੈਂਡੀ ਨੇ Los Angeles ਵਾਲੇ ਦਫ਼ਤਰ ਵਿੱਚ ਕੀਤੀ ਪੱਤਰਕਾਰ ਸੰਮੇਲਨ ਵਿੱਚ ਦੱਸਿਆ ਕਿ ਭਾਰਤ ਦੇ ਗੈਂਗਸਟਰ ਲਾਰੈਂਸ ਬਿਸ਼ਨੋਈ ਦਾ ਸਾਥੀ ਸਤਿੰਦਰਜੀਤ ਸਿੰਘ, ਜਿਸ ਨੂੰ ਆਮ ਕਰਕੇ ਗੋਲਡੀ ਬਰਾੜ ਵਜੋਂ ਜਾਣਿਆ ਜਾਂਦਾ ਹੈ, ਵੱਲੋਂ ਉੱਤਰੀ ਅਮਰੀਕਾ (ਯਾਨੀ ਅਮਰੀਕਾ ਅਤੇ ਕੈਨੇਡਾ) ਵਿੱਚ ਭਾੜੇ ਦੇ ਕਤਲ, ਲੁੱਟਾਂ ਅਤੇ ਫਿਰੌਤੀਆਂ ਦੇ ਦਹਿਸ਼ਤ ਦੀ ਸ਼ੁਰੂਆਤ ਕਰਨ ਕਰਕੇ ਉਸ ਨੂੰ ਅਮਰੀਕਾ ਦੀ 10 ਮੋਸਟ ਵਾਂਟੇਡ ਸੂਚੀ ਵਿੱਚ ਸ਼ਾਮਲ ਕਰ ਦਿੱਤਾ ਗਿਆ ਹੈ ਅਤੇ ਕੋਈ ਵੀ ਸੂਚਨਾਕਾਰ, ਜੋ ਉਸ ਦੀ ਗ੍ਰਿਫ਼ਤਾਰੀ ਵਿੱਚ ਮਦਦ ਕਰੇਗਾ, ਉਸ ਨੂੰ ਐਲਾਨਿਆ ਗਿਆ ਇਨਾਮ ਦਿੱਤਾ ਜਾਵੇਗਾ। ਉਸ ਨੇ ਕਿਹਾ ਕਿ ਗੋਲਡੀ ਬਰਾੜ ਨੂੰ ਫੜਨਾ ਉਨ੍ਹਾਂ ਦੀ ਪਹਿਲ ਵਿੱਚ ਸ਼ਾਮਲ ਹੋ ਗਿਆ ਹੈ।

ਅਧਿਕਾਰੀ ਨੇ ਦੱਸਿਆ ਕਿ ਭਾਰਤ ਦੀ ਜੇਲ੍ਹ ਵਿੱਚ ਬੈਠੇ ਲਾਰੈਂਸ ਬਿਸ਼ਨੋਈ ਵੱਲੋਂ ਜੇਲ੍ਹ ਵਿੱਚੋਂ ਅਮਰੀਕਾ-ਕੈਨੇਡਾ ਲਈ ਥਾਪੇ ਗਏ ਆਪਣੇ ਸਾਥੀ ਗੋਲਡੀ ਨੂੰ ਅਪਰਾਧ ਕਰਨ ਦੀ ਸੂਚੀ ਭੇਜੀ ਜਾਂਦੀ ਹੈ। ਇਸੇ ਪੱਤਰਕਾਰ ਸੰਮੇਲਨ ਮੌਕੇ ਕੈਨੇਡਾ ਪੁਲੀਸ ਦੀ ਉਪ ਕਮਿਸ਼ਨਰ ਲੀਜ਼ਾ ਮੋਰਲੈਂਡ ਵੀ ਹਾਜ਼ਰ ਸੀ। ਕੈਨੇਡਾ ਵੱਲੋਂ ਪਿਛਲੇ ਸਾਲ ਬਿਸ਼ਨੋਈ ਗੈਂਗ ਅਤਿਵਾਦੀ ਸੰਗਠਨ ਐਲਾਨਿਆ ਗਿਆ ਸੀ। ਪੁਲੀਸ ਅਧਿਕਾਰੀ ਅਨੁਸਾਰ ਗੋਲਡੀ ਦੇ ਅਮਰੀਕਾ ਦੇ ਕੈਲੀਫ਼ੋਰਨੀਆ ਸੂਬੇ ਵਿੱਚ ਕਿਸੇ ਥਾਂ ਜਾਂ ਕੈਨੇਡਾ ਦੇ ਕਿਸੇ ਗੁਪਤ ਠਿਕਾਣੇ 'ਤੇ ਹੋਣ ਦੀਆਂ ਸੂਚਨਾਵਾਂ ਹਨ।

ਗੌਰਤਲਬ ਹੈ ਕਿ ਕੈਨੇਡਾ ਦੇ ਤਤਕਾਲੀ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਕੈਨੇਡਾ ਦੇ ਪਾਰਲੀਮੈਂਟ ਸੈਸ਼ਨ ਦੌਰਾਨ ਖੜ੍ਹੇ ਹੋ ਕੇ ਆਪਣੇ ਚੌਕਸੀ ਵਿਭਾਗ ਦੇ ਹਵਾਲੇ ਨਾਲ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਦੇ ਦੋਸ਼ ਭਾਰਤੀ ਏਜੰਸੀਆਂ ਦੇ ਸਿਰ ਮੜ੍ਹੇ ਸਨ, ਜੋ ਬਾਅਦ ਵਿੱਚ ਦੋਹਾਂ ਦੇਸ਼ਾਂ ਦੇ ਸਬੰਧਾਂ ਵਿੱਚ ਖਟਾਸ ਦਾ ਕਾਰਨ ਬਣਿਆ। ਉਸ ਤੋਂ ਬਾਅਦ ਪਹਿਲਾਂ ਕੈਨੇਡਾ ਸਰਕਾਰ ਨੇ ਭਾਰਤ ਦੇ ਕੌਂਸਲੇਟ ਜਨਰਲਾਂ ਨੂੰ ਕੈਨੇਡਾ ਵਿੱਚੋਂ ਕੱਢਿਆ ਅਤੇ ਬਦਲੇ ਵਿੱਚ ਭਾਰਤ ਨੇ ਵੀ ਇੰਜ ਦੀ ਕਾਰਵਾਈ ਕੀਤੀ ਸੀ। ਇਸ ਖਟਾਸ ਕਾਰਨ ਉਦੋਂ ਕੈਨੇਡਾ ਵੱਸੇ ਭਾਰਤੀ ਮੂਲ ਦੇ ਲੋਕਾਂ ਨੂੰ ਭਾਰਤ ਦਾ ਵੀਜ਼ਾ ਲੈਣ ਵਿੱਚ ਵੀ ਦੋ-ਢਾਈ ਮਹੀਨੇ ਕਈ ਔਖਿਆਈਆਂ ਦਾ ਸਾਹਮਣਾ ਕਰਨਾ ਪਿਆ ਸੀ। ਦੋਹਾਂ ਦੇਸ਼ਾਂ ਦਾ ਵਪਾਰ ਇੱਕ ਤਰ੍ਹਾਂ ਬੰਦ ਹੋ ਗਿਆ ਸੀ, ਜਿਸ ਨੂੰ ਮੌਜੂਦਾ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਲੰਘੇ ਫ਼ਰਵਰੀ ਮਹੀਨੇ ਭਾਰਤ ਦਾ ਦੌਰਾ ਕਰਕੇ ਸੁਧਾਰਨ ਦੇ ਯਤਨ ਅਰੰਭੇ ਹੋਏ ਹਨ।

# 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਗੋਇੰਦਵਾਲ ਸਾਹਿਬ ਵਿਖੇ ਹੋਵੇਗਾ ਵਿਸ਼ਾਲ ਸਮਾਗਮ

**ਤਰਨ ਤਾਰਨ, 29 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਦਾਣਾ ਮੰਡੀ, ਗੋਇੰਦਵਾਲ ਸਾਹਿਬ ਵਿਖੇ ਇਕ ਵਿਸ਼ਾਲ ਸਮਾਗਮ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਸਨਮਾਨ ਰਾਸ਼ੀ ਦੀ ਦੂਜੀ ਕਿਸ਼ਤ ਜਾਰੀ ਕਰਨਗੇ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ ਨੇ ਅੱਜ ਸਮਾਗਮ ਦੀਆਂ ਤਿਆਰੀਆਂ ਸਬੰਧੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ ਦੌਰਾਨ ਕੀਤਾ।

ਇਸ ਦੌਰਾਨ ਸਮਾਗਮ ਦੀ ਰੂਪ-ਰੇਖਾ, ਸੁਰੱਖਿਆ ਪ੍ਰਬੰਧਾਂ ਅਤੇ ਤਾਲਮੇਲ ਆਦਿ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਜ਼ਰੂਰੀ ਪ੍ਰਬੰਧ ਸਮੇਂ ਸਿਰ ਮੁਕੰਮਲ ਕੀਤੇ ਜਾਣ।



ਇਸ ਦੌਰਾਨ ਉਨ੍ਹਾਂ ਨੇ ਸਟੇਜ, ਸ਼ਾਮਿਆਨੇ, ਸਜਾਵਟ, ਸਾਊਂਡ, ਵੱਖ-ਵੱਖ ਬਲਾਕਾਂ, ਸਫ਼ਾਈ, ਪੀਣ ਵਾਲੇ ਪਾਣੀ, ਰਿਫਰੈਸ਼ਮੈਂਟ, ਨਿਰਵਿਘਨ ਬਿਜਲੀ ਸਪਲਾਈ, ਆਰਜ਼ੀ ਪਖਾਨੇ, ਸਿਹਤ ਸੇਵਾਵਾਂ, ਬੈਰੀਕੇਡਿੰਗ, ਟ੍ਰੈਫਿਕ ਪ੍ਰਬੰਧਨ ਅਤੇ ਪਾਰਕਿੰਗ ਆਦਿ ਦੇ ਪ੍ਰਬੰਧਾਂ ਸਬੰਧੀ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਉਨ੍ਹਾਂ ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਅਤੇ ਮਿਹਨਤ ਨਾਲ ਕੰਮ ਕਰਨ ਦਾ ਸੱਦਾ ਦਿੱਤਾ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਆਦਿੱਤਿਆ ਸ਼ਰਮਾ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੰਜੀਵ ਕੁਮਾਰ, ਐਸ.ਪੀ ਡਾ. ਰਿਪੁਤਾਮਨ ਸਿੰਘ, ਐੱਸ.ਡੀ.ਐੱਮ ਤਰਨ ਤਾਰਨ ਡਾ. ਕਰਨਵੀਰ ਸਿੰਘ, ਐੱਸ.ਡੀ.ਐੱਮ ਖਡੂਰ ਸਾਹਿਬ ਸੰਜੀਵ ਸ਼ਰਮਾ, ਐੱਸ.ਡੀ.ਐੱਮ ਪੱਟੀ ਅਮਨਦੀਪ, ਐੱਸ.ਡੀ.ਐੱਮ ਭਿੱਖੀਵਿੰਡ ਜਗਦੀਪ ਸਿੰਘ, ਡੀ.ਐੱਸ.ਪੀ ਅਤੁਲ ਸੋਨੀ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਅਨੂਪ੍ਰੀਆ ਸਿੰਘ ਅਤੇ ਡੀ.ਐਫ.ਐਸ.ਸੀ ਹਰਵੀਨ ਕੌਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।



# ਹਰਿਆਣਾ ਖ਼ਬਰਨਾਮਾ



## ਐਨ ਈ ਪੀ ਤਹਿਤ ਉੱਚ ਸਿੱਖਿਆ ਵਿੱਚ ਐੱਨ.ਸੀ.ਸੀ, ਐੱਨ.ਐੱਸ.ਐੱਸ., ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਨੂੰ ਮਿਲੇਗੀ ਅਕਾਦਮਿਕ ਮਾਨਤਾ : ਮਹੀਪਾਲ ਢਾਂਡਾ

**ਚੰਡੀਗੜ੍ਹ, 29 ਸਤੰਬਰ**
**-ਸੰਜੀਵ ਸਿੰਗਲਾ-**

ਹਰਿਆਣਾ ਦੇ ਸਿੱਖਿਆ ਮੰਤਰੀ ਸ਼੍ਰੀ ਮਹੀਪਾਲ ਢਾਂਡਾ ਨੇ ਸੂਬੇ ਵਿੱਚ ਰਾਸ਼ਟਰੀ ਸਿੱਖਿਆ ਨੀਤੀ 2020 ਨੂੰ ਵਧੇਰੇ ਪ੍ਰਭਾਵਸ਼ਾਲੀ ਅਤੇ ਵਿਹਾਰਕ ਰੂਪ ਵਿੱਚ ਲਾਗੂ ਕਰਨ ਦੇ ਉਦੇਸ਼ ਨਾਲ ਮੁੱਖ ਮੰਤਰੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਇੱਕ ਮਹੱਤਵਪੂਰਨ ਯੋਜਨਾ ਦਾ ਐਲਾਨ ਕੀਤਾ ਹੈ। ਇਸ ਯੋਜਨਾ ਤਹਿਤ ਪ੍ਰਦੇਸ਼ ਦੇ ਉੱਚ ਸਿੱਖਿਆ ਸੰਸਥਾਵਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਦੇ ਸਰਵਪੱਖੀ (360-ਡਿਗਰੀ) ਵਿਕਾਸ ਨੂੰ ਹੁਲਾਰਾ ਦੇਣ ਲਈ ਐੱਨ.ਸੀ.ਸੀ., ਐੱਨ.ਐੱਸ.ਐੱਸ., ਖੇਡਾਂ ਅਤੇ ਯੋਗਾਸਨ, ਸੱਭਿਆਚਾਰਕ ਗਤੀਵਿਧੀਆਂ, ਯੂਥ ਰੈੱਡ ਕਰਾਸ, ਇਨਕਿਊਬੇਸ਼ਨ ਅਤੇ ਆਊਟਰੀਚ ਗਤੀਵਿਧੀਆਂ ਨੂੰ ਅੰਡਰ-ਗ੍ਰੈਜੂਏਟ (”7) ਅਤੇ ਪੋਸਟ-ਗ੍ਰੈਜੂਏਟ ਅਕਾਦਮਿਕ ਢਾਂਚੇ ਤਹਿਤ ਰਸਮੀ ਮਾਨਤਾ ਪ੍ਰਦਾਨ ਕੀਤੀ ਗਈ ਹੈ।

ਸਿੱਖਿਆ ਮੰਤਰੀ ਨੇ ਦੱਸਿਆ ਕਿ ਇਹ ਆਦੇਸ਼ ਰਾਜ ਦੇ ਉੱਚ ਸਿੱਖਿਆ ਵਿਭਾਗ ਦੇ ਅਧੀਨ ਆਉਂਦੇ ਸਾਰੇ ਰਾਜ ਯੂਨੀਵਰਸਿਟੀਆਂ, ਸਰਕਾਰੀ, ਸਰਕਾਰੀ ਸਹਾਇਤਾ ਪ੍ਰਾਪਤ, ਸਵੈ-ਵਿੱਤ ਇੱਛਤ ਅਤੇ ਨਿੱਜੀ ਕਾਲਜਾਂ ਦੇ ਪ੍ਰਿੰਸੀਪਲਾਂ ਅਤੇ ਪ੍ਰਬੰਧਕਾਂ ’ਤੇ ਸਮਾਨ ਰੂਪ ਨਾਲ ਲਾਗੂ ਹੋਣਗੇ।



ਉਨ੍ਹਾਂ ਕਿਹਾ ਕਿ ਇਸ ਕ੍ਰਾਂਤਕਾਰੀ ਕਦਮ ਨਾਲ ਹਰਿਆਣਾ ਦੇ ਨੌਜਵਾਨਾਂ ਦਾ ਨਾ ਸਿਰਫ਼ ਮਾਨਸਿਕ ਅਤੇ ਬੌਧਿਕ ਵਿਕਾਸ ਹੋਵੇਗਾ, ਸਗੋਂ ਉਨ੍ਹਾਂ ਵਿੱਚ ਦੇਸ਼ ਸੇਵਾ, ਅਨੁਸ਼ਾਸਨ ਅਤੇ ਲੀਡਰਸ਼ਿਪ ਦੀ ਭਾਵਨਾ ਵੀ ਹੋਰ ਮਜ਼ਬੂਤ ਹੋਵੇਗੀ।

ਸਿੱਖਿਆ ਮੰਤਰੀ ਸ਼੍ਰੀ ਮਹੀਪਾਲ ਢਾਂਡਾ ਨੇ ਕਿਹਾ ਕਿ ਰਵਾਇਤੀ ਕਿਤਾਬੀ ਗਿਆਨ ਦੇ ਨਾਲ-ਨਾਲ ਵਿਹਾਰਕ, ਸਮਾਜਿਕ ਅਤੇ ਸਰੀਰਕ ਹੁਨਰ ਅੱਜ ਦੇ ਨੌਜਵਾਨਾਂ ਲਈ ਅਤਿ ਜ਼ਰੂਰੀ ਹੈ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਕੇਵਲ ਡਿਗਰੀ ਧਾਰਕ ਬਣਾਉਣਾ ਨਹੀਂ, ਸਗੋਂ ਉਨ੍ਹਾਂ ਨੂੰ ਜ਼ਿੰਮੇਵਾਰ, ਅਨੁਸ਼ਾਸਿਤ ਅਤੇ ਬਹੁਪੱਖੀ ਪ੍ਰਤਿਭਾ ਦਾ ਧਨੀ ਨਾਗਰਿਕ ਬਣਾਉਣਾ ਹੈ। ਹੁਣ ਤੱਕ ਖੇਡਾਂ, ਯੋਗ, ਐੱਨ.ਐੱਸ.ਐੱਸ. ਜਾਂ ਐੱਨ.ਸੀ.ਸੀ. ਵਰਗੀਆਂ ਗਤੀਵਿਧੀਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਵਾਧੂ ਅਕਾਦਮਿਕ ਲਾਭ ਨਹੀਂ ਮਿਲ ਪਾਉਂਦਾ ਸੀ, ਪਰ ਇਸ ਨਵੀਂ ਵਿਵਸਥਾ ਤਹਿਤ ਇਨ੍ਹਾਂ ਗਤੀਵਿਧੀਆਂ ਨੂੰ ਉਨ੍ਹਾਂ ਦੇ ਪਾਠਕ੍ਰਮ ਅਤੇ ਕ੍ਰੈਡਿਟ ਸਿਸਟਮ ਨਾਲ ਜੋੜਿਆ ਜਾਵੇਗਾ।

ਮੰਤਰੀ ਨੇ ਦੱਸਿਆ ਕਿ ਯੋਜਨਾ ਨੂੰ ਲਾਗੂ ਕਰਨ ਲਈ ਉੱਚ ਸਿੱਖਿਆ ਵਿਭਾਗ ਦੁਆਰਾ ਵਿਸਤ੍ਰਿਤ ਦਿਸ਼ਾ-ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ। ਸਾਰੇ ਯੂਨੀਵਰਸਿਟੀਆਂ ਅਤੇ ਮਹਾਵਿਦਿਆਲਿਆਂ ਦੇ ਮੁਖੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਨਾਲ ਲੱਗੇ ਦਿਸ਼ਾ-ਨਿਰਦੇਸ਼ਾਂ ਦੇ ਅਨੁਸਾਰ ਆਪਣੇ-ਆਪਣੇ ਸੰਸਥਾਨਾਂ ਵਿੱਚ ਆਵਸ਼ਕ ਕਾਰਵਾਈ ਯਕੀਨੀ ਬਣਾਉਣ। ਇਹ ਫੈਸਲਾ ਸਮਰੱਥ ਅਧਿਕਾਰੀ ਦੀ ਰਸਮੀ ਸਹਿਮਤੀ ਦੇ ਬਾਅਦ ਜਾਰੀ ਕੀਤਾ ਗਿਆ ਹੈ। ਪਾਠਕ੍ਰਮ ਗਤੀਵਿਧੀਆਂ ਨੂੰ ਗ੍ਰੈਜੂਏਸ਼ਨ ਅਤੇ ਪੋਸਟ ਗ੍ਰੈਜੂਏਸ਼ਨ ਡਿਗਰੀ ਫ੍ਰੇਮਵਰਕ ਦਾ ਹਿੱਸਾ ਬਣਾਇਆ ਗਿਆ ਹੈ। ਇਹ ਵਿਵਸਥਾ ਰਾਜ ਦੇ ਸਾਰੇ ਸਰਕਾਰੀ, ਸਹਾਇਤਾ ਪ੍ਰਾਪਤ ਤੇ ਨਿੱਜੀ ਸੰਸਥਾਵਾਂ ਵਿਚ ਲਾਗੂ ਹੋਵੇਗੀ। ਵਿਦਿਆਰਥੀਆਂ ਨੂੰ ਨਵਾਚਾਰ ਨੂੰ ਵਧਾਵਾ ਦੇਣ ਲਈ ਇਨਕਿਊਬੇਸ਼ਨ ਅਤੇ ਆਊਟਰੀਚ ਗਤੀਵਿਧੀਆਂ ਨੂੰ ਉਤਸ਼ਾਹ ਮਿਲੇਗਾ।

## ਸਿਰਫ਼ ਲੰਬੀ ਸੇਵਾ ਦੇ ਆਧਾਰ ਤੇ ਮੁਲਾਜ਼ਮ ਪੱਕੇ ਨਹੀਂ ਹੋ ਸਕਦੇ; ਕੰਮ ਅਤੇ ਆਚਰਨ ਚੰਗਾ ਹੋਣਾ ਜ਼ਰੂਰੀ: ਹਾਈ ਕੋਰਟ




**ਚੰਡੀਗੜ੍ਹ, 29 ਸਤੰਬਰ**
**-ਸੰਜੀਵ ਸ਼ਰਮਾ-**

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਫ਼ੈਸਲਾ ਸੁਣਾਉਂਦਿਆਂ ਆਖਿਆ ਹੈ ਕਿ ਮੁਲਾਜ਼ਮਾਂ ਨੂੰ ਕੇਵਲ ਉਨ੍ਹਾਂ ਦੀ ਸੇਵਾ ਦੇ ਲੰਬੇ ਸਮੇਂ ਦੇ ਆਧਾਰ ’ਤੇ ਹੀ ਪੱਕਾ (ਨਿਯਮਤ) ਨਹੀਂ ਕੀਤਾ ਜਾ ਸਕਦਾ, ਜਦੋਂ ਤੱਕ ਕਿ ਨੌਕਰੀ ਦੌਰਾਨ ਉਨ੍ਹਾਂ ਦਾ ਕੰਮ ਅਤੇ ਆਚਰਣ ਚੰਗਾ ਨਾ ਹੋਵੇ। ਇਸ ਦੇ ਨਾਲ ਹੀ ਬੈਂਚ ਨੇ ਇਹ ਵੀ ਸਪੱਸ਼ਟ ਕੀਤਾ ਕਿ ਪੱਕਾ ਕਰਨ ਤੋਂ ਇਨਕਾਰ ਕਰਨ ਲਈ ਜਿਸ ਮਾੜੇ ਆਚਰਣ ਨੂੰ ਆਧਾਰ ਬਣਾਇਆ ਜਾਵੇਗਾ, ਉਹ ਪੰਜ ਸਾਲ ਤੋਂ ਵੱਧ ਪੁਰਾਣਾ ਨਹੀਂ ਹੋਣਾ ਚਾਹੀਦਾ। ਇਹ ਫ਼ੈਸਲਾ ਪੰਜਾਬ ਵਿੱਚ ਸਥਾਨਕ ਸਰਕਾਰਾਂ ਵੱਲੋਂ ਉਨ੍ਹਾਂ ਮੁਲਾਜ਼ਮਾਂ ਦੇ ਕੇਸਾਂ ਵਿੱਚ ਦਾਖ਼ਲ ਅਪੀਲਾਂ ’ਤੇ ਆਇਆ ਹੈ, ਜਿਨ੍ਹਾਂ ਨੇ ਦਹਾਕਿਆਂ ਤੱਕ ਸੇਵਾ ਨਿਭਾਈ ਸੀ।

ਜਸਟਿਸ ਹਰਸਿਮਰਨ ਸਿੰਘ ਸੇਠੀ ਅਤੇ ਜਸਟਿਸ ਮਿੰਦਰਜੀਤ ਯਾਦਵ ’ਤੇ ਆਧਾਰਿਤ ਡਿਵੀਜ਼ਨ ਬੈਂਚ ਨੇ ਇਹ ਟਿੱਪਣੀ ਸਿੰਗਲ ਜੱਜ ਦੇ ਹੁਕਮਾਂ ਵਿੱਚ ਸੋਧ ਕਰਦਿਆਂ ਕੀਤੀ, ਜਿਸ ਵਿੱਚ ਵੱਖ-ਵੱਖ ਨਗਰ ਕੌਂਸਲਾਂ/ਕਾਰਪੋਰੇਸ਼ਨਾਂ ਵਿੱਚ ਕੰਮ ਕਰ ਰਹੇ ਡਰਾਈਵਰਾਂ ਦੀਆਂ ਰਿੱਟ ਪਟੀਸ਼ਨਾਂ ਨੂੰ ਪ੍ਰਵਾਨ ਕਰਦਿਆਂ ਉਨ੍ਹਾਂ ਦੀਆਂ ਸੇਵਾਵਾਂ ਨੂੰ ਪੱਕਾ ਕਰਨ ਦੇ ਹੁਕਮ ਦਿੱਤੇ ਗਏ ਸਨ।

ਨਗਰ ਨਿਗਮਾਂ ਵੱਲੋਂ ਦਾਖ਼ਲ ਅਪੀਲਾਂ ’ਤੇ ਸੁਣਵਾਈ ਕਰਦਿਆਂ ਬੈਂਚ ਨੇ ਨੋਟ ਕੀਤਾ ਕਿ ਇਹ ਇੱਕ ÷ਮੰਨਿਆ ਹੋਇਆ ਤੱਥ÷ ਹੈ ਕਿ ਉੱਤਰਦਾਤਾ-ਮੁਲਾਜ਼ਮ ਅਪੀਲਕਰਤਾ-ਸਥਾਨਕ ਸੰਸਥਾਵਾਂ ਕੋਲ 30 ਸਾਲਾਂ ਤੋਂ ਵੱਧ ਸਮੇਂ ਤੋਂ ਕੰਮ ਕਰ ਰਹੇ ਹਨ। ਬੈਂਚ ਨੇ ਨੋਟ ਕੀਤਾ, ÷ਇੱਕ ਵਾਰ ਜਦੋਂ ਉਕਤ ਸੇਵਾ ਨੂੰ ਸਵੀਕਾਰ ਕਰ ਲਿਆ ਜਾਂਦਾ ਹੈ, ਤਾਂ ਪੱਕਾ ਕਰਨ ਦਾ ਦਾਅਵਾ ਮਾਣਯੋਗ ਸੁਪਰੀਮ ਕੋਰਟ ਦੇ ਫ਼ੈਸਲਿਆਂ ਅਨੁਸਾਰ ਬਣਦਾ ਹੈ...÷

ਇਸ ਦੇ ਨਾਲ ਹੀ ਬੈਂਚ ਨੇ ਅਪੀਲਕਰਤਾਵਾਂ ਦੀ ਇਸ ਦਲੀਲ ਦਾ ਵੀ ਨੋਟਿਸ ਲਿਆ ਕਿ ਸਿੰਗਲ ਜੱਜ ਨੇ ਇਸ ਗੱਲ ਦੀ ਜਾਂਚ ਕੀਤੇ ਬਿਨਾਂ ਹੀ ਆਪਣੇ-ਆਪ (ਡੀਮਡ) ਪੱਕਾ ਕਰਨ ਦੇ ਹੁਕਮ ਦੇ ਦਿੱਤੇ ਕਿ ਕੀ ਸਬੰਧਤ ਉੱਤਰਦਾਤਾ-ਮੁਲਾਜ਼ਮਾਂ ਦਾ ਸੇਵਾ ਰਿਕਾਰਡ ਪੱਕਾ ਕੀਤੇ ਜਾਣ ਦੇ ਯੋਗ ਹੈ ਜਾਂ ਨਹੀਂ ਬੈਂਚ ਨੇ ਦਰਜ ਕੀਤਾ: ÷ਸਿੰਗਲ ਜੱਜ ਵੱਲੋਂ ਇਹ ਦੇਖੇ ਬਿਨਾਂ ਹੀ ਸੇਵਾਵਾਂ ਨੂੰ ਪੱਕਾ ਕਰ ਦਿੱਤਾ ਗਿਆ ਕਿ ਕਿਸੇ ਵੀ ਉੱਤਰਦਾਤਾ ਦਾ ਰਿਕਾਰਡ ਪੱਕਾ ਕਰਨ ਯੋਗ ਹੈ ਜਾਂ ਨਹੀਂ।÷

ਇਸ ਦਲੀਲ ਨੂੰ ਸਵੀਕਾਰ ਕਰਦਿਆਂ ਬੈਂਚ ਨੇ ਆਖਿਆ: ÷ਇਹ ਦਲੀਲ ਮੰਨਣਯੋਗ ਹੈ ਕਿਉਂਕਿ ਤਿੰਨ ਦਹਾਕਿਆਂ ਦੀ ਸੇਵਾ ਨਿਭਾਉਣ ਵਾਲੇ ਮੁਲਾਜ਼ਮਾਂ ਦੀਆਂ ਸੇਵਾਵਾਂ ਕੇਵਲ ਤਾਂ ਹੀ ਪੱਕੀਆਂ ਕੀਤੀਆਂ ਜਾ ਸਕਦੀਆਂ ਹਨ ਜੇਕਰ ਸੇਵਾਕਾਲ ਦੌਰਾਨ ਅਜਿਹੇ ਮੁਲਾਜ਼ਮ ਦਾ ਕੰਮ ਅਤੇ ਆਚਰਣ ਚੰਗਾ ਰਿਹਾ ਹੋਵੇ।÷ ਅਪੀਲਕਰਤਾਵਾਂ ਵੱਲੋਂ ਵਕੀਲ ਸਮੀਰ ਸਚਦੇਵਾ, ਅਭਿਲਕਸ਼ ਗੈਂਦ, ਕੇ.ਐੱਸ. ਦਾਦਵਾਲ ਅਤੇ ਹਰਸ਼ ਅਗਰਵਾਲ ਪੇਸ਼ ਹੋਏ।

## ਹਰਿਆਣਾ ਦੇ ਗੈਂਗਸਟਰ ਨੇ ਕੰਬੋਡੀਆ ’ਚ ਇੰਜ ਖੜ੍ਹਾ ਕੀਤਾ ਆਪਣਾ ‘ਸਾਮਰਾਜ

**ਚੰਡੀਗੜ੍ਹ, 29 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਝੱਜਰ ਜ਼ਿਲ੍ਹੇ ਦੇ ਪਿੰਡ ਬਾਦਲੀ ਦੇ ਰਹਿਣ ਵਾਲੇ ਨਾਮੀ ਗੈਂਗਸਟਰ ਮੈਨਪਾਲ ਬਾਦਲੀ ਉਰਫ਼ ‘ਢਿੱਲਾ’ ਦੀ ਕਹਾਣੀ ਕਿਸੇ ਫਿਲਮੀ ਕਹਾਣੀ ਤੋਂ ਘੱਟ ਨਹੀਂ ਹੈ। ਜੁਲਾਈ 2018 ਵਿੱਚ ਹਿਸਾਰ ਸੈਂਟਰਲ ਜੇਲ੍ਹ ਤੋਂ ਛੇ ਹਫ਼ਤਿਆਂ ਦੀ ਪੈਰੋਲ ’ਤੇ ਬਾਹਰ ਆਇਆ ਇਹ ਉਮਰ ਕੈਦੀ ਫ਼ਰਾਰ ਹੋ ਗਿਆ ਸੀ।

ਪੁਲੀਸ ਰਿਕਾਰਡ ਅਨੁਸਾਰ ਉਸ ’ਤੇ ਕਤਲ, ਲੁੱਟ-ਖੋਹ ਅਤੇ ਡਕੈਤੀ ਵਰਗੇ 22 ਤੋਂ ਵਧੇਰੇ ਗੰਭੀਰ ਮਾਮਲੇ ਦਰਜ ਹਨ, ਜਿਨ੍ਹਾਂ ’ਚੋਂ 3 ਮਾਮਲਿਆਂ ’ਚ ਉਸ ਨੂੰ ਅਦਾਲਤ ਵੱਲੋਂ ਸਜ਼ਾ ਵੀ ਸੁਣਾਈ ਜਾ ਚੁੱਕੀ ਸੀ।

ਪੈਰੋਲ ਮਿਲਣ ਤੋਂ ਬਾਅਦ 29 ਅਗਸਤ 2018 ਨੂੰ ਉਸ ਨੇ ਜੇਲ੍ਹ ਵਾਪਸ ਸਮਰਪਣ ਕਰਨਾ ਸੀ, ਪਰ ਉਹ ਫ਼ਰਾਰ ਹੋ ਗਿਆ। ਹਰਿਆਣਾ ਪੁਲੀਸ ਨੇ ਉਸ ’ਤੇ 5 ਲੱਖ ਰੁਪਏ ਦਾ ਇਨਾਮ ਐਲਾਨਿਆ। ਇਸ ਦੌਰਾਨ ਮੈਨਪਾਲ ਨੇ ਗੁਰੂਗ੍ਰਾਮ ਦੇ ਫਰਜ਼ੀ ਪਤੇ ’ਤੇ ਸੋਨੂ ਕੁਮਾਰ ਦੇ ਨਾਂ ’ਤੇ ਫਰਜ਼ੀ ਪਾਸਪੋਰਟ ਬਣਵਾ ਲਿਆ।

ਜੁਲਾਈ 2019 ਵਿੱਚ ਉਹ ਕੋਲਕਾਤਾ ਹਵਾਈ ਅੱਡੇ ਤੋਂ ਬੈਂਕਾਕ ਭੱਜ ਗਿਆ, ਜਿੱਥੋਂ ਕੁਝ ਦਿਨ ਠਹਿਰਨ ਤੋਂ ਬਾਅਦ ਉਹ ਗੁਆਂਢੀ ਦੇਸ਼ ਕੰਬੋਡੀਆ ਵਿੱਚ ਜਾ ਛੁਪਿਆ।

ਕੰਬੋਡੀਆ ਪਹੁੰਚ ਕੇ ਮੈਨਪਾਲ ਨੇ ਨਾ ਸਿਰਫ਼ ਆਪਣੀ ਪਛਾਣ ਲੁਕਾ ਕੇ ਰੱਖੀ, ਸਗੋਂ ਉੱਥੇ ਆਪਣਾ ਕਾਰੋਬਾਰੀ ਸਾਮਰਾਜ ਵੀ ਖੜ੍ਹਾ ਕਰ ਲਿਆ। ਸ਼ਹਿਰ ਵਿੱਚ ਉਸ ਨੇ ‘ਚੇਨ ਮੇਟਾ’ ਨਾਮਕ ਇੱਕ ਸਥਾਨਕ ਔਰਤ ਨਾਲ ਮਿਲ ਕੇ 10,000 ਡਾਲਰ ’ਚ ਘਰ ਖਰੀਦਿਆ ਅਤੇ ਬਾਅਦ ਵਿੱਚ ‘ਕੋਂਟੀਆਈ’ ਨਾਂ ਦਾ ਡਿਸਕੋ ਤੇ ‘ਅੰਗਕੋਰ’ ਨਾਂ ਦਾ ਰੈਸਟੋਰੈਂਟ ਖੋਲ੍ਹ ਲਿਆ। ਉੱਥੇ ਰਹਿੰਦਿਆਂ ਉਸ ਦੇ ਤਿੰਨ ਬੱਚੇ ਵੀ ਹੋਏ। ਹਾਲਾਂਕਿ, ਲਗਭਗ 6 ਸਾਲ ਫ਼ਰਾਰ ਰਹਿਣ ਤੋਂ ਬਾਅਦ ਜੁਲਾਈ 2025 ਵਿੱਚ ਜਦੋਂ ਉਹ ਕੰਬੋਡੀਆ ਵਿੱਚ ਆਪਣੇ ਵੀਜ਼ੇ ਦੀ ਨਵੀਨੀਕਰਨ ਕਰਵਾਉਣ ਗਿਆ ਤਾਂ ਉਸ ਦੀ ਅਸਲ ਪਛਾਣ ਦਾ ਖੁਲਾਸਾ ਹੋ ਗਿਆ।

## ਬਾ.ਗਬਾਨੀ .ਫਸਲਾਂ ਦੀ ਖੇਤੀ ਲਈ ਕਿਸਾਨਾਂ ਨੂੰ ਮਿਲੇਗੀ ਗ੍ਰਾਂਟ

**ਚੰਡੀਗੜ੍ਹ, 29 ਸਤੰਬਰ**
**-ਮਨੋਜ ਵਰਮਾ-**

ਹਰਿਆਣਾ ਸਰਕਾਰ ਵੱਲੋਂ ਸੂਬੇ ਵਿੱਚ ਬਾਗ਼ਬਾਨੀ ਨੂੰ ਉਤਸ਼ਾਹਿਤ ਕਰਨ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਦੇ ਉਦੇਸ਼ ਨਾਲ ’ਬਾਗ਼ਬਾਨੀ ਫ਼ਸਲਾਂ ਦੀ ਖੇਤੀ ਲਈ ਅਨੁਦਾਨ ਪ੍ਰਾਵਧਾਨ’ ਯੋਜਨਾ ਲਾਗੂ ਕੀਤੀ ਗਈ ਹੈ।

ਬਾਗ਼ਬਾਨੀ ਵਿਭਾਗ ਹਰਿਆਣਾ ਦੇ ਇੱਕ ਬੁਲਾਰੇ ਨੇ ਇਸ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਕਾਰ ਸੂਬੇ ਦੇ ਕਿਸਾਨਾਂ ਨੂੰ ਫ਼ਲ, ਸਬਜ਼ੀਆਂ, ਫੁੱਲ, ਮਸਾਲੇ ਅਤੇ ਖੁਸ਼ਬੂਦਾਰ ਪੌਦਿਆਂ ਦੀ ਖੇਤੀ ਕਰਨ ’ਤੇ ਭਾਰੀ ਸਬਸਿਡੀ ਪ੍ਰਦਾਨ ਕਰ ਰਹੀ ਹੈ। ਇਸ ਯੋਜਨਾ ਤਹਿਤ ਅਰਜ਼ੀ ਅਤੇ ਗ੍ਰਾਂਟ ਦੀ ਸੀਮਾ ਵੀ ਨਿਰਧਾਰਿਤ ਕੀਤੀ ਗਈ ਹੈ, ਜਿਸ ਅਨੁਸਾਰ ਫ਼ਲਾਂ ਦੇ ਨਵੇਂ ਬਾਗ਼ ਲਗਾਉਣ ਅਤੇ ਮਸਾਲਿਆਂ ਦੀ ਖੇਤੀ ’ਤੇ ਵੱਧ ਤੋਂ ਵੱਧ 5 ਏਕੜ ਤੱਕ ਦਾ ਲਾਭ ਲਿਆ ਜਾ ਸਕਦਾ ਹੈ। ਉੱਥੇ ਹੀ ਸਬਜ਼ੀਆਂ ਦੀ ਖੇਤੀ ਲਈ ਆਮ ਵਰਗ ਦੇ ਕਿਸਾਨ ਵੱਧ ਤੋਂ ਵੱਧ 5 ਏਕੜ ਅਤੇ ਅਨੁਸੂਚਿਤ ਵਰਗ ਦੇ ਕਿਸਾਨ 1 ਏਕੜ ਤੱਕ ਦਾ ਲਾਭ ਲੈ ਸਕਦੇ ਹਨ, ਜਦਕਿ ਫੁੱਲਾਂ ਅਤੇ ਖੁਸ਼ਬੂਦਾਰ ਪੌਦਿਆਂ ਦੀ ਖੇਤੀ ’ਤੇ ਇਹ ਸੀਮਾ 5 ਏਕੜ ਤੱਕ ਤੈਅ ਕੀਤੀ ਗਈ ਹੈ।

ਬੁਲਾਰੇ ਨੇ ਅੱਗੇ ਗ੍ਰਾਂਟ ਦੀ ਰਾਸ਼ੀ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਵੇਂ ਬਾਗ਼ ਲਗਾਉਣ ’ਤੇ ਕਿਸਾਨਾਂ ਨੂੰ ?24,500 ਤੋਂ ?1,40,000 ਪ੍ਰਤੀ ਏਕੜ ਤੱਕ ਦੀ ਗ੍ਰਾਂਟ ਦਿੱਤੀ ਜਾਂਵੇਗੀ। ਸਬਜ਼ੀਆਂ ਦੀ ਖੇਤੀ ਲਈ ਆਮ ਵਰਗ ਨੂੰ ?15,000 ਪ੍ਰਤੀ ਏਕੜ ਅਤੇ ਅਨੁਸੂਚਿਤ ਵਰਗ ਨੂੰ ?25,500 ਪ੍ਰਤੀ ਏਕੜ ਦੀ ਦਰ ਨਾਲ ਗ੍ਰਾਂਟ ਦਿੱਤੀ ਜਾਵੇਗੀ, ਜੋ ਕਿ ਮਲਚਿੰਗ, ਲੋਅ ਟਨਲ, ਡ੍ਰਿਪ ਜਾਂ ਬਾਂਸ ਦੀ ਸਟੇਕਿੰਗ ਵਰਗੇ ਏਕੀਕ੍ਰਿਤ ਮਾਡਲ ਅਪਣਾਉਣ ’ਤੇ ਹੀ ਦੇਣਯੋਗ ਹੋਵੇਗਾ। ਇਸੇ ਤਰ੍ਹਾਂ ਮਸਾਲਿਆਂ ਦੀ ਖੇਤੀ ’ਤੇ ?15,000 ਤੋਂ ?30,000 ਪ੍ਰਤੀ ਏਕੜ, ਫੁੱਲਾਂ ਦੀ ਖੇਤੀ ’ਤੇ ?8,000 ਤੋਂ ?40,000 ਪ੍ਰਤੀ ਏਕੜ ਅਤੇ ਖੁਸ਼ਬੂਦਾਰ ਪੌਦਿਆਂ ਦੀ ਖੇਤੀ ’ਤੇ ?8,000 ਪ੍ਰਤੀ ਏਕੜ ਗ੍ਰਾਂਟ ਦਾ ਪ੍ਰਬੰਧ ਕੀਤਾ ਗਿਆ ਹੈ। ਪਾਰਦਰਸ਼ਤਾ ਯਕੀਨੀ ਬਣਾਉਣ ਲਈ ਗ੍ਰਾਂਟ ਦੀ ਇਹ ਪੂਰੀ ਰਾਸ਼ੀ ਸਿੱਧੀ ਲਾਭਪਾਤਰੀ ਕਿਸਾਨ ਦੇ ਬੈਂਕ ਖ਼ਾਤੇ ਵਿੱਚ ਟਰਾਂਸਫਰ ਕੀਤੀ ਜਾਵੇਗੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਯੋਜਨਾ ਦਾ ਲਾਭ ਲੈਣ ਲਈ ’ਮੇਰੀ ਫ਼ਸਲ-ਮੇਰਾ ਬਿਓਰਾ’ ਪੋਰਟਲ ਅਤੇ ’ਹੌਰਟਨੈਟ’ ’ਤੇ ਰਜਿਸਟ੍ਰੇਸ਼ਨ ਹੋਣਾ ਲਾਜ਼ਮੀ ਹੈ। ਇਸ ਦੇ ਨਾਲ ਹੀ ਬਿਨੈਕਾਰਾਂ ਕੋਲ ਨਿੱਜੀ ਵੇਰਵੇ, ਪਰਿਵਾਰ ਪਹਿਚਾਣ-ਪੱਤਰ, ਬੈਂਕ ਖ਼ਾਤੇ ਦਾ ਪੂਰਾ ਵੇਰਵਾ (ਖ਼ਾਤਾ ਨੰਬਰ, ਬੈਂਕ ਨਾਮ, ਸ਼ਾਖਾ ਅਤੇ ਆਈ.ਐਫ.ਐਸ.ਸੀ. ਕੋਡ) ਅਤੇ ਲੋੜ ਪੈਣ ’ਤੇ ਅਨੁਸੂਚਿਤ ਵਰਗ ਦਾ ਸਰਟੀਫਿਕੇਟ ਹੋਣਾ ਜ਼ਰੂਰੀ ਹੈ।

ਉਨ੍ਹਾਂ ਨੇ ਸੂਬੇ ਦੇ ਸਾਰੇ ਇੱਛੁਕ ਕਿਸਾਨਾਂ ਨੂੰ ਇਸ ਯੋਜਨਾ ਦਾ ਵੱਧ ਤੋਂ ਵੱਧ ਲਾਭ ਚੁੱਕਣ ਦੀ ਅਪੀਲ ਕਰਦਿਆਂ ਕਿਹਾ ਕਿ ਵਿਸਥਾਰਪੂਰਵਕ ਜਾਣਕਾਰੀ ਲਈ ਕਿਸਾਨ ਆਪਣੇ ਸਬੰਧਤ ਜ਼ਿਲ੍ਹਾ ਬਾਗ਼ਬਾਨੀ ਅਧਿਕਾਰੀ ਨਾਲ ਸੰਪਰਕ ਕਰ ਸਕਦੇ ਹਨ ਜਾਂ ਫਿਰ ਟੋਲ-ਫ੍ਰੀ ਨੰਬਰ 1800-180-2021 ’ਤੇ ਕਾਲ ਕਰ ਸਕਦੇ ਹਨ। ਇਸ ਤੋਂ ਇਲਾਵਾ ਵਿਭਾਗੀ ਵੈਬਸਾਈਟ ਜਾਂ ਈ-ਮੇਲ ਰਾਹੀਂ ਵੀ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ ਹੈ।

## 200 ਫੁੱਟ ਡੂੰਘੇ ਬੋਰਵੈੱਲ ਚੋਂ ਕੱਢੀ ਗਈ ਤਿੰਨ ਸਾਲਾ ਬੱਚੀ ਦੀ ਮੌਤ



**ਫਰੀਦਾਬਾਦ, 29 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਫ਼ਰੀਦਾਬਾਦ ਦੇ ਸੀਹੀ ਪਿੰਡ ਵਿੱਚ ਐਤਵਾਰ ਸ਼ਾਮ ਨੂੰ ਖੇਡਦੇ ਸਮੇਂ 200 ਫੁੱਟ ਡੂੰਘੇ ਖੁੱਲ੍ਹੇ ਬੋਰਵੈੱਲ ਵਿੱਚ ਡਿੱਗੀ ਤਿੰਨ ਸਾਲਾ ਬੱਚੀ ਦੀ ਮੌਤ ਹੋ ਗਈ।

ਲੜਕੀ ਨੂੰ ਲਗਭਗ 10 ਘੰਟੇ ਚੱਲੇ ਬਚਾਅ ਕਾਰਜ ਤੋਂ ਬਾਅਦ ਸਵੇਰੇ ਕਰੀਬ 4 ਵਜੇ ਬੋਰਵੈੱਲ ਵਿੱਚੋਂ ਬਾਹਰ ਕੱਢ ਕੇ ਤੁਰੰਤ ਇੱਕ ਨਿੱਜੀ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ।

ਇੱਕ ਸੀਨੀਅਰ ਪੁਲੀਸ ਅਧਿਕਾਰੀ ਨੇ ਕਿਹਾ ਕਿ ਲਾਸ਼ ਨੂੰ ਪੋਸਟਮਾਰਟਮ ਲਈ ਮੁਰਦਾਘਰ ਵਿੱਚ ਰੱਖਿਆ ਗਿਆ ਹੈ।

ਲੜਕੀ ਨੂੰ ਬਚਾਉਣ ਲਈ ਹਰਿਆਣਾ ਪੁਲੀਸ, ਸਟੇਟ ਡਿਜ਼ਾਸਟਰ ਰਿਸਪਾਂਸ ਫੋਰਸ, ਨੈਸ਼ਨਲ ਡਿਜ਼ਾਸਟਰ ਰਿਸਪਾਂਸ ਫੋਰਸ, ਨਗਰ ਨਿਗਮ ਅਤੇ ਸਿਹਤ ਵਿਭਾਗ ਦੀਆਂ ਟੀਮਾਂ ਨੇ ਘਟਨਾ ਵਾਲੀ ਥਾਂ ’ਤੇ ਲਗਾਤਾਰ ਅਪਰੇਸ਼ਨ ਚਲਾਇਆ।

ਨੈਸ਼ਨਲ ਡਿਜ਼ਾਸਟਰ ਰਿਸਪਾਂਸ ਫੋਰਸ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ ਟੀਮ ਨੂੰ ਐਤਵਾਰ ਰਾਤ ਕਰੀਬ 8 ਵਜੇ ਇਸ ਘਟਨਾ ਬਾਰੇ ਸੂਚਨਾ ਮਿਲੀ ਸੀ ਅਤੇ ਉਹ ਰਾਤ ਕਰੀਬ 9 ਵਜੇ ਗਾਜ਼ੀਆਬਾਦ ਤੋਂ ਘਟਨਾ ਵਾਲੀ ਥਾਂ ’ਤੇ ਪਹੁੰਚੀ। ਉਦੋਂ ਤੱਕ ਹੋਰ ਵਿਭਾਗਾਂ ਦੀਆਂ ਟੀਮਾਂ ਪਹਿਲਾਂ ਹੀ ਬਚਾਅ ਕਾਰਜ ਵਿੱਚ ਜੁਟੀਆਂ ਹੋਈਆਂ ਸਨ।

ਐੱਸ ਡੀ ਆਰ ਐੱਫ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਹ ਬੋਰਵੈੱਲ ਕਈ ਸਾਲਾਂ ਤੋਂ ਬੰਦ ਪਿਆ ਸੀ ਅਤੇ 125 ਫੁੱਟ ਦੀ ਡੂੰਘਾਈ ’ਤੇ ਪਾਣੀ ਮੌਜੂਦ ਸੀ, ਜਿਸ ਕਾਰਨ ਬਚਾਅ ਕਾਰਜ ਵਿੱਚ ਭਾਰੀ ਰੁਕਾਵਟ ਆਈ। ਬੱਚੀ ਲਗਭਗ 200 ਫੁੱਟ ਦੀ ਡੂੰਘਾਈ ’ਤੇ ਪੁੱਠੀ ਫਸੀ ਹੋਈ ਸੀ। ਕਾਫ਼ੀ ਮੁਸ਼ੱਕਤ ਤੋਂ ਬਾਅਦ ਬਚਾਅ ਕਰਮਚਾਰੀ ਉਸ ਨੂੰ ਲੱਤਾਂ ਤੋਂ ਫੜ ਕੇ ਬਾਹਰ ਕੱਢਣ ਵਿੱਚ ਕਾਮਯਾਬ ਹੋ ਗਏ, ਪਰ ਉਹ ਕੋਈ ਹਿਲਜੁਲ ਨਹੀਂ ਕਰ ਰਹੀ ਸੀ। ਇਸ ਘਟਨਾ ਕਾਰਨ ਸੈਕਟਰ 8 ਦੇ ਵਸਨੀਕਾਂ ਨੇ ਦੋਸ਼ ਲਾਇਆ ਕਿ ਜੇਕਰ ਬੋਰਵੈੱਲ ਨੂੰ ਸੁਰੱਖਿਅਤ ਢੰਗ ਨਾਲ ਬੰਦ ਕੀਤਾ ਗਿਆ ਹੁੰਦਾ ਤਾਂ ਇਸ ਹਾਦਸੇ ਨੂੰ ਟਾਲਿਆ ਜਾ ਸਕਦਾ ਸੀ।

## ਹਰਿਆਣਾ ਦੇ ਪੇਂਡੂ ਖੇਤਰ ਵਿੱਚ ਸਿਹਤ ਸਹੂਲਤਾਂ ਦਾ ਹੋਵੇਗਾ ਵਿਸਤਾਰ - 2 ਨਵੇਂ ਸਿਹਤ ਕੇਂਦਰ ਖੁੱਲ੍ਹਣਗੇ, 2 ਦਾ ਹੋਇਆ ਅਪਗ੍ਰੇਡੇਸ਼ਨ

**ਚੰਡੀਗੜ੍ਹ, 29 ਸਤੰਬਰ**
**-ਹਰਮਨਪ੍ਰੀਤ ਕੌਰ-**

ਹਰਿਆਣਾ ਸਰਕਾਰ ਰਾਜ ਦੇ ਪੇਂਡੂ ਖੇਤਰਾਂ ਵਿੱਚ ਸਿਹਤ ਸੇਵਾਵਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਅਤੇ ਆਧੁਨਿਕ ਬਣਾਉਣ ਲਈ ਲਗਾਤਾਰ ਯਤਨਸ਼ੀਲ ਹੈ। ਇਸੇ ਦਿਸ਼ਾ ਵਿੱਚ ਇੱਕ ਵੱਡਾ ਕਦਮ ਚੁੱਕਦਿਆਂ ਰਾਜ ਸਰਕਾਰ ਨੇ ਦੋ ਮੌਜੂਦਾ ਸਰਕਾਰੀ ਸਿਹਤ ਸੰਸਥਾਵਾਂ ਨੂੰ ਅਪਗ੍ਰੇਡ ਕਰਨ ਅਤੇ ਦੋ ਨਵੀਆਂ ਸਿਹਤ ਸੰਸਥਾਵਾਂ ਸਥਾਪਿਤ ਕਰਨ ਦੀ ਸਿਧਾਂਤਕ ਪ੍ਰਵਾਨਗੀ ਦਿੱਤੀ ਹੈ।

ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਇਸ ਫੈਸਲੇ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਆਮ ਜਨਤਾ ਨੂੰ ਉਨ੍ਹਾਂ ਦੇ ਘਰ ਦੇ ਨੇੜੇ ਹੀ ਬਿਹਤਰ ਅਤੇ ਸੁਲਭ ਡਾਕਟਰੀ ਸਹੂਲਤਾਂ ਉਪਲਬਧ ਕਰਵਾਉਣ ਦੇ ਉਦੇਸ਼ ਨਾਲ ਇਹਨਾਂ ਅਹਿਮ ਪ੍ਰਸਤਾਵਾਂ ਨੂੰ ਆਪਣੀ ਮਨਜ਼ੂਰੀ ਦਿੱਤੀ ਹੈ।

ਇਸ ਫੈਸਲੇ ਤਹਿਤ ਫਰੀਦਾਬਾਦ ਜ਼ਿਲ੍ਹੇ ਦੇ ਪੇਂਡੂ ਅਤੇ ਸ਼ਹਿਰੀ ਸਰਹੱਦੀ ਖੇਤਰਾਂ ਨੂੰ ਵੱਡੀ ਰਾਹਤ ਮਿਲੇਗੀ। ਫਰੀਦਾਬਾਦ ਦੇ ਪਿੰਡ ਮੰਝਾਵਲੀ ਸਥਿਤ ਸਬ-ਹੈਲਥ ਸੈਂਟਰ ਨੂੰ ਹੁਣ ਪ੍ਰਾਇਮਰੀ ਹੈਲਥ ਸੈਂਟਰ ਵਜੋਂ ਅਪਗ੍ਰੇਡ ਕੀਤਾ ਜਾਵੇਗਾ। ਉੱਥੇ ਹੀ, ਪਿੰਡ ਪੱਲਾ ਸਿਹਤਪੁਰ ਸਥਿਤ ਪ੍ਰਾਇਮਰੀ ਸਿਹਤ ਕੇਂਦਰ ਦਾ ਦਰਜਾ ਵਧਾ ਕੇ ਉਸ ਨੂੰ 50 ਬੈੱਡਾਂ ਦੀ ਸਮਰੱਥਾ ਵਾਲੇ ਆਧੁਨਿਕ ਅਰਬਨ ਕਮਿਊਨਿਟੀ ਹੈਲਥ ਸੈਂਟਰ ਵਜੋਂ ਵਿਕਸਤ ਕੀਤਾ ਜਾਵੇਗਾ, ਜਿਸ ਨਾਲ ਸਥਾਨਕ ਲੋਕਾਂ ਨੂੰ ਐਮਰਜੈਂਸੀ ਅਤੇ ਵਿਸ਼ੇਸ਼ ਡਾਕਟਰੀ ਸੇਵਾਵਾਂ ਲਈ ਦੂਰ-ਦੁਰਾਡੇ ਦੇ ਵੱਡੇ ਹਸਪਤਾਲਾਂ ਦੇ ਚੱਕਰ ਨਹੀਂ ਕੱਟਣੇ ਪੈਣਗੇ। ਇਸ ਤੋਂ ਇਲਾਵਾ, ਝੱਜਰ ਜ਼ਿਲ੍ਹੇ ਦੇ ਪਿੰਡ ਬੁਪੇਨੀਆ ਵਿੱਚ ਇੱਕ ਨਵਾਂ ਪ੍ਰਾਇਮਰੀ ਸਿਹਤ ਕੇਂਦਰ ਖੋਲ੍ਹਣ ਅਤੇ ਸਿਰਸਾ ਜ਼ਿਲ੍ਹੇ ਦੇ ਪਿੰਡ ਅਰਨੀਆਂਵਾਲੀ ਵਿੱਚ ਨਵਾਂ ਸਬ-ਹੈਲਥ ਸੈਂਟਰ ਸਥਾਪਿਤ ਕਰਨ ਦੀ ਪ੍ਰਵਾਨਗੀ ਦਿੱਤੀ ਗਈ ਹੈ।

ਸਿਹਤ ਮੰਤਰੀ ਨੇ ਕਿਹਾ ਕਿ ਰਾਜ ਸਰਕਾਰ ਦੀ ਸਰਵਉੱਚ ਪਹਿਲ ਰਾਜ ਦੇ ਅੰਤਿਮ ਵਿਅਕਤੀ ਤੱਕ ਗੁਣਵੱਤਾਪੂਰਨ ਸਿਹਤ ਸੇਵਾਵਾਂ ਪਹੁੰਚਾਉਣਾ ਹੈ। ਪ੍ਰਾਇਮਰੀ ਅਤੇ ਕਮਿਊਨਿਟੀ ਸਿਹਤ ਕੇਂਦਰਾਂ ਦੇ ਇਸ ਨਵੇਂ ਵਿਸਤਾਰ ਨਾਲ ਆਲੇ-ਦੁਆਲੇ ਦੇ ਦਰਜਨਾਂ ਪਿੰਡਾਂ ਦੇ ਨਿਵਾਸੀਆਂ, ਔਰਤਾਂ ਅਤੇ ਬੱਚਿਆਂ ਨੂੰ ਮੁੱਢਲਾ ਇਲਾਜ, ਜ਼ਰੂਰੀ ਦਵਾਈਆਂ ਅਤੇ ਨਿਯਮਤ ਸਿਹਤ ਜਾਂਚ ਦੀਆਂ ਸਹੂਲਤਾਂ ਆਪਣੇ ਨੇੜੇ ਹੀ ਮਿਲ ਸਕਣਗੀਆਂ। ਇਸ ਨਾਲ ਨਾ ਕੇਵਲ ਪੇਂਡੂ ਖੇਤਰ ਵਿੱਚ ਸਿਹਤ ਸੇਵਾਵਾਂ ਦੀ ਗੁਣਵੱਤਾ ਵਿੱਚ ਸੁਧਾਰ ਹੋਵੇਗਾ, ਸਗੋਂ ਵੱਡੇ ਜ਼ਿਲ੍ਹਾ ਪੱਧਰੀ ਹਸਪਤਾਲਾਂ ’ਤੇ ਮਰੀਜ਼ਾਂ ਦਾ ਅੱਤਿਆਧਿਕ ਦਬਾਅ ਵੀ ਘੱਟ ਹੋ ਸਕੇਗਾ।

## ਤੀਜੀ ਮੰਜ਼ਿਲ ਦਾ ਲੈਂਟਰ ਪਾਉਂਦਿਆਂ ਡਿੱਗੀ ਨਿਰਮਾਣ ਅਧੀਨ ਇਮਾਰਤ, 4 ਮਜ਼ਦੂਰਾਂ ਦੀ ਮੌਤ

**ਅੰਬਾਲਾ, 29 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਿੰਡ ਧੂਲਕੋਟ( ਅੰਬਾਲਾ)ਵਿੱਚ ਬੀਤੀ ਦੇਰ ਸ਼ਾਮ ਉਸ ਵੇਲੇ ਵੱਡਾ ਹਾਦਸਾ ਵਾਪਰ ਗਿਆ ਜਦੋਂ ਤਿੰਨ ਮੰਜ਼ਿਲਾ ਨਿਰਮਾਣ ਅਧੀਨ ਇਮਾਰਤ ਦੀ ਤੀਜੀ ਮੰਜ਼ਿਲ ਦਾ ਲੈਂਟਰ ਪਾਉਣ ਦੌਰਾਨ ਪੂਰੀ ਇਮਾਰਤ ਹੀ ਡਗ ਮਗਾ ਕੇ ਡਿੱਗ ਗਈ। ਹਾਦਸੇ ਵਿੱਚ 6 ਮਜ਼ਦੂਰਾਂ ਦੀ ਮੌਤ ਹੋ ਗਈ ਹੈ, ਜਦਕਿ ਕਈ ਹੋਰ ਜ਼ਖ਼ਮੀ ਹੋ ਗਏ। ਘਟਨਾ ਸਮੇਂ ਇਮਾਰਤ ਵਿੱਚ ਕਰੀਬ 40 ਤੋਂ 50 ਮਜ਼ਦੂਰ ਕੰਮ ਕਰ ਰਹੇ ਸਨ।

ਹਾਦਸੇ ਦੀ ਸੂਚਨਾ ਮਿਲਦੇ ਹੀ ਪੁਲੀਸ ਅਤੇ ਪ੍ਰਸ਼ਾਸਨ ਦੇ ਉੱਚ ਅਧਿਕਾਰੀ ਰਾਹਤ ਤੇ ਬਚਾਅ ਟੀਮਾਂ ਸਮੇਤ ਮੌਕੇ ’ਤੇ ਪਹੁੰਚ ਗਏ। ਜੇਸੀਬੀ ਅਤੇ ਹੋਰ ਮਸ਼ੀਨਾਂ ਦੀ ਮਦਦ ਨਾਲ ਮਲਬਾ ਹਟਾਉਣ ਦਾ ਕੰਮ ਜੰਗੀ ਪੱਧਰ ’ਤੇ ਜਾਰੀ ਹੈ। ਅਧਿਕਾਰੀਆਂ ਦੀ ਮੁੱਖ ਤਰਜੀਹ ਮਲਬੇ ਹੇਠ ਫਸੇ ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਣਾ ਅਤੇ ਜ਼ਖ਼ਮੀਆਂ ਨੂੰ ਤੁਰੰਤ ਡਾਕਟਰੀ ਸਹਾਇਤਾ ਮੁਹੱਈਆ ਕਰਵਾਉਣਾ ਹੈ।



ਮ੍ਰਿਤਕਾਂ ਦੀ ਪਛਾਣ ਰਾਜਿੰਦਰ ਕੁਮਾਰ (ਉਮਰ 50 ਸਾਲ) ਵਾਸੀ ਪਿੰਡ ਸੌਂਡਾਂ (ਜ਼ਿਲ੍ਹਾ ਅੰਬਾਲਾ), ਕਾਲੀਆ ਰਾਮ (ਉਮਰ 48 ਸਾਲ) ਵਾਸੀ ਬਾਰਾਬੰਕੀ (ਉੱਤਰ ਪ੍ਰਦੇਸ਼, ਹਾਲ ਨਿਵਾਸੀ ਪਿੰਡ ਮੰਡੌਰ, ਜ਼ਿਲ੍ਹਾ ਅੰਬਾਲਾ), ਸ਼ਾਸਤਰੀ ਰਾਮ (ਉਮਰ 50 ਸਾਲ) ਵਾਸੀ ਬਹਿਰਾਈਚ (ਉੱਤਰ ਪ੍ਰਦੇਸ਼, ਹਾਲ ਨਿਵਾਸੀ ਪਿੰਡ ਗਰਨਾਲਾ, ਜ਼ਿਲ੍ਹਾ ਅੰਬਾਲਾ), ਰੂਪ ਸਿੰਘ (ਉਮਰ 55 ਸਾਲ) ਵਾਸੀ ਪਿੰਡ ਡੰਗਡੇਹਰਾ (ਨੇੜੇ ਲਾਲੜੂ, ਪੰਜਾਬ), ਮਲਕੀਤ ਸਿੰਘ (ਵਾਸੀ ਪੰਜਾਬ) ਅਤੇ ਰਾਮਜੀ ਦਾਸ (ਵਾਸੀ ਅੰਬਾਲਾ) ਵਜੋਂ ਹੋਈ ਹੈ।

ਸਥਾਨਕ ਲੋਕਾਂ ਅਤੇ ਡਾਇਲ 112 ਦੀਆਂ ਟੀਮਾਂ ਨੇ ਤੁਰੰਤ ਰਾਹਤ ਕਾਰਜ ਸ਼ੁਰੂ ਕਰਦਿਆਂ ਮਲਬੇ ਵਿੱਚੋਂ ਕੱਢ ਕੇ 10 ਜ਼ਖ਼ਮੀ ਮਜ਼ਦੂਰਾਂ ਨੂੰ ਸਿਵਲ ਹਸਪਤਾਲ, ਅੰਬਾਲਾ ਸ਼ਹਿਰ ਪਹੁੰਚਾਇਆ। ਇਨ੍ਹਾਂ ਵਿੱਚ ਫੂਲਨ ਕੁਮਾਰ (27), ਅਸ਼ੋਕ ਕੁਮਾਰ (50), ਵੇਦ ਪ੍ਰਕਾਸ਼ (53), ਬ੍ਰਿਜੇਸ਼ (22), ਰੁਪੇਸ਼ (28), ਰਾਜੇਸ਼ (40), ਮੰਤੋਸ਼ ਸਿੰਘ (42), ਰਾਮਗੋਪਾਲ (28) ਅਤੇ ਰਾਜੇਸ਼ (25) ਸਮੇਤ ਹੋਰ ਸ਼ਾਮਲ ਹਨ। ਹਸਪਤਾਲ ਵਿੱਚ ਜ਼ਖ਼ਮੀਆਂ ਦਾ ਡਾਕਟਰਾਂ ਦੀ ਨਿਗਰਾਨੀ ਹੇਠ ਇਲਾਜ ਚੱਲ ਰਿਹਾ ਹੈ।

ਦੱਸਿਆ ਜਾ ਰਿਹਾ ਹੈ ਕਿ ਸ਼ਹਿਰ ਦੇ ਇੱਕ ਨਾਮੀ ਪ੍ਰਾਪਰਟੀ ਡੀਲਰ ਵੱਲੋਂ ਇੱਥੇ ਤਿੰਨ ਮੰਜ਼ਿਲਾ ਇਮਾਰਤ ਦਾ ਨਿਰਮਾਣ ਕਰਵਾਇਆ ਜਾ ਰਿਹਾ ਸੀ। ਸਥਾਨਕ ਲੋਕਾਂ ਅਨੁਸਾਰ ਇੱਥੇ ਗੋਦਾਮ ਬਣਾਉਣ ਦਾ ਕੰਮ ਚੱਲ ਰਿਹਾ ਸੀ। ਹਾਲਾਂਕਿ ਇਮਾਰਤ ਦਾ ਨਿਰਮਾਣ ਅਧਿਕਾਰਤ ਮਨਜ਼ੂਰੀ ਨਾਲ ਹੋ ਰਿਹਾ ਸੀ ਜਾਂ ਨਹੀਂ, ਇਸ ਸਬੰਧੀ ਅਧਿਕਾਰੀਆਂ ਵੱਲੋਂ ਜਾਂਚ ਕੀਤੀ ਜਾਵੇਗੀ।ਹਾਦਸੇ ਤੋਂ ਬਾਅਦ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ। ਪੁਲੀਸ, ਪ੍ਰਸ਼ਾਸਨ ਅਤੇ ਬਚਾਅ ਟੀਮਾਂ ਵੱਲੋਂ ਮਲਬਾ ਹਟਾਉਣ ਦਾ ਕੰਮ ਲਗਾਤਾਰ ਜਾਰੀ ਹੈ। ਅਧਿਕਾਰੀਆਂ ਮੁਤਾਬਕ ਰਾਹਤ ਤੇ ਬਚਾਅ ਕਾਰਜ ਪੂਰੇ ਹੋਣ ਤੋਂ ਬਾਅਦ ਇਮਾਰਤ ਡਿੱਗਣ ਦੇ ਅਸਲ ਕਾਰਨਾਂ ਦੀ ਜਾਂਚ ਕੀਤੀ ਜਾਵੇਗੀ।

## ਮੋਟਰਾਂ ਦੀਆਂ ਤਾਰਾਂ ਚੋਰੀ ਕਰਨ ਵਾਲਾ ਗਰੋਹ ਕਾਬੂ



**ਯਮੁਨਾਨਗਰ, 29 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੁਲੀਸ ਦੀ ਕ੍ਰਾਈਮ ਬ੍ਰਾਂਚ-1 ਟੀਮ ਨੇ ਖੇਤਾਂ ਵਿੱਚੋਂ ਮੋਟਰਾਂ ਚੋਰੀ ਕਰਨ ਵਾਲੇ ਗਰੋਹ ਦੇ ਚਾਰ ਮੈਂਬਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲੀਸ ਦੇ ਬੁਲਾਰੇ ਨੇ ਦੱਸਿਆ ਕਿ ਪੁਲੀਸ ਸੁਪਰਡੈਂਟ ਕਮਲਦੀਪ ਗੋਇਲ ਨੇ ਜ਼ਿਲ੍ਹਾ ਪੁਲੀਸ ਨੂੰ ਅਪਰਾਧੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਨ੍ਹਾਂ ਹੁਕਮਾਂ ਦੀ ਪਾਲਣਾ ਕਰਦਿਆਂ ਕ੍ਰਾਈਮ ਬ੍ਰਾਂਚ-1 ਦੀ ਟੀਮ ਨੇ ਗੈਂਗ ਦੇ ਚਾਰ ਮੈਂਬਰਾਂ ਨੂੰ ਗ੍ਰਿਫ਼ਤਾਰ ਕਰ ਲਿਆ। ਇੰਚਾਰਜ ਰਾਜਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਟੀਮ ਨੂੰ ਸੂਚਨਾ ਮਿਲੀ ਸੀ ਕਿ ਚਾਰ ਵਿਅਕਤੀ ਕਲਾਨੌਰ ਸਰਹੱਦ ਨੇੜੇ ਘੁੰਮ ਰਹੇ ਸਨ ਅਤੇ ਕਿਸੇ ਅਪਰਾਧ ਨੂੰ ਅੰਜਾਮ ਦੇਣ ਲਈ ਮੌਕੇ ਦੀ ਭਾਲ ਵਿੱਚ ਸਨ। ਸੂਚਨਾ ਦੇ ਆਧਾਰ ’ਤੇ ਏ ਐੱਸ ਆਈ ਆਜ਼ਾਦ ਸਿੰਘ, ਏ ਐੱਸ ਆਈ ਅਮਰਜੀਤ ਸਿੰਘ, ਮਨੀਸ਼ ਕੁਮਾਰ, ਸੁਸ਼ੀਲ, ਬ੍ਰਿਜਪਾਲ ਅਤੇ ਕਮਲ ਦੀ ਇੱਕ ਟੀਮ ਬਣਾਈ ਗਈ। ਟੀਮ ਨੇ ਮੌਕੇ ’ਤੇ ਪਹੁੰਚ ਕੇ ਚਾਰਾਂ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰ ਲਿਆ। ਉਨ੍ਹਾਂ ਦੀ ਪਛਾਣ ਜਸਪਾਲ ਵਾਸੀ ਪਿੰਡ ਸ਼ੀਤਲਪੁਰ, ਜ਼ਿਲ੍ਹਾ ਸਹਾਰਨਪੁਰ, ਰਾਜੂ ਵਾਸੀ ਪਿੰਡ ਸੋਨ ਚਿੱੜਾ, ਇੰਦਰ ਸੇਨ ਵਾਸੀ ਪਿੰਡ ਗਲੌਰਾ ਅਤੇ ਧਰਮਪਾਲ ਉਰਫ਼ ਮਿੱਠੂ ਵਾਸੀ ਨਿਊ ਸ਼ਾਰਦਾ ਨਗਰ, ਯੂਪੀ ਵਜੋਂ ਹੋਈ ਹੈ।





